31-DEC-PAGE-1.qxd 12/30/2024 9:29 PM Page 1

ਮੰਗਲਵਾਰ, 31 ਦਸੰਬਰ, 2024
17 ਪੋਹ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 211

ਨਵਾਂ ਜ਼ਮਾਨਾ

DAILY NAWAN ZAMANA • TUESDAY, 31 DECEMBER, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਪੰਜਾਬ ਵੱਲੋਂ ਕੇਂਦਰ ਖ਼ਿਲਾਫ਼ ਵਿਆਪਕ ਰੋਹ ਦਾ ਮੁਜ਼ਾਹਰਾ

ਚੰਡੀਗੜ੍ਹ : ਸੰਯੁਕਤ ਕਿਸਾਨ ਮੋਰਚਾ (ਗੈਰਸਿਆਸੀ) ਅਤੇ ਕਿਸਾਨ ਮਜ਼ਦੂਰ ਮੋਰਚਾ ਵੱਲੋਂ ਸਾਰੀਆਂ ਫਸਲਾਂ ਨੂੰ ਐੱਮ ਐੱਸ ਪੀ 'ਤੇ ਖਰੀਦ ਦੀ ਕਾਨੂੰਨੀ ਗਰੰਟੀ ਅਤੇ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਹੋਰਨਾਂ ਮੰਗਾਂ ਨੂੰ ਲੈ ਕੇ ਸੋਮਵਾਰ ਪੰਜਾਬ ਬੰਦ ਰੱਖਣ ਦੇ ਦਿੱਤੇ ਸੱਦੇ ਦਾ ਵਿਆਪਕ ਅਸਰ ਹੋਇਆ। ਸਵੇਰੇ 7 ਵਜੇ ਹੀ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ 140 ਤੋਂ ਵੱਧ ਥਾਵਾਂ 'ਤੇ ਡੇਰੇ ਲਾ ਲਾਉਂਦਿਆਂ ਸੜਕੀ ਅਤੇ ਰੇਲ ਆਵਾਜਾਈ ਬੰਦ ਕਰ ਦਿੱਤੀ। ਹਾਲਾਂਕਿ ਇਸ ਦੌਰਾਨ ਐਮਰਜੈਂਸੀ ਸੇਵਾਵਾਂ ਨੂੰ ਨਹੀਂ ਰੋਕਿਆ ਗਿਆ। ਬੰਦ ਦੇ ਸੱਦੇ ਦੀ ਹਮਾਇਤ 'ਚ ਸੂਬੇ ਦੀਆਂ ਵੱਡੀ ਗਿਣਤੀ 'ਚ ਵਪਾਰੀ, ਧਾਰਮਕ, ਮੁਲਾਜ਼ਮ, ਵਿਦਿਆਰਥੀ, ਟਰਾਂਸਪੋਰਟਰ ਅਤੇ ਹੋਰਨਾਂ ਜਥੇਬੰਦੀਆਂ ਵੀ ਨਿੱਤਰੀਆਂ। ਨਿੱਜੀ ਬੱਸ ਟਰਾਂਸਪੋਰਟ ਤੋਂ ਇਲਾਵਾ ਵੰਦੇ ਭਾਰਤ ਅਤੇ ਸ਼ਤਾਬਦੀ ਸਮੇਤ 200 ਤੋਂ ਵੱਧ ਰੇਲ ਗੱਡੀਆਂ ਪ੍ਰਭਾਵਤ ਹੋਈਆਂ। ਬੰਦ ਦਾ ਸੱਦਾ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਹਮਾਇਤ 'ਚ ਦਿੱਤਾ ਗਿਆ, ਜੋ ਕਿਸਾਨ ਮੰਗਾਂ ਨੂੰ ਲਾਗੂ ਕਰਵਾਉਣ ਲਈ ਇੱਕ ਮਹੀਨੇ ਤੋਂ ਵੱਧ ਸਮੇਂ ਤੋਂ ਭੁੱਖ ਹੜਤਾਲ 'ਤੇ ਹਨ। ਨੌਂ ਘੰਟੇ ਦਾ ਬੰਦ ਸ਼ਾਮ 4 ਵਜੇ ਤੱਕ ਰਿਹਾ। ਮੁਹਾਲੀ, ਪਟਿਆਲਾ, ਲੁਧਿਆਣਾ, ਮੋਗਾ, ਫਿਰੋਜ਼ਪੁਰ, ਬਠਿੰਡਾ, ਹੁਸ਼ਿਆਰਪੁਰ, ਜਲੰਧਰ ਅਤੇ ਹੋਰ ਥਾਵਾਂ 'ਤੇ ਦੁਕਾਨਾਂ ਅਤੇ ਕਾਰੋਬਾਰੀ ਅਦਾਰੇ ਬੰਦ ਰਹੇ।

ਪ੍ਰਾਈਵੇਟ ਬੱਸ ਟਰਾਂਸਪੋਰਟਰਾਂ ਦੇ ਬੰਦ 'ਚ ਸ਼ਾਮਲ ਹੋਣ ਕਾਰਨ ਜ਼ਿਆਦਾਤਰ ਪ੍ਰਾਈਵੇਟ ਬੱਸਾਂ ਸੜਕਾਂ ਗਾਇਬ ਰਹੀਆਂ। ਚੰਡੀਗੜ੍ਹ ਵਿੱਚ ਬੰਦ ਦਾ ਅਸਰ ਦੇਖਣ ਨੂੰ ਨਹੀਂ ਮਿਲਿਆ। ਡੱਬਵਾਲੀ-ਮਲੋਟ ਕੌਮੀ ਸੜਕ-9 'ਤੇ ਸੜਕ ਜਾਮ ਮੌਕੇ ਗਿਦੜਬਾਹਾ ਤੋਂ 'ਆਪ' ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੇ ਕਾਫਲੇ ਨੂੰ ਵਾਪਸ ਮੁੜਨਾ ਪਿਆ। ਵਿਧਾਇਕ ਦਾ ਕਾਫਲਾ ਮਲੋਟ ਵਾਲੇ ਪਾਸਿਓਂ ਸੜਕ ਤੋਂ ਲੰਬੀ-ਡੱਬਵਾਲੀ ਵੱਲ ਨੂੰ ਲੰਘ ਰਿਹਾ ਸੀ। ਪਟਿਆਲਾ ਜ਼ਿਲ੍ਹੇ 'ਚ ਬਾਜ਼ਾਰਾਂ ਸਮੇਤ ਸਬਜ਼ੀ ਮੰਡੀ ਆਦਿ ਸਭ ਕੁਝ ਬੰਦ ਰਹੇ।

ਬਟਾਲਾ ਦੇ ਚਾਰ ਥਾਵਾਂ 'ਤੇ ਮੋਰਚੇ ਲਾ ਕੇ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। ਅੰਮ੍ਰਿਤਸਰ-ਪਠਾਨਕੋਟ ਹਾਈਵੇ ਤੇ ਬਟਾਲਾ-ਅੰਮ੍ਰਿਤਸਰ ਬਾਈਪਾਸ 'ਤੇ ਵੀ ਧਰਨੇ ਦਿੱਤੇ ਗਏ। ਬਟਾਲਾ ਸ਼ਹਿਰ ਦੇ ਅੰਦਰ ਵੀ ਬੰਦ ਨੂੰ ਪੂਰੀ ਹਮਾਇਤ ਮਿਲੀ। ਫਰੀਦਕੋਟ ਵਿੱਚ ਭਰਵਾਂ ਹੁੰਗਾਰਾ ਮਿਲਿਆ ਹਾਲਾਂਕਿ ਨਿੱਜੀ ਬੈਂਕ, ਪੈਟਰੋਲ ਪੰਪ, ਟੈਕਸੀ ਸਟੈਂਡ ਅਤੇ ਇੱਕਾ-ਦੁੱਕਾ ਦੁਕਾਨਾਂ ਖੁੱਲ੍ਹੀਆਂ ਰਹੀਆਂ। ਕਿਸਾਨ ਆਗੂਆਂ ਨੇ ਕਾਫਲੇ ਦੇ ਰੂਪ 'ਚ ਨਿੱਜੀ ਬੈਂਕਾਂ ਆਦਿ ਨੂੰ ਬੰਦ ਕਰਵਾਇਆ।

ਬਠਿੰਡਾ ਸਮੇਤ ● ਬਾਕੀ ਸਫ਼ਾ 2 'ਤੇ

ਚੰਡੀਗੜ੍ਹ ਤੋਂ ਦਿੱਲੀ 19 ਹਜ਼ਾਰ 'ਚ!

ਮੁਹਾਲੀ : ਪੰਜਾਬ ਬੰਦ ਦਾ ਫਾਇਦਾ ਉਠਾਉਂਦਿਆਂ ਏਅਰਲਾਈਨਾਂ ਨੇ ਚੰਡੀਗੜ੍ਹ ਤੋਂ ਦਿੱਲੀ ਦੀ ਟਿਕਟ ਤਿੰਨ ਹਜ਼ਾਰ ਰੁਪਏ ਤੋਂ 19 ਹਜ਼ਾਰ ਰੁਪਏ ਤੱਕ ਕਰ ਦਿੱਤੀ। ਬਹੁਤੀਆਂ ਏਅਰਲਾਈਨਾਂ ਨੇ ਆਨਲਾਈਨ ਕਿਰਾਇਆ ਸ਼ੋਅ ਨਹੀਂ ਕੀਤਾ ਤੇ ਟਿਕਟਾਂ ਹਵਾਈ ਅੱਡੇ ਜਾਂ ਉਨ੍ਹਾਂ ਦੀਆਂ ਵੈੱਬਸਾਈਟਾਂ 'ਤੇ ਹੀ ਉਪਲੱਬਧ ਰਹੀਆਂ।

ਵਿਸ਼ਾਲ ਮਾਨਸਾ ਰੈਲੀ ਵੱਲੋਂ ਲੋਕ-ਪੱਖੀ ਸੰਘਰਸ਼ਾਂ ਦਾ ਹੋਕਾ

• ਇੱਕ ਦੇਸ਼-ਇੱਕ ਚੋਣ ਤੇ ਭਾਜਪਾ ਦਾ ਹਿੰਦੂਤਵੀ ਏਜੰਡਾ ਸੰਘੀ ਢਾਂਚੇ ਲਈ ਖਤਰਨਾਕ : ਐਨੀ ਰਾਜਾ • ਪੰਜਾਬ ਸਰਕਾਰ ਹਰ ਫਰੰਟ 'ਤੇ ਹੋਈ ਫੇਲ੍ਹ : ਬੰਤ ਬਰਾੜ • ਮੋਦੀ ਸਰਕਾਰ ਦੀਆਂ ਨੀਤੀਆਂ ਨੇ ਛੋਟੇ ਵਪਾਰੀਆਂ ਤੇ ਕਾਰੋਬਾਰੀਆਂ ਨੂੰ ਕੀਤਾ ਤਬਾਹ : ਅਰਸ਼ੀ • ਸੀ ਪੀ ਆਈ ਵੱਲੋਂ ਵਿਸ਼ਾਲ ਰਾਜਸੀ ਰੈਲੀ-ਮਾਨਸਾ ਜ਼ਿਲ੍ਹਾ ਕੌਂਸਲ ਵੱਲੋਂ ਪਾਰਟੀ ਕਾਂਗਰਸ ਲਈ ਦੋ ਲੱਖ ਦੀ ਥੈਲੀ ਭੇਟ

ਮਾਨਸਾ (ਆਤਮਾ ਸਿੰਘ ਪਮਾਰ)

ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਇਸ ਦੇ ਸ਼ਤਾਬਦੀ ਵਰ੍ਹੇ ਨੂੰ ਸਮਰਪਿਤ ਮਾਨਸਾ ਸ਼ਹਿਰ ਦੀ ਪੁਰਾਣੀ ਅਨਾਜ ਮੰਡੀ ਵਿਖੇ ਸਰਵਸਾਥੀ ਵੇਦ ਪ੍ਰਕਾਸ਼, ਰਤਨ ਕੁਮਾਰ ਭੋਲਾ ਤੇ ਮਨਜੀਤ ਕੌਰ ਗਾਮੀਵਾਲਾ ਦੀ ਪ੍ਰਧਾਨਗੀ ਹੇਠ ਸੋਮਵਾਰ ਵਿਸ਼ਾਲ ਰਾਜਸੀ ਰੈਲੀ ਕੀਤੀ ਗਈ। ਰੈਲੀ ਵਿੱਚ ਜੁੜੇ ਬਹੁਤ ਹੀ ਵੱਡੀ ਗਿਣਤੀ ਅਤੇ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੀ.ਪੀ.ਆਈ ਦੀ ਕੌਮੀ ਸਕੱਤਰ ਕਾਮਰੇਡ ਐਨੀ ਰਾਜਾ ਨੇ ਭਾਜਪਾ ਸਰਕਾਰ 'ਤੇ ਜ਼ੋਰਦਾਰ ਹਮਲੇ ਕਰਦਿਆਂ ਕਿਹਾ ਕਿ ਦੇਸ਼ ਵਿੱਚ ਸੰਪਰਦਾਇਕ ਤਣਾਅ ਵਾਲਾ ਮਾਹੌਲ ਚੱਲ ਰਿਹਾ ਹੈ ਤੇ ਸੰਪਰਦਾਇਕ ਤਣਾਅ ਅਤੇ ਜਾਤੀਗਤ ਹਿੰਸਾ ਵਿੱਚ ਵਾਧਾ ਹੋਇਆ ਹੈ, ਘੱਟ ਗਿਣਤੀਆਂ ਜਿਵੇਂ ਕਿ ਮੁਸਲਮਾਨ ਅਤੇ ਇਸਾਈਆਂ 'ਤੇ ਫਿਰਕੂ ਹਮਲੇ ਤੇਜ਼ ਹੋਏ ਹਨ। ਫਿਰਕੂ ਕਤਾਰਬੰਦੀ ਨੂੰ ਤੇਜ਼ ਕਰਨ ਲਈ ਆਰ.ਐੱਸ.ਐੱਸ ਤੇ ਇਸ ਨਾਲ ਜੁੜੇ ਕੱਟੜਵਾਦੀ ਸੰਗਠਨ ਮਸਜਿਦਾਂ ਥੱਲਿਓਂ ਮੰਦਰਾਂ ਨੂੰ ਲੱਭਣ ਦੀ ਖਤਰਨਾਕ ਮੁਹਿਮ ਚਲਾ ਰਹੇ ਹਨ, ਜੋ ਦੇਸ਼ ਦੀ ਏਕਤਾ ਅਤੇ ਅਖੰਡਤਾ ਤੋਂ ਇਲਾਵਾ ਸਦਭਾਵਨਾ ਲਈ ਖਤਰੇ ਦੀ ਘੰਟੀ ਹੈ। ਕਮਿਊਨਿਸਟ ਨੇਤਾ ਨੇ ਅੱਗੇ ਕਿਹਾ ਕਿ ਮੋਦੀ ਸਰਕਾਰ ਦੀਆਂ ਅਡਾਨੀ-ਅੰਬਾਨੀ ਪੱਖੀ ਨੀਤੀਆਂ ਨੇ ਦੇਸ਼ ਨੂੰ ਆਰਥਿਕ ਤਬਾਹੀ ਦੇ ਕੰਢੇ 'ਤੇ ਲਿਆ ਖੜ੍ਹਾ ਕੀਤਾ ਹੈ। ਭਾਜਪਾ ਦਾ ਹਿੰਦੂਤਵੀ ਏਜੰਡਾ ਦੇਸ਼ ਦੇ ਬਹੁ-ਧਰਮੀ, ਬਹੁ-ਭਾਸ਼ਾਈ ਅਤੇ ਵੱਖ-ਵੱਖ ਸੱਭਿਆਚਾਰਾਂ ਵਾਲੀ ਜਨਤਾ ਦੀ ਏਕਤਾ ਲਈ ਖਤਰਨਾਕ ਹੈ।ਮਹਿੰਗਾਈ ਤੇ ਬੇਰੁਜ਼ਗਾਰੀ ਨੇ ਪਿਛਲੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਇੱਕ ਦੇਸ਼-ਇੱਕ ਚੋਣ ਦਾ ਪ੍ਰਸਤਾਵ ਦੇਸ਼ ਦੇ ਫੈਡਰਲ ਢਾਂਚੇ ਲਈ ਲਾਹੇਵੰਦ ਸਾਬਤ ਨਹੀਂ ਹੋਵੇਗਾ। ਦੇਸ਼ ਦੀ ਨਿਆਂਪਾਲਿਕਾ ਵੀ ਭਾਰੀ ਦਬਾਅ ਹੇਠ ਕੰਮ ਕਰਦੀ ਜਾਪਦੀ ਹੈ। ਸੰਵਿਧਾਨਕ ਸੰਸਥਾਵਾਂ ਮੋਦੀ ਸਰਕਾਰ ● ਬਾਕੀ ਸਫ਼ਾ 2 'ਤੇ

ਡੱਲੇਵਾਲ ਨੂੰ ਚੁੱਕਣ ਦੀਆਂ ਤਿਆਰੀਆਂ

ਖਨੌਰੀ (ਰਾਜਿੰਦਰ ਸਿੰਘ ਬਿੰਦ) : ਢਾਬੀ ਗੁਜਰਾਂ (ਖਨੌਰੀ) ਬਾਰਡਰ 'ਤੇ 35 ਦਿਨਾਂ ਤੋਂ ਮਰਨ ਵਰਤ 'ਤੇ ਚੱਲ ਰਹੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਡਾਕਟਰੀ ਮਦਦ ਲੈਣ ਲਈ ਮਨਾਉਣ ਦੀਆਂ ਕੋਸ਼ਿਸ਼ਾਂ ਤਹਿਤ ਸਾਬਕਾ ਏ ਡੀ ਜੀ ਪੀ ਜਸਕਰਨ ਸਿੰਘ ਸੋਮਵਾਰ ਫਿਰ ਉਨ੍ਹਾ ਕੋਲ ਪਹੁੰਚੇ। ਨਾਲ ਡਾਕਟਰਾਂ ਦੀ ਟੀਮ ਵੀ ਸੀ। ਜਸਕਰਨ ਸਿੰਘ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਡੱਲੇਵਾਲ ਦੀ ਜਾਨ ਕੀਮਤੀ ਹੈ। ਇਸੇ ਦੌਰਾਨ ਕੁਝ ਕਿਸਾਨ ਆਗੂਆਂ ਦਾ ਕਹਿਣਾ ਹੈ ਕਿ ਇੱਕ ਪਾਸੇ ਅਧਿਕਾਰੀ ਉਨ੍ਹਾਂ ਨਾਲ ਗੱਲਬਾਤ ਜਾਰੀ ਰੱਖ ਰਹੇ ਹਨ, ਦੂਜੇ ਪਾਸੇ ਮੋਰਚੇ 'ਤੇ ਹਮਲੇ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਸਪੱਸ਼ਟ ਕੀਤਾ ਹੈ ਕਿ ਡੱਲੇਵਾਲ ਨੂੰ ਚੁੱਕਣ ਤੋਂ ਪਹਿਲਾਂ ਪ੍ਰਸ਼ਾਸਨ ਨੂੰ ਉਨ੍ਹਾਂ ਦੀਆਂ ਲਾਸ਼ਾਂ ਤੋਂ ਲੰਘ ਕੇ ਜਾਣਾ ਪਵੇਗਾ।

ਡੱਲੇਵਾਲ ਨੂੰ ਸੁਪਰੀਮ ਕੋਰਟ ਦੀਆਂ ਹਦਾਇਤਾਂ ਤਹਿਤ ਇਲਾਜ ਲਈ ਚੁੱਕਣ ਵਾਸਤੇ ਪੁਲਸ ਵੱਲੋਂ ਕਿਸੇ ਵੀ ਸਮੇਂ ਕਾਰਵਾਈ ਨੂੰ ਅੰਜਾਮ ਦਿੱਤੇ ਜਾਣ ਦੀਆਂ ਚਰਚਾਵਾਂ ਹਨ।

ਸੋਮਵਾਰ ਸਵੇਰੇ ਪਾਤੜਾਂ ਸ਼ਹਿਰ 'ਚ ਜਲ ਤੋਪਾਂ ਵਾਲੀਆਂ ਗੱਡੀਆਂ, ਅੱਥਰੂ ਗੈਸ ਦੇ ਗੋਲੇ ਦਾਗ਼ਣ ਵਾਲੀਆਂ ਗੱਡੀਆਂ ਅਤੇ ਪੁਲਸ ਨਫਰੀ ਦਾ ਜਮਾਵੜਾ ਹੋਣਾ ਸ਼ੁਰੂ ਹੋ ਗਿਆ ਸੀ। ਇਸ ਦੇ ਟਾਕਰੇ ਲਈ ਕਿਸਾਨਾਂ ਵੱਲੋਂ ਰਾਤ-ਭਰ ਤੋਂ ਹੀ ਅਪੀਲਾਂ ਕੀਤੀਆਂ ਜਾ ਰਹੀਆਂ ਸਨ। ਐਤਵਾਰ ਦੇਰ ਰਾਤ ਡੱਲੇਵਾਲ ਨੇ ਖੁਦ ਫੇਸਬੁੱਕ ਉਤੇ ਲਾਈਵ ਹੋ ਕੇ ਕਿਸਾਨਾਂ ਨੂੰ ਢਾਬੀ ਗੁਜਰਾਂ ਬਾਰਡਰ 'ਤੇ ਇਕੱਠੇ ਹੋਣ ਦੀ ਅਪੀਲ ਕੀਤੀ ਸੀ। ਬਾਰਡਰ 'ਤੇ ਕਿਸਾਨਾਂ ਨੇ ਪਦਾਰਥਪੁਰੇ ਨੂੰ ਜਾਂਦੀ ਸੜਕ ਤੋਂ ਥੋੜ੍ਹਾ ਜਿਹਾ ਅੱਗੇ ਟਰਾਲੀਆਂ ਲਾ ਕੇ ਪੱਕੇ ਤੌਰ 'ਤੇ ਸਟੇਜ ਵੱਲ ਜਾਣ ਵਾਲੇ ਵਾਹਨ ਰੋਕ ਦਿੱਤੇ ਸਨ ਅਤੇ ਸਟੇਜ ਵੱਲ ਜਾਣ ਵਾਲੇ ਹਰ ਵਿਅਕਤੀ ਉੱਤੇ ਪੂਰੀ ਨਜ਼ਰ ਰੱਖੀ ਜਾ ਰਹੀ ਸੀ। ਜ਼ਿਕਰਯੋਗ ਹੈ ਕਿ ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਨੂੰ 31 ਦਸੰਬਰ ਤੋਂ ਪਹਿਲਾਂ ਡੱਲੇਵਾਲ ਨੂੰ ਅਸਥਾਈ ਹਸਪਤਾਲ ਵਿੱਚ ਤਬਦੀਲ ਕਰਨ ਲਈ ਕਿਹਾ ਹੈ।

ਅਜਿਹਾ ਨਾ ਹੋਣ 'ਤੇ ਮੁੱਖ ਸਕੱਤਰ ਤੇ ਡੀਜੀਪੀ ਖ਼ਿਲਾਫ਼ ਅਦਾਲਤ ਦੀ ਮਾਣਹਾਨੀ ਦਾ ਕੇਸ ਦਾਇਰ ਕੀਤਾ ਜਾ ਸਕਦਾ ਹੈ।ਇਸ 'ਤੇ 31 ਦਸੰਬਰ ਨੂੰ ਮੁੜ ਸੁਣਵਾਈ ਹੋਵੇਗੀ।

ਪੰਜਾਬ ਸਰਕਾਰ ਤਾਕਤ ਦੀ ਦੁਰਵਰਤੋਂ ਨਾ ਕਰੇ : ਪੰਧੇਰ

ਅੰਮ੍ਰਿਤਸਰ : ਕਿਸਾਨ ਆਗੂ ਸਰਵਣ ਸਿੰਘ ਪੰਧੇਰ ਨੇ ਸੋਮਵਾਰ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਕਿਸਾਨਾਂ ਵਿਰੁੱਧ ਆਪਣੀ ਤਾਕਤ ਦੀ ਦੁਰਵਰਤੋਂ ਨਾ ਕਰੇ ਅਤੇ ਉਨ੍ਹਾਂ ਦੇ ਸੰਘਰਸ਼ 'ਚ ਸਾਥ ਦੇਵੇ। ਪੰਧੇਰ ਨੇ ਕਿਹਾ ਕਿ ਪੰਜਾਬ ਬੰਦ 'ਚ ਤਿੰਨ ਕਰੋੜ ਪੰਜਾਬੀ ਸ਼ਾਮਲ ਹੋਏ ਹਨ ਅਤੇ ਤਕਰੀਬਨ 95 ਤੋਂ 97 ਫੀਸਦੀ ਆਵਾਜਾਈ ਠੱਪ ਰਹੀ।

ਜਸਟਿਸ ਨਵਾਬ ਸਿੰਘ ਕਮੇਟੀ ਨੇ ਐੱਸ ਕੇ ਐੱਮ ਨੂੰ ਸੱਦਿਆ

ਨਵੀਂ ਦਿੱਲੀ : ਸੁਪਰੀਮ ਕੋਰਟ ਵੱਲੋਂ ਰਿਟਾਇਰਡ ਜਸਟਿਸ ਨਵਾਬ ਸਿੰਘ ਦੀ ਚੇਅਰਮੈਨੀ ਹੇਠ ਬਣਾਈ ਗਈ ਕਮੇਟੀ ਨੇ ਸੰਯੁਕਤ ਕਿਸਾਨ ਮੋਰਚਾ (ਐੱਸ ਕੇ ਐੱਮ) ਨੂੰ ਤਿੰਨ ਜਨਵਰੀ ਨੂੰ ਗੱਲਬਾਤ ਲਈ ਪੰਚਕੂਲਾ ਸੱਦਿਆ ਹੈ।

ਮੋਰਚੇ ਦੀ ਕੌਮੀ ਤਾਲਮੇਲ ਕਮੇਟੀ ਦੇ ਮੈਂਬਰ ਰਮਿੰਦਰ ਸਿੰਘ ਪਟਿਆਲਾ ਨੇ ਦੱਸਿਆਕ ਮੋਰਚੇ ਦੇ ਆਗੂਆਂ ਨੇ ਸੱਦਾ ਪ੍ਰਵਾਨ ਕਰ ਲਿਆ ਹੈ।

4 ਪੰਜਾਬੀ ਸੈਲਾਨੀ ਹਿਰਾਸਤ 'ਚ

ਸ਼ਿਮਲਾ : ਕੁਫਰੀ 'ਚ ਤਿੰਨ ਸਥਾਨਕ ਦੁਕਾਨਦਾਰਾਂ 'ਤੇ ਚਾਕੂ ਨਾਲ ਹਮਲਾ ਕਰਨ ਦੇ ਦੋਸ਼ ਵਿੱਚ ਪੰਜਾਬ ਦੇ ਚਾਰ ਸੈਲਾਨੀਆਂ ਨੂੰ ਪੁਲਸ ਨੇ ਹਿਰਾਸਤ 'ਚ ਲੈ ਲਿਆ। ਪੁਲਸ ਨੇ ਦੱਸਿਆ ਕਿ ਇਹ ਘਟਨਾ ਸਨੋਅ ਬੂਟਾਂ ਦੇ ਕਿਰਾਏ ਉੱਤੇ ਬਹਿਸਬਾਜ਼ੀ ਤੋਂ ਬਾਅਦ ਵਾਪਰੀ।

ਸੈਲਾਨੀਆਂ ਨੇ ਚਾਕੂਆਂ ਨਾਲ ਤਿੰਨ ਦੁਕਾਨਦਾਰਾਂ ਨੂੰ ਜ਼ਖਮੀ ਕਰ ਦਿੱਤਾ। ਉਨ੍ਹਾਂ ਨੂੰ ਇੰਦਰਾ ਗਾਂਧੀ ਮੈਡੀਕਲ ਕਾਲਜ ਤੇ ਹਸਪਤਾਲ ਦਾਖਲ ਕਰਾਉਣਾ ਪਿਆ। ਏ ਐੱਸ ਪੀ ਨਵਦੀਪ ਨੇ ਦੱਸਿਆ ਕਿ ਮਾਮਲੇ ਦੀ ਜਾਂਚ ਜਾਰੀ ਹੈ।

ਯੋਗਤਾ ਨਾਲੋਂ ਪਰਵਾਰ ਨੂੰ ਤਰਜੀਹ ਦੇਣ ਖ਼ਿਲਾਫ਼ ਵਿਚਾਰ 'ਤੇ ਗੌਰ ਹੋਣ ਦੀ ਸੰਭਾਵਨਾ

ਨਵੀਂ ਦਿੱਲੀ : ਸੁਪਰੀਮ ਕੋਰਟ ਦੇ ਕੌਲਿਜੀਅਮ ਵੱਲੋਂ ਹਾਈ ਕੋਰਟਾਂ 'ਚ ਜੱਜਾਂ ਦੇ ਕਰੀਬੀ ਰਿਸ਼ਤੇਦਾਰਾਂ ਦੀ ਜੱਜਾਂ ਵਜੋਂ ਨਿਯੁਕਤੀ ਦਾ ਵਿਰੋਧ ਕਰਦੇ ਇੱਕ ਵਿਚਾਰ 'ਤੇ ਗੌਰ ਕੀਤੇ ਜਾਣ ਦੀ ਸੰਭਾਵਨਾ ਹੈ। ਇਹ ਜਾਣਕਾਰੀ ਸੂਤਰਾਂ ਤੋਂ ਮਿਲੀ ਹੈ। ਇਹ ਤਜਵੀਜ਼ ਇੱਕ ਸੀਨੀਅਰ ਜੱਜ ਵੱਲੋਂ ਪੇਸ਼ ਕੀਤੀ ਗਈ ਦੱਸੀ ਜਾਂਦੀ ਹੈ। ਜੇ ਇਸ 'ਤੇ ਸੱਚਮੁੱਚ ਕਾਰਵਾਈ ਕੀਤੀ ਜਾਂਦੀ ਹੈ ਤਾਂ ਇਹ ਕਾਰਵਾਈ ਉਚੇਰੀ ਨਿਆਂਪਾਲਿਕਾ ਦੀਆਂ ਨਿਯੁਕਤੀਆਂ 'ਚ ਵਧੇਰੇ ਭਾਗੀਦਾਰੀ ਲਿਆ ਸਕਦੀ ਹੈ ਅਤੇ ਅਦਾਲਤੀ ਨਿਯੁਕਤੀਆਂ 'ਚ ਯੋਗਤਾ ਨਾਲੋਂ ਪਰਵਾਰ ਨੂੰ ਤਰਜੀਹ ਮਿਲਣ ਦੀ ਧਾਰਨਾ ਨੂੰ ਖਤਮ ਕਰ ਸਕਦੀ ਹੈ।

ਸੂਤਰਾਂ ਅਨੁਸਾਰ ਸੁਪਰੀਮ ਕੋਰਟ ਕੌਲਿਜੀਅਮ ਵੱਲੋਂ ਇਸ ਵਿਚਾਰ ਉਤੇ ਗੌਰ ਕਰਨ ਦੇ ਆਸਾਰ ਹਨ ਕਿ ਹਾਈ ਕੋਰਟ ਕੌਲਿਜੀਅਮਾਂ ਨੂੰ ਉਨ੍ਹਾਂ ਉਮੀਦਵਾਰਾਂ ਦੀ ਸਿਫਾਰਸ਼ ਕਰਨ ਤੋਂ ਗੁਰੇਜ਼ ਕਰਨ ਦੀ ਹਦਾਇਤ ਦਿੱਤੀ ਜਾਵੇ, ਜਿਨ੍ਹਾਂ ਦੇ ਮਾਪੇ ਜਾਂ ਕਰੀਬੀ ਰਿਸ਼ਤੇਦਾਰ ਮੌਜੂਦਾ ਜਾਂ ਸਾਬਕਾ

ਸੁਪਰੀਮ ਕੋਰਟ ਜਾਂ ਹਾਈ ਕੋਰਟ ਜੱਜ ਸਨ। ਇੱਕ ਜੱਜ ਦਾ ਮੰਨਣਾ ਹੈ ਕਿ ਇਸ ਤਜਵੀਜ਼ ਨਾਲ ਭਾਵੇਂ ਕੁਝ ਯੋਗ ਉਮੀਦਵਾਰਾਂ ਦਾ ਰਾਹ ਵੀ ਰੁਕ ਸਕਦਾ ਹੈ, ਪਰ ਦੂਜੇ ਪਾਸੇ ਇਹ ਪਹਿਲੀ ਪੀੜ੍ਹੀ ਦੇ ਵਕੀਲਾਂ ਲਈ ਮੌਕੇ ਖੋਲ੍ਹੇਗਾ ਅਤੇ ਸੰਵਿਧਾਨਕ ਅਦਾਲਤਾਂ 'ਚ ਵੱਖੋ-ਵੱਖ ਭਾਈਚਾਰਿਆਂ ਦੀ ਪ੍ਰਤੀਨਿਧਤਾ ਨੂੰ ਵਧਾਏਗਾ। ਹਾਲਾਂਕਿ, ਇਸ ਨਾਲ ਯੋਗ ਲੋਕਾਂ ਨੂੰ ਜੱਜਸ਼ਿਪ ਦੇਣ ਪੱਖੋਂ ਇਸ ਕਾਰਨ ਬੇਇਨਸਾਫੀ ਹੋ ਸਕਦੀ ਹੈ ਕਿ ਉਹ ਉੱਚ ਨਿਆਂਪਾਲਿਕਾ ਦੇ ਮੌਜੂਦਾ ਜਾਂ ਸਾਬਕਾ ਜੱਜਾਂ ਦੇ ਰਿਸ਼ਤੇਦਾਰ ਹਨ। ਤਿੰਨ ਮੈਂਬਰੀ ਕੌਲਿਜੀਅਮ, ਜੋ ਇਸ ਸਮੇਂ ਸੁਪਰੀਮ ਕੋਰਟ 'ਚ ਜੱਜਾਂ ਦੇ ਅਹੁਦਿਆਂ ਲਈ ਨਾਵਾਂ ਦੀ ਸਿਫਾਰਸ਼ ਕਰਦਾ ਹੈ, ਵਿੱਚ ਚੀਫ ਜਸਟਿਸ ਸੰਜੀਵ ਖੰਨਾ,ਜਸਟਿਸ ਬੀ ਆਰ ਗਵਈ ਅਤੇ ਸੂਰੀਆ ਕਾਂਤ ਸ਼ਾਮਲ ਹਨ।

ਇਸ ਤੋਂ ਇਲਾਵਾ ਜਸਟਿਸ ਰਿਸ਼ੀਕੇਸ਼ ਰਾਏ

ਅੰਬਿਕਾ ਸਪੈਸ਼ਲ ਸਕੂਲ 'ਚ ਸੰਕੇਤਕ ਭਾਸ਼ਾਵਾਂ ਦਾ ਅੰਤਰਰਾਸ਼ਟਰੀ ਦਿਵਸ ਮਨਾਇਆ

ਮੋਗਾ (ਇਕਬਾਲ ਸਿੰਘ ਖਹਿਰਾ)-ਡਾਇਰੈਕਟਰ, ਸਮਜਿਕ ਸੁਰੱਖਿਆ ਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ, ਚੰਡੀਗੜ੍ਹ ਦੇ ਹੁਕਮਾਂ ਅਨੁਸਾਰ ਸੰਕੇਤਕ ਭਾਸ਼ਾਵਾਂ ਦਾ ਅੰਤਰਰਾਸ਼ਟਰੀ ਦਿਵਸ ਨੂੰ ਸਮਰਪਤ ਜ਼ਿਲ੍ਹਾ ਪੱਧਰ ਤੇ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਤੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਮੋਗਾ ਦੇ ਸਹਿਯੋਗ ਨਾਲ ਅੰਬਿਕਾ ਸਪੈਸ਼ਲ ਸਕੂਲ, ਮੋਗਾ ਦੇ ਬੱਚਿਆਂ ਨਾਲ ਮਿਲ ਕੇ ਮਨਾਇਆ ਗਿਆ। ਇਸ ਪ੍ਰੋਗਰਾਮ ਵਿੱਚ ਜ਼ਿਲ੍ਹੇ 'ਚ ਉਪਲੱਬਧੀਆਂ ਪ੍ਰਾਪਤ ਕਰ ਚੁੱਕੇ ਡੈੱਫ ਦਿਵਿਆਂਗਜਨਾਂ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਇੰਦਰਪ੍ਰੀਤ ਕੌਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਮੋਗਾ ਨੇ ਦੱਸਿਆ ਕਿ ਦਿਵਿਆਂਗਜਨ ਵਿਅਕਤੀ ਸਮਾਜ ਦਾ ਅਹਿਮ ਹਿੱਸਾ ਹਨ।

ਉਨ੍ਹਾਂ ਦੱਸਿਆ ਕਿ ਸੰਕੇਤਕ ਭਾਸ਼ਾ ਪੂਰੀ ਤਰ੍ਹਾਂ ਇੱਕ ਕੁਦਰਤੀ ਭਾਸ਼ਾ ਹੈ, ਜੋ ਬੋਲੀਆਂ ਜਾਣ ਵਾਲੀਆਂ ਭਾਸ਼ਾਵਾਂ ਤੋਂ ਰਚਨਾਤਮਕ ਤੌਰ 'ਤੇ ਵੱਖਰੀ ਹੈ, ਜਿਸ ਦੀ ਵਰਤੋਂ ਬੋਲ ਤੇ ਸੁਣਨ ਨਾ ਸਕਣ ਵਾਲੇ ਲੋਕ ਅੰਤਰਰਾਸ਼ਟਰੀ ਮੀਟਿੰਗਾਂ ਵਿੱਚ ਕਰਦੇ ਹਨ। ਇਹ ਸੰਕੇਤਕ ਭਾਸ਼ਾ ਦੀ ਸਿੱਖਿਆ ਦੀ ਸਹੂਲਤ ਤੇ ਨਾ ਬੋਲ ਸਕਣ ਵਾਲੇ ਭਾਈਚਾਰੇ ਦੇ ਲੋਕਾਂ ਨੂੰ ਮਾਨਤਾ ਦਿਵਾਉਣ ਲਈ ਕੰਮ ਕਰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਇਸਤਰੀ ਤੇ ਬਾਲ ਵਿਕਾਸ ਵਿਭਾਗ ਹਰ ਪ੍ਰਕਾਰ ਦੇ ਦਿਵਿਆਂਗਜਨਾਂ ਨੂੰ ਉਨ੍ਹਾਂ ਦੇ ਮੌਲਿਕ ਅਧਿਕਾਰਾਂ ਪ੍ਰਤੀ ਉਤਸ਼ਾਹਤ ਕਰ ਰਿਹਾ ਹੈ ਅਤੇ ਉਨ੍ਹਾਂ ਨਾਲ ਸਬੰਧਤ ਸਰਕਾਰੀ ਸੇਵਾਵਾਂ ਪ੍ਰਤੀ ਵੀ ਜਾਗਰੂਕ ਕਰ ਰਿਹਾ ਹੈ ਤਾਂ ਕਿ ਹੋਰ ਵਰਗਾਂ ਦੀ ਤਰ੍ਹਾਂ ਸੂਬੇ ਦੇ ਦਿਵਿਆਂਗਜਨ ਤਰੱਕੀ ਕਰਨ।

58ਵਾਂ ਚਿੱਟੇ ਮੋਤੀਏ ਦਾ ਮੁਫ਼ਤ ਚੈੱਕਅੱਪ ਤੇ ਅਪਰੇਸ਼ਨ ਕੈਂਪ

ਜਗਰਾਉ (ਅਮਿਤ ਖੰਨਾ)-ਸਵਰਗਵਾਸੀ ਦਇਆ ਚੰਦ ਜੈਨ ਸੁਤੰਤਰਤਾ ਸੈਨਾਨੀ ਦੀ ਦੱਸਵੀਂ ਬਰਸੀ ਨੂੰ ਸਮਰਪਿਤ ਲੋਕ ਸੇਵਾ ਸੁਸਾਇਟੀ ਜਗਰਾਓਂ ਵੱਲੋਂ 58ਵਾਂ ਅੱਖਾਂ ਚਿੱਟੇ ਮੋਤੀਏ ਦਾ ਮੁਫ਼ਤ ਚੈੱਕਅੱਪ ਤੇ ਅਪਰੇਸ਼ਨ ਕੈਂਪ ਅੱਜ ਲੰਮਿਆਂ ਵਾਲਾ ਬਾਗ ਡੀਏਵੀ ਕਾਲਜ ਜਗਰਾਉਂ ਵਿਖੇ ਲਗਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਨੋਹਰ ਸਿੰਘ ਟੱਕਰ, ਸੈਕਟਰੀ ਕੁਲਭੂਸ਼ਨ ਗੁਪਤਾ ਅਤੇ ਕੈਸ਼ੀਅਰ ਸੁਨੀਲ ਬਜਾਜ ਨੇ ਦੱਸਿਆ ਕਿ ਇਸ ਕੈਂਪ ਵਿੱਚ ਸ਼ੰਕਰਾ ਆਈ ਹਾਸਪੀਟਲ ਲੁਧਿਆਣਾ ਦੇ ਡਾਕਟਰਾਂ ਦੀ ਟੀਮ ਨੇ ਡਾ: ਮਨਜੀਤ ਸਿੰਘ ਦੀ ਅਗਵਾਈ ਹੇਠ ਚਿੱਟੇ ਮੋਤੀਏ ਵਾਲੇ 172 ਮਰੀਜ਼ ਚੈੱਕ ਕੀਤੇ ਗਏ, ਜਿਨ੍ਹਾਂ 'ਚੋਂ 58 ਮਰੀਜ਼ ਅਪਰੇਸ਼ਨ ਲਈ ਚੁਣੇ ਗਏ।ਵਿਸ਼ੇਸ਼ ਮਹਿਮਾਨ ਪੀ ਡੀ ਜੈਨ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਰਜਿੰਦਰ ਜੈਨ ਦੇ ਭਰਪੂਰ ਸਹਿਯੋਗ ਸਦਕਾ ਲਗਾਏ ਕੈਂਪ ਦਾ ਉਦਘਾਟਨ ਹਲਕਾ ਵਿਧਾਇਕਾ ਸਰਵਜੀਤ ਕੌਰ ਮਾਣੂਕੇ ਨੇ ਕਰਦਿਆਂ ਸੁਸਾਇਟੀ ਵੱਲੋਂ ਪਿਛਲੇ 29 ਸਾਲਾਂ ਤੋਂ ਕੀਤੇ ਜਾ ਰਹੇ ਸਮਾਜ ਸੇਵੀ ਕੰਮਾਂ ਦੀ ਸ਼ਲਾਘਾ ਕੀਤੀ, ਉੱਥੇ ਉਨ੍ਹਾਂ ਲੋਕਾਂ ਨੂੰ ਮਰਨ ਉਪਰੰਤ ਆਪਣੀਆਂ ਅੱਖਾਂ ਦਾਨ ਦੀ ਅਪੀਲ ਵੀ ਕੀਤੀ। ਇਸ ਮੌਕੇ ਹਰਸ਼ ਜੈਨ, ਸੀਨੀਅਰ ਵਾਈਸ ਪ੍ਰਧਾਨ ਰਾਜਿੰਦਰ ਜੈਨ ਕਾਕਾ, ਸੁਖਜਿੰਦਰ ਸਿੰਘ ਢਿੱਲੋਂ, ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਰਾਜੀਵ ਗੁਪਤਾ, ਅਨਿਲ ਮਲਹੋਤਰਾ, ਕੰਵਲ ਕੱਕੜ, ਆਰ ਕੇ ਗੋਇਲ, ਮੁਕੇਸ਼ ਗੁਪਤਾ, ਮੁਕੇਸ਼ ਬਾਂਸਲ, ਕਪਿਲ ਸ਼ਰਮਾ, ਗੋਪਾਲ ਗੁਪਤਾ, ਲਾਕੇਸ਼ ਟੰਡਨ, ਮਦਨ ਅਰੋੜਾ ਆਦਿ ਹਾਜ਼ਰ ਸਨ।

ਪੰਜਾਬ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਮੋਗਾ ਦੀ ਮੀਟਿੰਗ

ਬੱਧਨੀ ਕਲਾਂ (ਲਵਲੀ ਮਾਛੀਕੇ)-ਪੰਜਾਬ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਮੋਗਾ ਦੀ ਮੀਟਿੰਗ ਮੇਜਰ ਸਿੰਘ ਕਾਲੇਕੇ ਦੀ ਪ੍ਰਧਾਨਗੀ ਹੇਠ ਬੱਧਨੀਕਲਾਂ ਵਿਖੇ ਹੋਈ। ਮੀਟਿੰਗ ਵਿੱਚ ਮਜ਼ਦੂਰ ਮੰਗਾਂ ਲਈ 31 ਦਸੰਬਰ ਨੂੰ ਡੀਸੀ ਮੋਗਾ ਦੇ ਬਾਰ ਮੂਹਰੇ ਲਾਏ ਜਾ ਰਹੇ ਇੱਕ ਰੋਜ਼ਾ ਧਰਨੇ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।ਵੱਖ-ਵੱਖ ਆਗੂਆਂ ਨੇ ਦੱਸਿਆ ਕਿ ਕਿ ਹਿੰਮਤਪੁਰਾ, ਕੁੱਸਾ,ਮੀਨੀਆਂ, ਮੱਦੋਕੇ ਦੌਧਰ, ਘੋਲੀਆ, ਮਾਣੂੰਕੇ, ਕਾਲੇਕੇ ਅਤੇ ਕੋਕਰੀ ਕਲਾਂ ਪਿੰਡਾਂ ਵਿੱਚ ਫੰਡ ਇਕੱਠਾ ਕਰ ਲਿਆ ਹੈ ਤੇ ਤਿਆਰੀ ਹੋ ਚੁੱਕੀ ਹੈ। ਇਸ ਸਮੇਂ ਮਜ਼ਦੂਰ ਆਗੂ ਦਰਸ਼ਨ ਸਿੰਘ ਹਿੰਮਤਪੁਰਾ, ਜਗਰਾਜ ਸਿੰਘ ਕੁੱਸਾ, ਅੰਗਰੇਜ਼ ਸਿੰਘ ਮੱਦੋਕੇ, ਹਾਕਮ ਸਿੰਘ ਕਾਲੇਕੇ, ਗੋਰਾ ਸਿੰਘ ਘੋਲੀਆ, ਸ਼ਿੰਗਾਰਾ ਸਿੰਘ ਅਤੇ ਹੰਸਾ ਸਿੰਘ ਕੋਕਰੀ ਕਲਾਂ ਨੇ ਦੱਸਿਆ ਕਿ ਸਰਕਾਰ ਵੋਟਾਂ ਵੇਲੇ ਕੀਤੇ ਵਾਅਦੇ ਅਨੁਸਾਰ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ, 2500 ਰੁਪਏ ਬੁਢਾਪਾ ਪੈਨਸ਼ਨ ਦੇਣ ਦਾ ਕੀਤਾ ਵਾਅਦਾ ਪੂਰਾ ਕਰੇ, ਪੰਜਾਬ ਸਰਕਾਰ ਵੱਲੋਂ ਦਿੱਤੀ ਜਾਂਦੀ ਬੰਦ ਕਰ ਦਿੱਤੀ ਗਈ ਕਣਕ ਦੇਣੀ ਚਾਲੂ ਕੀਤੀ ਜਾਵ, ਮਗਨਰੇਗਾ ਸਕੀਮ ਤਹਿਤ ਪੂਰੇ ਸਾਲ ਭਰ ਦਾ ਕੰਮ ਦਿੱਤਾ ਜਾਵੇ, 700 ਰੁਪਏ ਦਿਹਾੜੀ ਦਿੱਤੀ ਜਾਵੇ ਅਤੇ ਬੰਦ ਕੀਤੀ ਮੈਡੀਕਲ ਸਹੂਲਤ ਸ਼ੁਰੂ ਕੀਤੀ ਜਾਵੇ। ਉਨ੍ਹਾਂ ਮਜ਼ਦੂਰਾਂ ਨੂੰ ਅਪੀਲ ਕੀਤੀ ਕਿ 31ਦਸੰਬਰ ਨੂੰ ਵੱਧ ਤੋਂ ਵੱਧ ਡੀਸੀ ਮੋਗਾ ਦੇ ਬਾਰ ਮੂਹਰੇ ਪਹੁੰਚਣ ਦੀ ਅਪੀਲ ਕੀਤੀ।

ਸਪੀਕਰ ਸੰਧਵਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)-ਸ.ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਵਿਧਾਨ ਸਭਾ ਆਪਣੇ ਗ੍ਰਹਿ ਪਿੰਡ ਸੰਧਵਾਂ ਵਿਖੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਆਮ ਲੋਕਾਂ ਦੇ ਰੂਬਰੂ ਹੋਏ ਅਤੇ ਉਨ੍ਹਾਂ ਦਰਪੇਸ਼ ਮੁਸ਼ਕਿਲਾਂ/ਸ਼ਿਕਾਇਤਾਂ ਸੁਣੀਆਂ ਅਤੇ ਮੌਕੇ 'ਤੇ ਹੱਲ ਲਈ ਅਧਿਕਾਰੀਆਂ ਨੂੰ ਦਿਸ਼ਾ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀ ਆਪਣੀ ਸਰਕਾਰ ਹੈ ਤੇ ਪੰਜਾਬ ਸਰਕਾਰ ਵੱਲੋਂ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਕਿਸੇ ਤਰ੍ਹਾਂ ਦੀ ਕਸਰ ਨਹੀਂ ਛੱਡੀ ਜਾਵੇਗੀ।ਸ. ਸੰਧਵਾਂ ਨੇ ਕਿਹਾ ਕਿ ਉਨ੍ਹਾਂ ਦਾ ਇੱਕੋ ਇੱਕ ਮਕਸਦ ਹੈ ਕਿ ਉਨ੍ਹਾਂ ਦੀ ਸਰਕਾਰ ਵੇਲੇ ਕਿਸੇ ਨੂੰ ਵੀ ਆਪਣੇ ਸਰਕਾਰੀ ਕੰਮਾਂ ਲਈ ਜਾਂ ਹੋਰ ਸਮੱਸਿਆਵਾਂ ਤੋਂ ਕਿਸੇ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ 'ਲੋਕ ਮਿਲਣੀ ਪ੍ਰੋਗਰਾਮ' ਰਾਹੀਂ ਉਹ ਸਿੱਧੇ ਤੌਰ 'ਤੇ ਜਨਤਾ ਨਾਲ ਜੁੜ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸੁਣ ਕੇ ਤੁਰੰਤ ਹੱਲ ਵੀ ਕਰ ਰਹੇ ਹਨ।

ਚਾਈਨੀਜ਼ ਡੋਰ ਦੀ ਵਿਕਰੀ ਵਿਰੁੱਧ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਦੁਕਾਨਾਂ ਦੀ ਚੈਕਿੰਗ

ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਚਾਈਨੀਜ਼ ਡੋਰ 'ਤੇ ਪਾਬੰਦੀ ਸਬੰਧੀ ਜਾਂਚ ਕਰਨ ਲਈ ਚੁੰਨੀ ਕਲਾਂ ਤੇ ਸਰਹਿੰਦ-ਫ਼ਤਹਿਗੜ੍ਹ ਸਾਹਿਬ ਦੀਆਂ ਦੁਕਾਨਾਂ ਦੀ ਜਾਂਚ ਕੀਤੀ ਗਈ ਅਤੇ ਕਿਤੋਂ ਵੀ ਚਾਈਨੀਜ਼ ਡੋਰ ਨਹੀਂ ਮਿਲੀ। ਇਸ ਡੋਰ 'ਤੇ ਪਾਬੰਦੀ ਸਬੰਧੀ ਬੈਨਰਾਂ ਨੂੰ ਦੁਕਾਨਾਂ ਦੇ ਬਾਹਰ ਚਿਪਕਾਇਆ ਵੀ ਗਿਆ।ਦੁਕਾਨਦਾਰਾਂ ਤੇ ਆਮ ਲੋਕਾਂ ਨੂੰ ਇਸ ਡੋਰ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਵੀ ਦਿੱਤੀ ਗਈ।ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਐੱਸਡੀਓ ਸ਼੍ਰੀਮਤੀ ਪ੍ਰਿਤਪਾਲ ਕੌਰ ਨੇ ਦੱਸਿਆ ਕਿ ਬੋਰਡ ਦੀ ਟੀਮ ਵੱਲੋਂ ਪਤੰਗ ਤੇ ਡੋਰ ਵੇਚਣ ਦਾ ਕਾਰੋਬਾਰ ਕਰਨ ਵਾਲੇ ਦੁਕਾਨਦਾਰਾਂ ਨੂੰ ਇਸ ਡੋਰ ਦੀ ਵਿਕਰੀ 'ਤੇ ਲਗਾਈ ਗਈ ਰੋਕ ਦੀ ਸਖਤੀ ਨਾਲ ਪਾਲਣਾ ਕਰਨ ਦੇ ਆਦੇਸ਼ ਦਿੱਤੇ ਗਏ।ਪਲਾਸਟਿਕ ਨਾਲ ਬਣੀ ਡੋਰ ਦੀ ਵਿਕਰੀ ਗੈਰ ਕਾਨੂੰਨੀ ਹੈ ਅਤੇ ਇਸ ਦੀ ਵਿਕਰੀ ਕਰਨ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਇਸ ਡੋਰ ਦੀ ਵਿਕਰੀ ਤੇ ਵਰਤੋਂ ਕਰਨ ਵਾਲਿਆਂ ਨੂੰ ਕੈਦ ਵੀ ਹੋ ਸਕਦੀ ਹੈ ਤੇ ਇੱਕ ਲੱਖ ਰੁਪਏ ਦਾ ਜੁਰਮਾਨਾ ਵੀ ਲਗਾਇਆ ਜਾ ਸਕਦਾ ਹੈ।ਚੈਕਿੰਗ ਟੀਮ ਨੇ ਦੁਕਾਨਦਾਰਾਂ ਤੇ ਆਮ ਲੋਕਾਂ ਨੂੰ ਕਿਹਾ ਕਿ ਚਾਈਨਾ ਡੋਰ 'ਤੇ ਲਗਾਈ ਪਾਬੰਦੀ ਦੀ ਸਖਤੀ ਨਾਲ ਪਾਲਣਾ ਕਰਨ ਲਈ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਚਲਾਈ ਜਾ ਰਹੀ ਜਾਗਰੂਕਤਾ ਮੁਹਿੰਮ ਵਿੱਚ ਪੂਰਨ ਸਹਿਯੋਗ ਦਿੱਤਾ ਜਾਵੇ।

ਡਾ. ਮਨਮੋਹਨ ਸਿੰਘ ਦਾ ਕੀਤਾ ਗਿਆ ਅਪਮਾਨ : ਸ਼ੁਭਮ ਸ਼ਰਮਾ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਹਰਦੀਪ ਸਿੰਘ ਦੌਲਤਪੁਰ ਨੇ ਕਿਹਾ ਹੈ ਕਿ ਕੇਂਦਰ ਸਰਕਾਰ ਨੇ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਅਤੇ ਪਹਿਲੇ ਸਿੱਖ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦਾ ਰਾਜਘਾਟ ਵਿਖੇ ਸੰਸਕਾਰ ਨਾ ਕਰਕੇ ਉਨ੍ਹਾਂ ਦਾ ਅਪਮਾਨ ਕੀਤਾ ਹੈ।ਉਨ੍ਹਾਂ ਕੇਂਦਰ ਦੇ ਵਤੀਰੇ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਇਸ ਨਾਲ ਨਾ ਸਿਰਫ਼ ਡਾ. ਮਨਮੋਹਨ ਸਿੰਘ ਦਾ ਅਪਮਾਨ ਹੋਇਆ ਹੈ, ਸਗੋਂ ਇਸ ਨਾਲ ਭਾਜਪਾ ਦੀਆਂ ਸਿੱਖਾਂ ਪ੍ਰਤੀ ਭਾਵਨਾਵਾਂ ਵੀ ਸਾਹਮਣੇ ਆਈਆਂ ਹਨ।ਉਨ੍ਹਾਂ ਕਿਹਾ ਕਿ ਨਿਗਮਬੋਧ ਵਿਖੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਅੰਤਿਮ ਸੰਸਕਾਰ ਦੀ ਸਖ਼ਤ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਡਾ. ਮਨਮੋਹਨ ਸਿੰਘ ਪ੍ਰਧਾਨ ਮੰਤਰੀ ਸਨ, ਜਿਨ੍ਹਾਂ ਨੇ ਦੇਸ਼ ਦੀ ਡੁੱਬਦੀ ਆਰਥਿਕਤਾ ਨੂੰ ਦੂਰ ਕੀਤਾ ਅਤੇ ਅਮਰੀਕਾ ਦੇ ਸਾਬਕਾ ਰਾਸ਼ਟਰਪਤੀ ਬਰਾਕ ਓਬਾਮਾ ਵੀ ਉਨ੍ਹਾਂ ਦੀ ਸਿਆਣਪ ਦੀ ਪ੍ਰਸੰਸਾ ਕਰਦੇ ਸਨ ਅਤੇ ਉਨ੍ਹਾਂ ਨੂੰ ਆਪਣਾ ਗੁਰੂ ਮੰਨਦੇ ਸਨ।ਡਾ. ਮਨਮੋਹਨ ਸਿੰਘ ਨੇ ਦੇਸ਼ ਨੂੰ ਉਨ੍ਹਾਂ ਬੁਲੰਦੀਆਂ 'ਤੇ ਪਹੁੰਚਾਇਆ ਸੀ, ਜਿੱਥੇ ਆਮ ਆਦਮੀ ਸੋਚ ਵੀ ਨਹੀਂ ਸਕਦਾ ਸੀ।

ਡਾ. ਅੰਬੇਡਕਰ ਦਾ ਅਪਮਾਨ ਸਹਿਣ ਨਹੀਂ ਕੀਤਾ ਜਾਵੇਗਾ : ਡੀ ਪੀ ਮੌੜ

ਅਮਿਤ ਸ਼ਾਹ ਅਸਤੀਫਾ ਦੇਵੇ : ਬਲਜੀਤ ਸਿੰਘ ਸਾਹੀ

ਲੁਧਿਆਣਾ (ਐਮ.ਐਸ.ਭਾਟੀਆ) : ਸੰਸਦ ਵਿੱਚ ਸੰਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਦਕਰ ਬਾਰੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਅਪਮਾਨਜਨਕ ਟਿੱਪਣੀ 'ਤੇ ਉਨ੍ਹਾਂ ਦੇ ਫੌਰੀ ਅਸਤੀਫ਼ੇ ਦੀ ਮੰਗ ਨੂੰ ਲੈ ਕੇ ਖੱਬੀਆਂ ਪਾਰਟੀਆਂ ਵੱਲੋਂ ਲੁਧਿਆਣਾ ਵਿਖੇ ਇਕ ਰੋਸ ਪ੍ਰਦਰਸ਼ਨ ਕੀਤਾ ਗਿਆ।ਸੀਪੀਆਈ ਦੇ ਜ਼ਿਲ੍ਹਾ ਸਕੱਤਰ ਡੀ ਪੀ ਮੌੜ ਤੇ ਸੀਪੀਐਮ ਦੇ ਜ਼ਿਲ੍ਹਾ ਸਕੱਤਰ ਸਾਥੀ ਬਲਜੀਤ ਸਿੰਘ ਸਾਹੀ ਨੇ ਕਿਹਾ ਕਿ ਇਹ ਅਸਲ ਵਿੱਚ ਆਰ ਐਸ ਐਸ ਦੀ ਜਾਤ-ਪਾਤ ਬਾਰੇ ਉਚ-ਨੀਚ ਦੀ ਸੋਚ ਤੇ ਮਨੂੰਵਾਦੀ ਵਿਚਾਰਧਾਰਾ ਦਾ ਪ੍ਰਗਟਾਅ ਹੈ ਤੇ ਅਖੀਰ ਇਹ ਗੱਲ ਮੂੰਹ 'ਚੋਂ ਨਿਕਲ ਹੀ ਗਈ।ਆਗੂਆਂ ਨੇ ਮੰਗ ਕੀਤੀ ਕਿ ਡਾਕਟਰ ਅੰਬੇਦਕਰ ਬਾਰੇ ਵਿਅੰਗ ਕਸਣ ਨੂੰ ਲੈ ਕੇ ਅਮਿਤ ਸ਼ਾਹ 'ਤੇ ਕੇਸ ਚਲਾਇਆ ਜਾਏ।ਡਾਕਟਰ ਭੀਮ ਰਾਓ ਅੰਬੇਦਕਰ ਦਾ ਨਾਂਅ ਅਸੀਂ ਸਨਮਾਨ ਨਾਲ ਲੈਂਦੇ ਹਾਂ, ਕਿਉਂਕਿ ਸਾਡੇ ਦੇਸ਼ ਨੂੰ ਆਪਣਾ ਸੰਵਿਧਾਨ ਦੇਣ ਲਈ ਉਨ੍ਹਾਂ ਦਾ ਬਹੁਤ ਵੱਡਾ ਯੋਗਦਾਨ ਹੈ।ਉਨ੍ਹਾਂ ਦੀ ਸੰਵਿਧਾਨਕ ਦੇਣ ਸਦਕਾ ਜਾਤ-ਪਾਤ ਦੇ ਨਾਂਅ ਤੇ ਸਦੀਆਂ ਤੋਂ ਦੱਬੇ ਕੁਚਲੇ ਲੋਕਾਂ ਨੂੰ ਕੁਝ ਹੱਦ ਤੱਕ ਉੱਠਣ ਦਾ ਮੌਕਾ ਮਿਲਿਆ।ਇਹ ਰੋਸ ਪ੍ਰਦਰਸ਼ਨ ਭਾਰਤੀ ਕਮਿਊਨਿਸਟ ਪਾਰਟੀ, ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ) ਲਿਬਰੇਸ਼ਨ ਵੱਲੋਂ ਸਾਂਝੇ ਤੌਰ 'ਤੇ ਦੇਸ਼ ਭਰ ਵਿੱਚੋਂ ਖੱਬੀਆਂ ਪਾਰਟੀਆਂ ਵੱਲੋਂ ਦਿੱਤੇ ਸੱਦੇ ਦੇ ਹਿੱਸੇ ਵਜੋਂ ਕੀਤਾ ਗਿਆ।

ਬਾਬਾ ਗਰਜਾ ਸਿੰਘ ਬਾਪਲੇ ਵਾਲਿਆਂ ਦੀ ਯਾਦ 'ਚ 36ਵਾਂ ਸਾਲਾਨਾ ਜੋੜ ਮੇਲਾ ਪਹਿਲੀ ਤੋਂ

ਮਹਿਲ ਕਲਾਂ (ਪ੍ਰਦੀਪ ਲੋਹਗੜ੍ਹ)-ਸੰਤ ਬਾਬਾ ਗਰਜਾ ਸਿੰਘ ਯਾਦਗਾਰੀ ਸੁਸਾਇਟੀ ਵੱਲੋਂ ਗ੍ਰਾਮ ਪੰਚਾਇਤ ਤੇ ਸੰਗਤ ਦੇ ਸਹਿਯੋਗ ਨਾਲ ਸੰਤ ਬਾਬਾ ਗਰਜਾ ਸਿੰਘ ਬਾਪਲੇ ਵਾਲਿਆਂ ਦੀ ਯਾਦ 'ਚ 36ਵਾਂ ਸਾਲਾਨਾ ਜੋੜ ਮੇਲਾ ਸੰਤ ਆਸ਼ਰਮ ਪਿੰਡ ਬਾਪਲਾ ਵਿਖੇ ਮਿਤੀ 1 ਜਨਵਰੀ ਤੋਂ 3 ਜਨਵਰੀ ਤੱਕ ਬਾਬਾ ਗੁਲਜਾਰ ਸਿੰਘ ਦੀ ਰਹਿਨੁਮਾਈ ਹੇਠ ਕਰਵਾਇਆ ਜਾ ਰਿਹਾ ਹੈ। ਸਮਾਗਮ ਦੇ ਪ੍ਰਬੰਧਕ ਭਾਈ ਸੁਰਜੀਤ ਸਿੰਘ ਬਾਪਲਾ ਡਾ. ਸੁਖਵਿੰਦਰ ਸਿੰਘ ਬਾਪਲਾ ਨੇ ਦੱਸਿ

31-Dec-PAG-3.qxd 12/30/2024 10:40 PM Page 1

ਪੰਜਾਬ ਬੰਦ ਦੀ ਕਾਲ 'ਤੇ ਗੁਰਦਾਸਪੁਰ ਸ਼ਹਿਰ ਰਿਹਾ ਮੁਕੰਮਲ ਬੰਦ

* ਪੈਟਰੋਲ ਪੰਪਾਂ ਦੇ ਮਾਲਕਾਂ ਨੇ ਵੀ ਬੰਦ ਦੌਰਾਨ ਕੀਤੀ ਭਰਵੀਂ ਸ਼ਮੂਲੀਅਤ

ਗੁਰਦਾਸਪੁਰ, (ਜਨਕ ਮਹਾਜਨ)-ਕਿਸਾਨ ਜਥੇਬੰਦੀਆਂ ਵੱਲੋਂ ਕੇਂਦਰ ਸਰਕਾਰ 'ਤੇ ਦਬਾਅ ਬਣਾਉਣ ਦੇ ਲਈ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਹਮਾਇਤ ਵਿਚ ਪੰਜਾਬ ਬੰਦ ਦੇ ਦਿੱਤੇ ਸੱਦੇ 'ਤੇ ਗੁਰਦਾਸਪੁਰ ਸ਼ਹਿਰ ਜਿੱਥੇ ਮੁਕੰਮਲ ਬੰਦ ਰਿਹਾ ਉਥੇ ਹੀ ਆਲੇ-ਦੁਆਲੇ ਦੇ ਕਸਬਿਆਂ ਅਤੇ ਪਿੰਡਾਂ ਅੰਦਰ ਦੁਕਾਨਾਂ ਵੀ ਬੰਦ ਦਿਖਾਈ ਦਿੱਤੀਆਂ। ਬੰਦ ਦੇ ਸੱਦੇ ਦੌਰਾਨ ਪ੍ਰਾਇਵੇਟ ਅਤੇ ਸਰਕਾਰੀ ਬੱਸਾਂ ਅਤੇ ਰੇਲ ਗੱਡੀਆਂ ਵੀ ਬੰਦ ਰਹੀਆਂ। ਲੋਕਾਂ ਨੇ ਕਿਸਾਨੀ ਜਥੇਬੰਦੀ ਦੇ ਮੋਢੇ ਨਾਲ ਮੋਢਾ ਜੋੜ ਕੇ ਸਾਥ ਦਿੱਤਾ। ਕਿਸਾਨ ਆਗੂਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਮਹੀਨੇ ਤੋਂ ਵੱਧ ਸਮਾਂ ਮਰਨ 'ਤੇ ਬੈਠੇ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਵਿਗੜਦੀ ਜਾ ਰਹੀ ਹੈ ਪਰ ਕੇਂਦਰ ਸਰਕਾਰ ਆਪਣਾ ਅੜੀਅਲ ਰਵੱਈਆ ਛੱਡਣ ਨੂੰ ਤਿਆਰ ਨਹੀਂ। ਉਨ੍ਹਾਂ ਕਿਹਾ ਕਿ ਜੇਕਰ ਜਗਜੀਤ ਸਿੰਘ ਡੱਲੇਵਾਲ ਨੂੰ ਕੋਈ ਨੁਕਸਾਨ ਹੁੰਦਾ ਹੈ ਕਿ ਉਸ ਦੀ ਜ਼ਿੰਮੇਵਾਰ ਕੇਂਦਰ ਸਰਕਾਰ ਹੋਵੇਗੀ। ਕਿਸਾਨ ਆਗੂ ਅਵਤਾਰ ਸਿੰਘ ਪੰਧੇਰ, ਅਵਤਾਰ ਸਿੰਘ, ਬਚਿੱਤਰ ਸਿੰਘ, ਜਗਤਾਰ ਸਿੰਘ, ਦਲਜੀਤ ਸਿੰਘ ਅਤੇ ਜਰਮਨ ਸਿੰਘ ਦੇ ਸਾਥੀਆਂ ਨੇ ਪਿੰਡਾਂ ਤੇ ਸ਼ਹਿਰਾਂ ਵਿੱਚ ਖੁੱਲ੍ਹੀਆਂ ਦੁਕਾਨਾਂ ਨੂੰ ਬੰਦ ਕਰਵਾਇਆ। ਗੁਰਦਾਸਪੁਰ ਬੱਸ ਅੱਡੇ 'ਤੇ ਤਕਰੀਬਨ 75 ਦੇ ਕਰੀਬ ਬੱਸਾਂ ਬੰਦ ਪਈਆਂ ਸਨ ਅਤੇ ਪ੍ਰਾਈਵੇਟ ਟਰਾਂਸਪੋਰਟ ਯੂਨੀਅਨ ਤੇ ਸਰਬੱਤ ਦਾ ਭਲਾ ਐਸੋਸੀਏਸ਼ਨ ਦੇ ਆਗੂਆਂ ਵਿੱਚ ਪ੍ਰਧਾਨ ਹਰਦਿਆਲ ਸਿੰਘ ਮਾਨ, ਕੁਲਦੀਪ ਸਿੰਘ, ਲਖਵਿੰਦਰ ਸਿੰਘ, ਗੁਰਦੀਪ ਸਿੰਘ, ਜਗਜੀਵਨ ਸਿੰਘ, ਕਥਵਿੰਦਰ ਸਿੰਘ, ਹਰਭਜਨ ਸਿੰਘ, ਸਰਬੱਤ ਦਾ ਭਲਾ ਯੂਨੀਅਨ ਦੇ ਪ੍ਰਧਾਨ ਸਨੀ ਡੋਗਰਾ, ਐਲਵਿਨ ਗਿੱਲ, ਅਰਜਨ ਸਿੰਘ, ਬਿਕਰਮਜੀਤ ਸਿੰਘ, ਬੰਟੀ ਚਾਵਾ, ਲਾਡੀ ਚਾਵਾ, ਰਾਜੂ ਭੰਗਾਲਾ, ਸ਼ਿੰਦਾ ਗੁਨੋਪੁਰ, ਸਾਬੀ ਧਾਰੀਵਾਲ, ਹਰਦੀਪ ਸਿੰਘ, ਬਾਬਾ ਨੀਟਾ, ਲੱਖਾ ਭਿਖਾਰੀਵਾਲ ਅਤੇ ਹਰਜੀਤ ਸਿੰਘ ਗੁਰਦਾਸਪੁਰ ਨੇ ਬੱਸ ਅੱਡਾ ਗੁਰਦਾਸਪੁਰ ਵਿਖੇ ਕੇਂਦਰ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਦੌਰਾਨ ਮੈਡੀਕਲ ਸੇਵਾਵਾਂ ਖੁੱਲ੍ਹੀਆਂ ਰਹੀਆਂ। ਇਸੇ ਤਰ੍ਹਾਂ ਦਿਹਾਤੀ ਖੇਤਰ ਦੇ ਇਲਾਕੇ ਅੰਦਰ ਪੁਰਾਣਾ ਸ਼ਾਲਾ, ਤਿੱਬੜੀ ਕੈਂਟ, ਤਾਲਿਬਪੁਰ ਪੰਡੋਰੀ, ਗਾਜ਼ੀਕੋਟ, ਸਾਹੋਵਾਲ, ਛੀਨਾਬੇਟ ਤੋਂ ਇਲਾਵਾ ਅੱਡਾ ਸੈਦੋਵਾਲ ਕਲਾਂ, ਕਲੀਚਪੁਰ, ਪੱਖੋਵਾਲ ਕੁਲੀਆਂ ਆਦਿ ਪੂਰੀ ਤਰ੍ਹਾਂ ਬੰਦ ਰਹੇ। ਇਥੇ ਜਿਕਰਯੋਗ ਹੈ ਕਿ ਇਸ ਬੰਦ ਦੇ ਸੱਦੇ ਦੌਰਾਨ ਲੋਕਾਂ ਨੂੰ ਰੋਜ਼ਮਰ੍ਹਾ ਦੀਆਂ ਚੀਜ਼ਾਂ ਦੁੱਧ, ਦਹੀ, ਸਬਜ਼ੀਆਂ, ਕਰਿਆਨਾ ਆਦਿ ਖ਼ਰੀਦਣ ਵਿਚ ਜਿੱਥੇ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ ਉਥੇ ਹੀ ਆਪਣੇ ਜ਼ਰੂਰੀ ਕੰਮਾਂਕਾਰਾਂ ਨੂੰ ਜਾਣ ਵਾਲੇ ਲੋਕਾਂ ਨੂੰ ਕਾਫ਼ੀ ਦਿਕਤਾਂ ਪੇਸ਼ ਆਈਆਂ।

ਇਸ ਬੰਦ ਨੂੰ ਸਫ਼ਲ ਬਣਾਉਣ ਲਈ ਕਿਸਾਨ ਜਥੇਬੰਦੀਆਂ ਦੇ ਕੁਝ ਆਗੂ ਖੁੱਲ੍ਹੇ ਬੈਂਕਾਂ ਅਤੇ ਪ੍ਰਾਈਵੇਟ ਅਦਾਰਿਆਂ ਨੂੰ ਬੰਦ ਕਰਵਾਉਣ ਲਈ ਯਤਨਸ਼ੀਲ ਸਨ।

ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ

ਬੁਤਾਲਾ-ਪਿੰਡ ਬੁਤਾਲਾ ਵਿਖੇ ਪੰਜਾਬ ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ ਮਿਲਿਆ।ਮੈਡੀਕਲ ਸਟੋਰ ਅਤੇ ਹਸਪਤਾਲ ਖੁੱਲ੍ਹੇ ਰਹੇ।ਬਾਕੀ ਸਭ ਦੁਕਾਨਾਂ ਬੰਦ ਰਹੀਆਂ। (ਫੋਟੋ ਤੇ ਵੇਰਵਾ : ਨਿਰਮਲ ਸਿੰਘ ਸੰਘਾ)-

ਪੀ ਐੱਚ ਡੀ ਸੀ ਸੀ ਆਈ ਪੰਜਾਬ ਦੇ ਚੇਅਰ ਕਰਨ ਗਿਲਹੋਤਰਾ ਦਾ ਵਿਸ਼ੇਸ਼ ਸਨਮਾਨ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੀਐੱਚਡੀ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ ਪੰਜਾਬ ਦੇ ਚੈਪਟਰ ਦੇ ਚੇਅਰ ਕਰਨ ਗਿਲਹੋਤਰਾ ਨੂੰ ਕੇਂਦਰੀ ਫੂਡ ਪ੍ਰੋਸੈਸਿੰਗ ਮੰਤਰਾਲੇ ਅਤੇ ਸੱਭਿਆਚਾਰਕ ਮੰਤਰਾਲੇ ਦੇ ਸਹਿਯੋਗ ਨਾਲ ਐੱਸਆਰਐੱਸ ਫਾਊਂਡੇਸ਼ਨ ਵੱਲੋਂ ਆਯੋਜਿਤ ਫਲੇਵਰਜ਼ ਆਫ਼ ਇੰਡੀਆ ਕਨਕਲੇਵ ਦੌਰਾਨ ਪੰਜਾਬ ਵਿੱਚ ਉਦਯੋਗਾਂ ਨੂੰ ਉਤਸ਼ਾਹਿਤ ਕਰਨ, ਸਮਾਜ ਸੇਵਾ ਦੇ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ ਹੈ।ਇਸ ਪ੍ਰੋਗਰਾਮ ਦਾ ਉਦਘਾਟਨ ਭਾਰਤ ਸਰਕਾਰ ਦੇ ਫੂਡ ਪ੍ਰੋਸੈਸਿੰਗ ਉਦਯੋਗ ਮੰਤਰੀ ਚਿਰਾਗ ਪਾਸਵਾਨ ਨੇ ਕੀਤਾ ਜਦਕਿ ਅਰਜੁਨ ਰਾਮ ਮੇਘਵਾਲ, ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰੀ, ਗਜੇਂਦਰ ਸਿੰਘ ਸ਼ੇਖਾਵਤ, ਕੇਂਦਰੀ ਸੱਭਿਆਚਾਰ ਅਤੇ ਸੈਰ ਸਪਾਟਾ ਮੰਤਰੀ, ਗਿਰੀਰਾਜ ਸਿੰਘ, ਕੇਂਦਰੀ ਕੱਪੜਾ ਮੰਤਰੀ, ਡਾ. ਜਤਿੰਦਰ ਸਿੰਘ, ਵਿਗਿਆਨ ਅਤੇ ਤਕਨਾਲੋਜੀ ਰਾਜ ਮੰਤਰੀ ਸ਼ਾਮਲ ਸਨ।ਇਸ ਸਮਾਗਮ ਦੌਰਾਨ ਵਿਗਿਆਨ ਅਤੇ ਤਕਨਾਲੋਜੀ ਮੰਤਰੀ ਡਾ. ਜਤਿੰਦਰ ਸਿੰਘ ਨੇ ਪੰਜਾਬ ਵਿੱਚ ਵੱਖ-ਵੱਖ ਉਦਯੋਗਾਂ ਨੂੰ ਅੱਗੇ ਵਧਾਉਣ ਲਈ ਉਨ੍ਹਾਂ ਦੀ ਮਿਸਾਲੀ ਅਗਵਾਈ ਤੇ ਅਟੁੱਟ ਸਮਰਪਣ ਲਈ ਪੀਐੱਚਡੀਸੀਸੀਆਈ ਪੰਜਾਬ ਦੇ ਪ੍ਰਧਾਨ ਕਰਨ ਗਿਲਹੋਤਰਾ ਨੂੰ ਇੱਕ ਵੱਕਾਰੀ ਪੁਰਸਕਾਰ ਪ੍ਰਦਾਨ ਕੀਤਾ।

ਉਨ੍ਹਾਂ ਦੇ ਦੂਰਅੰਦੇਸ਼ੀ ਦ੍ਰਿਸ਼ਟੀਕੋਣ ਅਤੇ ਰਣਨੀਤਕ ਪਹਿਲਕਦਮੀਆਂ ਨੇ ਨਵੀਨਤਾ ਨੂੰ ਉਤਸ਼ਾਹਿਤ ਕਰਨ, ਉਦਯੋਗ ਦੇ ਮਿਆਰਾਂ ਨੂੰ ਉੱਚਾ ਚੁੱਕਣ ਅਤੇ ਟਿਕਾਊ ਵਿਕਾਸ ਨੂੰ ਅੱਗੇ ਵਧਾਉਣ ਲਈ ਮਹੱਤਵਪੂਰਨ ਯੋਗਦਾਨ ਪਾਇਆ ਹੈ।ਉਤਮਤਾ ਪ੍ਰਤੀ ਉਨ੍ਹਾਂ ਦੀ ਮਜ਼ਬੂਤ ਵਚਨਬੱਧਤਾ ਅਤੇ ਪ੍ਰਤਿਭਾ ਨੂੰ ਪਾਲਣ ਅਤੇ ਉਦਯੋਗ ਦੇ ਅੰਦਰ ਮੌਕੇ ਪੈਦਾ ਕਰਨ ਦੇ ਉਨ੍ਹਾਂ ਦੇ ਯਤਨਾਂ ਨੂੰ ਭਵਿੱਖ ਦੇ ਯਤਨਾਂ ਲਈ ਇੱਕ ਮਾਪਦੰਡ ਵਜੋਂ ਸ਼ਲਾਘਾ ਕੀਤੀ ਗਈ।ਸੰਮੇਲਨ ਦਾ ਆਯੋਜਨ ਸ਼ਹਿਜ਼ਾਦ ਪੂਨਾਵਾਲਾ, ਹਿਮਾਨੀ ਅਰੋੜਾ ਅਤੇ ਐੱਸ ਆਰ ਐੱਸ ਐੱਫ ਫਾਊਂਡੇਸ਼ਨ ਵੱਲੋਂ ਕੀਤਾ ਗਿਆ, ਜਿੱਥੇ ਪੂਨਾਵਾਲਾ ਨੇ ਦੇਸ਼ ਦੇ ਪ੍ਰਮੁੱਖ ਰੈਸਟੋਰੇਟਰਾਂ ਜਿਵੇਂ ਕਿ ਐੱਨਆਰਏਆਈ ਦੇ ਪ੍ਰਧਾਨ ਸਾਗਰ ਜੇ ਦਰਿਆਨੀ, ਫਰਜ਼ੀ ਕੈਫੇ ਦੇ ਸੰਸਥਾਪਕ ਜ਼ੋਰਾਵਰ ਕਾਲੜਾ ਅਤੇ ਬਿਗ ਚਿਲ ਦੇ ਸੰਸਥਾਪਕ ਅਸੀਮ ਗਰੋਵਰ ਦੇ ਨਾਲ ਭਾਰਤੀ ਭੋਜਨ ਉਦਯੋਗ 'ਚ ਸਥਿਰਤਾ 'ਤੇ ਪੈਨਲ ਚਰਚਾ ਕੀਤੀ।ਅੰਮ੍ਰਿਤਸਰ ਦੀ ਫੈਸ਼ਨ ਡਿਜ਼ਾਈਨਰ ਹਿਮਾਨੀ ਅਰੋੜਾ ਨੇ ਭਾਰਤੀ ਟੈਕਸਟਾਈਲ ਦੇ ਭਵਿੱਖ ਬਾਰੇ ਪੈਨਲ ਚਰਚਾ ਦਾ ਸੰਚਾਲਨ ਕੀਤਾ, ਜਿਸ 'ਚ ਐੱਫਡੀਸੀਆਈ ਦੇ ਪ੍ਰਧਾਨ ਸੁਨੀਲ ਸੇਠੀ, ਲਿਬਾਸ ਦੇ ਸੰਸਥਾਪਕ ਅਤੇ ਸੀਈਓ ਸਿਧਾਂਤ ਕੇਸ਼ਵਾਨੀ ਅਤੇ ਫੈਸ਼ਨ ਡਿਜ਼ਾਈਨਰ ਅਮਿਤ ਅਗਰਵਾਲ, ਅਖਿਲੇਸ਼ ਪਾਹਵਾ, ਮੋਨਿਕਾ ਸ਼ਾਹ ਨਾਲ ਭਾਰਤੀ ਟੈਕਸਟਾਈਲ ਦੇ ਭਵਿੱਖ, ਸਮਕਾਲੀ ਫੈਸ਼ਨ ਵਿੱਚ ਰੁਝਾਨ ਅਤੇ ਨਵੀਨਤਾਵਾਂ ਬਾਰੇ ਚਰਚਾ ਕੀਤੀ ਗਈ।

ਪੰਜਾਬ ਬੰਦ ਦੇ ਸੱਦੇ ਤਹਿਤ ਲੌਂਗੋਵਾਲ 'ਚ ਜਥੇਬੰਦੀਆਂ ਵੱਲੋਂ ਚੱਕਾ ਜਾਮ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ): ਦੇਸ਼ ਦੇ ਦੋ ਵੱਡੇ ਫੋਰਮ ਕਿਸਾਨ ਮਜ਼ਦੂਰ ਮੋਰਚਾ ਭਾਰਤ ਤੇ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਭਾਰਤ ਦੇ ਦਿੱਤੇ ਸੱਦੇ ਤਹਿਤ ਭਾਰਤੀ ਕਿਸਾਨ ਯੂਨੀਅਨ ਏਕਤਾ (ਆਜ਼ਾਦ) ਵੱਲੋਂ ਜ਼ਿਲ੍ਹਾ ਸੰਗਰੂਰ ਵਿਖੇ ਤਕਰੀਬਨ 11 ਥਾਵਾਂ 'ਤੇ ਜਾਮ ਲਾਇਆ ਗਿਆ ਤੇ ਗੁਰਨੇ ਕਲਾਂ ਵਿੱਚ ਰੇਲ ਪਟੜੀ ਤੇ ਬੈਠ ਕੇ ਰੇਲਾਂ ਦਾ ਚੱਕਾ ਜਾਮ ਕੀਤਾ ਗਿਆ।ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਦੇ ਸੂਬਾਈ ਆਗੂ ਦਿਲਬਾਗ ਸਿੰਘ ਹਰੀਗੜ੍ਹ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨ ਮਜ਼ਦੂਰ ਵਿਰੋਧੀ ਸਰਕਾਰ ਸਾਬਤ ਹੋ ਰਹੀ ਹੈ।13 ਫ਼ਰਵਰੀ ਤੋਂ ਕਿਸਾਨਾਂ ਨੂੰ ਸ਼ੰਭੂ ਬਾਰਡਰ, ਖਨੌਰੀ ਬਾਰਡਰ ਤੇ ਰਤਨਪੁਰਾ ਬਾਰਡਰ ਤੇ ਵੱਡੀਆਂ ਰੋਕਾਂ ਖੜੀਆਂ ਕਰਕੇ ਦਿੱਲੀ ਜਾਣ ਤੋਂ ਰੋਕਿਆ ਹੋਇਆ ਹੈ।ਕਿਸਾਨ ਬਾਰਡਰਾਂ ਤੇ ਮੋਰਚੇ ਵਿੱਚ ਬੈਠੇ ਹੋਏ ਹਨ ਪਰ ਕੇਂਦਰ ਸਰਕਾਰ ਮੰਨੀਆਂ ਮੰਗਾਂ ਲਾਗੂ ਕਰਨ ਦੀ ਥਾਂ ਕਿਸਾਨਾਂ ਨੂੰ ਤਹਿਸ਼ੁਦਾ ਨੀਤੀ ਤਹਿਤ ਬਦਨਾਮ ਕਰਨ 'ਤੇ ਲੱਗੀ ਹੋਈ ਹੈ। ਕਿਸਾਨਾਂ ਤੋਂ ਜਮਹੂਰੀ ਹੱਕ ਖੋਹਿਆ ਜਾ ਰਿਹਾ ਹੈ ਤੇ ਜਬਰ ਕੀਤਾ ਜਾ ਰਿਹਾ ਹੈ ਜਿਸ ਕਾਰਨ ਸੈਂਕੜੇ ਕਿਸਾਨ ਗੰਭੀਰ ਫ਼ੱਟੜ ਹੋਏ ਹਨ ਅਤੇ ਤਿੰਨ ਦਰਜਨ ਤੋਂ ਵੱਧ ਕਿਸਾਨ ਮੋਰਚੇ ਵਿੱਚ ਸ਼ਹੀਦ ਹੋਏ ਹਨ।ਨੈਸ਼ਨਲ ਹਾਈਵੇ ਤੇ ਵੱਡੀਆਂ ਵੱਡੀਆਂ ਕੰਧਾਂ ਕੱਢ ਕੇ ਅਤੇ ਵੱਡੀਆਂ-ਵੱਡੀਆਂ ਨੁਕੀਲੀਆਂ ਕਿੱਲਾਂ ਗੱਡ ਕੇ ਕਿਸਾਨਾਂ ਨੂੰ ਦਿੱਲੀ ਪੈਦਲ ਜਾਣ ਤੋਂ ਵੀ ਰੋਕਿਆ ਹੋਇਆ ਹੈ।ਕਿਸਾਨੀ ਮੰਗਾਂ ਵਿੱਚ ਕਿਸਾਨਾਂ-ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਖਤਮ ਕਰਨ, ਐੱਮਐੱਸਪੀ ਤੇ ਖਰੀਦ ਦੀ ਗਰੰਟੀ ਦਾ ਕਨੂੰਨ ਬਣਾਉਣ, ਮਨਰੇਗਾ ਤਹਿਤ ਸਾਲ ਵਿੱਚ ਮਜ਼ਦੂਰਾਂ ਨੂੰ 200 ਦਿਨ ਰੁਜ਼ਗਾਰ ਦੇਣ, ਜਬਰੀ ਜ਼ਮੀਨਾਂ ਹਥਿਆਉਣੀਆਂ ਬੰਦ ਕਰਨ, ਲਖੀਮਪੁਰ ਖੀਰੀ ਦੇ ਕਾਤਲਾਂ ਨੂੰ ਸਜ਼ਾਵਾਂ ਦਵਾਉਣ, ਕਿਸਾਨਾਂ ਤੇ ਪਾਏ ਗਏ ਝੂਠੇ ਪੁਲਸ ਕੇਸ ਰੱਦ ਕਰਾਉਣ, ਸ਼ਹੀਦ ਹੋਏ ਪਰਿਵਾਰਾਂ ਨੂੰ ਮੁਆਵਜ਼ਾ ਦੇਣ, 60 ਸਾਲ ਦੀ ਉਮਰ ਵਿੱਚ ਪੈਨਸ਼ਨ ਸਕੀਮ ਲਾਗੂ ਕਰਨ, ਜਨਤਕ ਖੇਤਰ ਦੇ ਅਦਾਰਿਆਂ ਦਾ ਨਿੱਜੀਕਰਨ ਬੰਦ ਕਰਨ, ਖੇਤੀ ਮੰਡੀ ਡਰਾਫਟ ਰੱਦ ਕਰਨ, ਫ਼ਸਲੀ ਬੀਮਾ ਸਕੀਮ ਸਰਕਾਰੀ ਪੱਧਰ ਤੇ ਲਾਗੂ ਕਰਨ, ਫ਼ਸਲਾਂ ਦੇ ਭਾਅ ਸੁਆਮੀਨਾਥਨ ਫਾਰਮੂਲੇ ਤਹਿਤ ਲੈਣ ਆਦਿ ਮੰਗਾਂ ਨੂੰ ਪੂਰੀਆਂ ਕਰਾਉਣ ਲਈ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਸੀ ਜਦਕਿ ਕਿਸਾਨੀ ਮੰਗਾਂ ਨੂੰ ਲੈ ਕੇ ਖਨੌਰੀ ਬਾਰਡਰ ਤੇ ਜਗਜੀਤ ਸਿੰਘ ਡੱਲੇਵਾਲ ਪਿਛਲੇ 36 ਦਿਨਾਂ ਤੋਂ ਮਰਨ ਵਰਤ ਤੇ ਬੈਠੇ ਹੋਏ ਹਨ ਜਿਸ ਕਾਰਨ ਉਹਨਾਂ ਦੀ ਸਿਹਤ ਦੇ ਹਾਲਾਤ ਚਿੰਤਾਜਨਕ ਬਣੇ ਹੋਏ ਹਨ।ਜ਼ਿਲਾ ਕਾਰਜਕਾਰੀ ਕਨਵੀਨਰ ਕੁਲਵਿੰਦਰ ਸੋਨੀ ਲੌਂਗੋਵਾਲ ਨੇ ਕਿਹਾ ਕਿ ਕੇਦਰ ਸਰਕਾਰ ਸੁਪਰੀਮ ਕੋਰਟ ਨੂੰ ਕਿਸਾਨੀ ਸੰਘਰਸ਼ਾਂ ਖਿਲਾਫ ਹਥਿਆਰ ਵਜੋਂ ਵਰਤ ਰਹੀ ਹੈ, ਅਸੀਂ ਸੰਵਿਧਾਨਕ ਸੰਸਥਾਵਾਂ ਦਾ ਸਤਿਕਾਰ ਕਰਦੇ ਹੋਏ ਮੰਗ ਕਰਦੇ ਹਾਂ ਕਿ ਸੁਪਰੀਮ ਕੋਰਟ ਕੇਂਦਰ ਸਰਕਾਰ ਨੂੰ ਮੰਨੀਆਂ ਮੰਗਾਂ ਲਾਗੂ ਕਰਾਉਣ ਲਈ ਨੋਟਿਸ ਜਾਰੀ ਕਰਕੇ ਜਗਜੀਤ ਸਿੰਘ ਡੱਲੇਵਾਲ ਦੀ ਕੀਮਤੀ ਜਾਨ ਨੂੰ ਬਚਾਉਣ ਦਾ ਉਪਰਾਲਾ ਕਰੇ।ਅੱਜ ਦੇ ਪੰਜਾਬ ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ।ਕਿਸਾਨ ਆਗੂਆਂ ਨੇ ਕਿਹਾ ਕਿ ਜਿੰਨੀ ਦੇਰ ਤੱਕ ਭਾਜਪਾ ਸਰਕਾਰ ਮੰਗਾਂ ਲਾਗੂ ਨਹੀਂ ਕਰਦੀ ਸੰਘਰਸ਼ ਜਾਰੀ ਰੱਖਿਆ ਜਾਵੇਗਾ।ਅੱਜ ਦੇ ਵਿਸ਼ਾਲ ਧਰਨਿਆਂ ਨੂੰ ਹੋਰਨਾਂ ਤੋਂ ਇਲਾਵਾ ਬਲਜਿੰਦਰ ਲੌਂਗੋਵਾਲ, ਕਰਨੈਲ ਲੌਂਗੋਵਾਲ, ਅਮਰ ਲੌਂਗੋਵਾਲ, ਕਮਲਜੀਤ ਲੌਂਗੋਵਾਲ, ਲਖਵਿੰਦਰ ਲੱਖੀ, ਬਲਵੀਰ ਚੰਦ ਲੌਂਗੋਵਾਲ, ਵਪਾਰ ਮੰਡਲ ਦੇ ਅਮ੍ਰਿਤਪਾਲ ਲੌਂਗੋਵਾਲ, ਪਵਨ ਕੁਮਾਰ ਬਬਲਾ, ਭੋਲਾ ਸਿੰਘ ਸੰਗਰਾਮੀ, ਗੁਰਦੀਪ ਮੰਡੇਰ ਖੁਰਦ ਆਦਿ ਨੇ ਸੰਬੋਧਨ ਕੀਤਾ।

ਸੰਯੁਕਤ ਕਿਸਾਨ ਮੋਰਚੇ ਦੇ ਬੰਦ ਨੂੰ ਥਾਂ-ਥਾਂ ਮਿਲਿਆ ਭਰਵਾਂ ਹੁੰਗਾਰਾ

ਮਲੋਟ, (ਗੁਰਮੀਤ ਸਿੰਘ ਮੱਕੜ)-ਕਿਸਾਨ ਸੰਯੁਕਤ ਮੋਰਚੇ ਦੇ ਬੰਦ ਦੇ ਸੱਦੇ ਨੂੰ ਮਲੋਟ ਵਿਚ ਭਰਵਾਂ ਹੁੰਗਾਰਾ ਦੇਖਣ ਨੂੰ ਮਿਲਿਆ ਹੈ ਅਤੇ ਪੂਰਾ ਬਾਜ਼ਾਰ ਪੂਰਨ ਤੌਰ 'ਤੇ ਬੰਦ ਰਿਹਾ ਹੈ। ਜਿੱਥੇ ਮਲੋਟ ਦੇ ਬਾਜ਼ਾਰ ਪੂਰਨ ਤੌਰ 'ਤੇ ਬੰਦ ਰਹੇ, ਉਥੇ ਕਿਸਾਨਾਂ ਵੱਲੋਂ ਆਵਾਜਾਈ ਮੁਕੰਮਲ ਤੌਰ 'ਤੇ ਠੱਪ ਰੱਖੀ ਗਈ। ਮਲੋਟ ਦੇ ਵਪਾਰ ਮੰਡਲ, ਟਰੱਕ ਯੂਨੀਅਨ, ਕਰਿਆਨਾ ਯੂਨੀਅਨ, ਸੁਨਿਆਰ ਯੂਨੀਅਨ, ਰੇਹੜੀ ਫੜ੍ਹੀ ਵਾਲਿਆਂ ਵੱਲੋਂ ਆਪਣਾ ਕਾਰੋਬਾਰ ਬੰਦ ਰੱਖ ਕੇ ਕਿਸਾਨਾਂ ਦੇ ਬੰਦ ਨੂੰ ਸਮਰਥਨ ਦਿੱਤਾ ਗਿਆ। ਇਸ ਮੌਕੇ 'ਤੇ ਗੱਲਬਾਤ ਕਰਦੇ ਹੋਏ ਦੁਕਾਨਦਾਰਾਂ ਨੇ ਕਿਹਾ ਕਿ ਉਨ੍ਹਾਂ ਵੱਲੋਂ ਬੰਦ ਦਾ ਸਮਰਥਨ ਦਿੰਦੇ ਹੋਏ ਆਪਣੀਆਂ ਦੁਕਾਨਾਂ ਬੰਦ ਰੱਖੀਆਂ ਗਈਆਂ ਹਨ, ਪ੍ਰੰਤੂ ਇਸ ਦੇ ਬਦਲੇ ਉਨ੍ਹਾਂ ਨੂੰ ਨੁਕਸਾਨ ਝੱਲਣਾ ਪੈ ਰਿਹਾ ਹੈ, ਕਿਉਂਕਿ ਕਾਰੋਬਾਰ ਪਹਿਲਾਂ ਹੀ ਠੱਪ ਹੋਏ ਪਏ ਹਨ ਅਤੇ ਉਸ ਤੋਂ ਉਪਰ ਕਿਸਾਨਾਂ ਦੀ ਬੰਦ ਕਾਲ ਕਰਕੇ ਉਨ੍ਹਾਂ ਦਾ ਨੁਕਸਾਨ ਹੋ ਰਿਹਾ ਹੈ।

ਬੰਦ ਦੌਰਾਨ ਪੁਲਸ ਫੋਰਸ ਰਹੀ ਮੁਸਤੈਦ, ਕਈ ਜਗ੍ਹਾ ਖੜ੍ਹੀਆਂ ਕੀਤੀਆਂ ਐਂਬੂਲੈਂਸ ਗੱਡੀਆਂ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਕਿਸਾਨ ਜਥੇਬੰਦੀਆਂ ਵੱਲੋਂ ਖਨੌਰੀ ਬਾਰਡਰ ਉਤੇ ਚੱਲ ਰਹੇ ਸੰਘਰਸ਼ ਦੌਰਾਨ ਮਰਨ ਵਰਤ ਉਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਨੂੰ ਲੈ ਕੇ ਸੁਪਰੀਮ ਕੋਰਟ ਵੱਲੋਂ ਕੀਤੇ ਗਏ ਸਖਤ ਨਿਰਦੇਸ਼ਾਂ ਅਤੇ ਐਤਵਾਰ ਦੇ ਬੰਦ ਦੇ ਸੱਦੇ ਦੌਰਾਨ ਸਥਿਤੀ ਉਤੇ ਨਜ਼ਰ ਰੱਖਣ ਲਈ ਪੁਲਸ ਪ੍ਰ

31-Dec-PAGE-4-2024.qxd 12/30/2024 10:37 PM Page 1

ਨਵਾਂ ਜ਼ਮਾਨਾ
ਮੰਗਲਵਾਰ, 31 ਦਸੰਬਰ 2024

ਮੰਦਰਾਂ ਦੀ ਭਾਲ

ਰਾਸ਼ਟਰੀ ਸੋਇਮ ਸੇਵਕ ਸੰਘ (ਆਰ ਐੱਸ ਐੱਸ) ਦੇ ਮੁਖੀ ਮੋਹਨ ਭਾਗਵਤ ਵੱਲੋਂ ਮੰਦਰ-ਮਸਜਿਦ ਦੇ ਨਵੇਂ ਵਿਵਾਦ ਖੜ੍ਹੇ ਕਰਨ ਵਿਰੁੱਧ ਚਿਤਾਵਨੀ ਦੇਣ ਦੇ ਬਾਵਜੂਦ ਯੂ ਪੀ ਵਿੱਚ ਆਏ ਦਿਨ ਕੋਈ ਨਾ ਕੋਈ ਛੱਡਿਆ, ਢਾਹਿਆ ਤੇ ਮਕਬੂਜ਼ਾ ਮੰਦਰ ਲੱਭਿਆ ਜਾ ਰਿਹਾ ਹੈ। ਸਿਆਸੀ ਮਾਹਰਾਂ ਦਾ ਕਹਿਣਾ ਹੈ ਕਿ ਇਹ ਸਿਲਸਿਲਾ 2027 ਦੀਆਂ ਅਸੰਬਲੀ ਚੋਣਾਂ ਤੱਕ ਚੱਲੇਗਾ, ਜਿਹੜੀਆਂ ਮੁੱਖ ਮੰਤਰੀ ਯੋਗੀ ਆਦਿੱਤਿਆਨਾਥ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਥਾਂ ਲੈਣ ਦੀ ਸਧਰ ਪੂਰੀ ਕਰਨ ਵਾਸਤੇ ਬਹੁਤ ਅਹਿਮ ਹੋਣਗੀਆਂ। ਲੰਘੇ ਸ਼ਨਿੱਚਰਵਾਰ ਫਰੂਖਾਬਾਦ ਦੇ ਪਿੰਡ ਮਾਧੋਪੁਰ ਵਿਚ ਹਿੰਦੂ ਮਹਾਸਭਾ ਦੇ ਮੈਂਬਰਾਂ ਨੇ ਵੀਰਾਨ ਸ਼ਿਵ ਮੰਦਰ ਦੇ ਦਰਵਾਜ਼ੇ ਖੋਲ੍ਹ ਕੇ ਮੂਰਤੀ ਦਾ ਜਲਾਭਿਸ਼ੇਕ ਕੀਤਾ। ਪੁਜਾਰੀ ਈਸ਼ਵਰ ਦਾਸ ਨੇ ਦਾਅਵਾ ਕੀਤਾ ਕਿ ਮੰਦਰ 'ਤੇ ਕਬਜ਼ਾ ਕੀਤਾ ਹੋਇਆ ਸੀ, ਜਦਕਿ ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਦੇਖਭਾਲ ਨਾ ਹੋਣ ਕਰਕੇ ਚਾਰ ਦਹਾਕੇ ਪੁਰਾਣੇ ਮੰਦਰ ਵਿੱਚ ਕੋਈ ਨਹੀਂ ਸੀ ਜਾਂਦਾ। ਦੋ ਦਿਨ ਪਹਿਲਾਂ ਬ੍ਰਾਹਮਣ ਸੰਸਦ ਨਾਂਅ ਦੀ ਇੱਕ ਅਣਪਛਾਤੀ ਜਥੇਬੰਦੀ ਦੇ ਆਗੂ ਅਮਰਨਾਥ ਮਿਸ਼ਰਾ ਨੇ ਦਾਅਵਾ ਕੀਤਾ ਕਿ ਲਖਨਊ 'ਚ ਵਿਧਾਨ ਸਭਾ ਦੇ ਨੇੜੇ ਮਾਰਕਿਟ ਕੰਪਲੈਕਸ ਦੇ ਥੱਲੇ ਮੰਦਰ ਹੈ। ਇਹ ਗਜਰਾਜ ਸਿੰਘ ਨੇ 1885 ਵਿੱਚ ਬਣਵਾਇਆ ਸੀ ਤੇ ਉੱਥੇ ਸ਼ਿਵ ਤੇ ਰਾਧਾ-ਕ੍ਰਿਸ਼ਨ ਦੀਆਂ ਮੂਰਤੀਆਂ ਸਨ, ਪਰ ਸਮਾਜਵਾਦੀ ਪਾਰਟੀ ਦੇ 'ਗੁੰਡਿਆਂ' ਨੇ 1992 ਵਿੱਚ ਉੱਥੇ ਮਾਰਕਿਟ ਕੰਪਲੈਕਸ ਬਣਾ ਦਿੱਤਾ। ਕੰਪਲੈਕਸ ਦੇ ਮਾਲਕ ਸਈਦ ਹੁਸੈਨ ਦਾ ਕਹਿਣਾ ਹੈ ਕਿ ਉਸ ਨੇ ਕਿਸੇ ਮੰਦਰ 'ਤੇ ਕਬਜ਼ਾ ਨਹੀਂ ਕੀਤਾ ਅਤੇ ਉਹ ਬੇਸਮੈਂਟ 'ਚ ਮੌਜੂਦ ਹੈ। ਰਜਨੀਸ਼ ਸ਼ੁਕਲਾ ਨਾਂਅ ਦੇ ਸ਼ਰਧਾਲੂ ਨੇ ਕਿਹਾ ਕਿ ਉਹ ਪਿਛਲੇ ਪੰਦਰਾਂ ਸਾਲ ਤੋਂ ਹਰ ਸ਼ਾਮ ਮੰਦਰ 'ਚ ਪੂਜਾ ਕਰਦਾ ਆ ਰਿਹਾ ਹੈ। ਉਨ੍ਹਾਂ ਨੇ ਮਿਲ ਕੇ ਮੰਦਰ ਦੀ ਹਾਲਤ ਸੁਧਾਰੀ ਅਤੇ ਉੱਥੇ ਸ਼ਿਵ ਅਤੇ ਕ੍ਰਿਸ਼ਨ-ਰਾਧਾ ਦੀਆਂ ਮੂਰਤੀਆਂ ਮੌਜੂਦ ਹਨ। ਜਿਹੜੇ ਕਬਜ਼ੇ ਦੀ ਗੱਲ ਕਰਦੇ ਹਨ, ਉਹ ਤਾਂ ਕਦੇ ਇੱਥੇ ਦਿਸੇ ਨਹੀਂ।

ਜਦੋਂ ਭਾਗਵਤ ਨੇ ਮਸਜਿਦ ਥੱਲਿਓਂ ਮੰਦਰ ਲੱਭਣੇ ਬੰਦ ਕਰ ਦਿੱਤੇ ਜਾਣ ਦੀ ਗੱਲ ਕਹੀ ਤਾਂ ਯੋਗੀ ਨੇ ਤੁਰੰਤ ਦਾਅਵਾ ਕੀਤਾ ਕਿ ਸਨਾਤਨ ਧਰਮ ਭਾਰਤ ਦਾ ਰਾਸ਼ਟਰੀ ਧਰਮ ਹੈ। ਅਯੁੱਧਿਆ, ਵਾਰਾਨਸੀ, ਮਥੁਰਾ ਤੇ ਸੰਭਲ ਦੇ ਮੰਦਰ ਵਿਵਾਦਾਂ ਦਾ ਜ਼ਿਕਰ ਕਰਦਿਆਂ ਯੋਗੀ ਨੇ ਪੁੱਛਿਆ ਕਿ ਬੀਤੇ ਵਿੱਚ ਸਨਾਤਨ ਧਰਮ ਦੇ ਇਨ੍ਹਾਂ ਪ੍ਰਤੀਕਾਂ ਨੂੰ ਨੁਕਸਾਨ ਪਹੁੰਚਾਉਣ ਵਾਲੇ ਕੌਣ ਸਨ? ਯੂ ਪੀ ਦੇ ਯੋਗੀ ਹਮਾਇਤੀ ਕਈ ਸਾਧੂਆਂ ਨੇ ਵੀ ਭਾਗਵਤ ਦੇ ਬਿਆਨ ਦੀ ਨੁਕਤਾਚੀਨੀ ਕੀਤੀ ਹੈ। ਯੂ ਪੀ ਦੇ ਪੱਛਮ ਵਿੱਚ ਗਾਜ਼ੀਆਬਾਦ ਤੋਂ ਪੂਰਬ ਵਿੱਚ ਜੌਨਪੁਰ ਤੱਕ ਹਿੰਦੂਤਵੀ ਗਰੁੱਪਾਂ ਨੇ ਕੁਝ ਕੁ ਦਿਨਾਂ ਵਿੱਚ ਹੀ ਸਥਾਨਕ ਪ੍ਰਸ਼ਾਸਨ ਦੀ ਮਦਦ ਨਾਲ ਕਈ 'ਮੰਦਰ' ਲੱਭ ਲਏ ਹਨ।

ਯੂ ਪੀ ਤੋਂ ਲੋਕ ਸਭਾ ਦਾ ਮੈਂਬਰ ਹੋਣ ਵੇਲੇ ਆਦਿੱਤਿਆਨਾਥ ਨੇ ਹਿੰਦੂ ਯੁਵਾ ਵਾਹਿਨੀ ਬਣਾਈ ਸੀ, ਪਰ 2017 ਵਿੱਚ ਮੁੱਖ ਮੰਤਰੀ ਬਣਨ ਤੋਂ ਬਾਅਦ ਬਕਾਇਦਾ ਤੌਰ 'ਤੇ ਉਸ ਦਾ ਭੋਗ ਪਾ ਦਿੱਤਾ ਸੀ। ਇਸ ਦੇ ਬਾਅਦ ਵੀ ਇਹ ਜਥੇਬੰਦੀ ਹਰ ਜ਼ਿਲ੍ਹੇ 'ਚ ਸਰਗਰਮ ਹੈ ਅਤੇ ਇਸ ਦੇ ਆਗੂਆਂ 'ਤੇ ਹਿੰਸਾ ਤੇ ਧਮਕਾਉਣ ਦੇ ਦੋਸ਼ ਲੱਗਦੇ ਰਹਿੰਦੇ ਹਨ। ਵਾਹਿਨੀ ਦੇ ਆਗੂ ਥਾਂ-ਥਾਂ ਮੰਦਰ ਲੱਭ ਰਹੇ ਹਨ। ਮਾਹਰਾਂ ਦਾ ਕਹਿਣਾ ਹੈ ਕਿ ਭਾਗਵਤ ਆਦਿੱਤਿਆਨਾਥ ਦੇ ਚੇਲਿਆਂ ਨੂੰ ਮੰਦਰ ਲੱਭਣ ਤੋਂ ਰੋਕ ਨਹੀਂ ਸਕਦੇ, ਕਿਉਂਕਿ ਭਾਜਪਾ ਸਰਕਾਰਾਂ ਨੇ ਆਰ ਐੱਸ ਐੱਸ ਦੇ ਕਈ ਆਗੂਆਂ ਨੂੰ 'ਕਾਣੇ' ਕੀਤਾ ਹੋਇਆ ਹੈ। ਇੱਥੋਂ ਤੱਕ ਕਿ ਭਾਗਵਤ ਵੀ ਸਰਕਾਰੀ ਸੁਰੱਖਿਆ ਨਾਲ ਚੱਲਦੇ ਹਨ, ਜਦਕਿ ਉਨ੍ਹਾ ਤੋਂ ਪਹਿਲੇ ਮੁਖੀਆਂ ਨੇ ਸਰਕਾਰੀ ਸੁਰੱਖਿਆ ਨਹੀਂ ਲਈ ਸੀ।

ਕਾਤਲਾਂ ਦੇ ਗਲ ਹਾਰ !

ਲੀਹਾਂ 'ਤੇ ਪੰਜਾਬ ਨਹੀਂ ਚੜ੍ਹ ਸਕਦਾ,
ਭਾਵੇਂ 'ਰੱਬ' ਦੀ ਹੁਣ ਸਰਕਾਰ ਆਵੇ।
ਚਾਰਾ ਭੇਡਾਂ ਦੇ ਲਈ ਤਿਆਰ ਹੋਇਆ,
ਬੇਸ਼ਕ ਆਣ ਕੇ ਕੋਈ ਵੀ ਚਾਰ ਜਾਵੇ।
ਫੰਦੇ ਪਾਏ ਮਜ਼ਲੂਮ ਦੀਆਂ ਗਰਦਨਾਂ ਨੂੰ,
ਕਾਤਲ, ਕਾਤਲਾਂ ਦੇ ਗਲ ਹਾਰ ਪਾਵੇ।
ਝਟਕੇ ਮਾਰਨ ਵਾਸਤੇ ਬਿਜਲੀਆਂ ਦੇ,
ਨੇਤਾ ਲਾਲ ਨੂੰ ਹਰੀ ਜਿਹੀ ਤਾਰ ਲਾਵੇ।
ਲੱਗਾ ਮੇਲਾ ਹੈ ਭਾਰ ਘਟਾਉਣ ਵਾਲਾ
ਕਢਕੇ ਬੋਰੀ 'ਚੋਂ ਜਨਤਾ ਤੇ ਭਾਰ ਪਾਵੇ।
ਪੈਰਾਂ ਹੇਠ ਬਟੇਰਾ ਜਦੋਂ ਆ ਜਾਂਦਾ,
ਕਹਿੰਦੇ ਰਲ ਕੇ ਪੂਰਾ ਪਰਿਵਾਰ ਖਾਵੇ।

-ਗੁਲਪੁਰ

ਮੰਡੀਆਂ 'ਤੇ ਕਾਰਪੋਰੇਟਾਂ ਦਾ ਕਬਜ਼ਾ ਕਰਾਉਣ ਦੀ ਕੋਸ਼ਿਸ਼

ਮੂਲ : ਪੀ. ਕ੍ਰਿਸ਼ਨਾਪ੍ਰਸਾਦ
ਅਨੁ . ਐੱਮ ਐੱਸ ਭਾਟੀਆ

ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲੇ (ਐੱਮ.ਏ.ਐੱਫ.ਡਬਲਯੂ) ਦੁਆਰਾ 25 ਨਵੰਬਰ ਨੂੰ ਜਾਰੀ ਕੀਤੀ ਗਈ ਨਵੀਂ ਰਾਸ਼ਟਰੀ ਖੇਤੀਬਾੜੀ ਮਾਰਕੀਟਿੰਗ ਨੀਤੀ (ਐੱਨ.ਏ.ਐੱਮ.ਪੀ) ਢਾਂਚਾ, ਕਿਸਾਨ ਸੰਗਠਨਾਂ ਅਤੇ ਮਾਹਰਾਂ ਦੋਵਾਂ ਵੱਲੋਂ ਵਿਆਪਕ ਆਲੋਚਨਾ ਅਤੇ ਵਿਰੋਧ ਪ੍ਰਦਰਸ਼ਨ ਦਾ ਕਾਰਨ ਬਣਿਆ ਹੈ । ਸੰਯੁਕਤ ਕਿਸਾਨ ਮੋਰਚਾ (ਐੱਸ ਕੇ ਐੱਮ) ਦੇ ਸੱਦੇ ਤੋਂ ਬਾਅਦ ਦੇਸ਼ ਭਰ ਦੇ ਕਿਸਾਨਾਂ ਨੇ 23 ਦਸੰਬਰ ਨੂੰ ਪ੍ਰਦਰਸ਼ਨ ਕੀਤੇ, ਮਾਰਕੀਟਿੰਗ ਨੀਤੀ ਦੀਆਂ ਕਾਪੀਆਂ ਸਾੜੀਆਂ। ਐੱਮ.ਏ.ਐੱਫ.ਡਬਲਯੂ ਨੇ ਹਿੱਸੇਦਾਰਾਂ ਨੂੰ ਇਤਰਾਜ਼ ਜਮ੍ਹਾਂ ਕਰਾਉਣ ਲਈ ਸਿਰਫ਼ 15 ਦਿਨਾਂ ਦਾ ਸਮਾਂ ਦਿੱਤਾ, ਜੋ ਕਿ ਕਾਰਪੋਰੇਟ ਹਿੱਤਾਂ ਦੀ ਪੂਰਤੀ ਲਈ ਨੀਤੀ ਨੂੰ ਜਲਦੀ ਲਾਗੂ ਕਰਨ ਦੀ ਕੋਸ਼ਿਸ਼ ਹੈ। ਨਵੇਂ ਢਾਂਚੇ ਵਿੱਚ ਪ੍ਰਸਤਾਤਵ ਤਿੰਨ ਵਿਵਾਦਪੂਰਨ ਖੇਤੀ ਕਾਨੂੰਨਾਂ ਨੂੰ ਪਿਛਲੇ ਦਰਵਾਜ਼ੇ ਰਾਹੀਂ ਪੁਨਰ ਲਾਗੂ ਕਰਨ ਦੀ ਸਹੂਲਤ ਦਿੰਦੇ ਹਨ, ਜਿਨ੍ਹਾਂ ਨੂੰ ਖੇਤੀਬਾੜੀ, ਖੁਰਾਕ ਉਦਯੋਗ ਅਤੇ ਜਨਤਕ ਵੰਡ ਪ੍ਰਣਾਲੀ ਦੇ ਕਾਰਪੋਰੇਟੀਕਰਨ ਦੀ ਸੰਭਾਵਨਾ ਬਾਰੇ ਚਿੰਤਾਵਾਂ ਕਾਰਨ ਰੱਦ ਕਰ ਦਿੱਤਾ ਗਿਆ ਸੀ।

ਐੱਨ.ਏ.ਐੱਮ.ਪੀ. ਦੇ ਡਰਾਫਟ ਵਿੱਚ ਪ੍ਰਸਤਾਵ ਖ਼ਤਰਨਾਕ ਹਨ ਅਤੇ ਮੌਜੂਦਾ ਨਾਕਾਫ਼ੀ ਨਿਯਮਾਂ ਅਤੇ ਸੁਰੱਖਿਆ ਪ੍ਰਣਾਲੀ ਨੂੰ ਤਬਾਹ ਕਰਨ ਦੀ ਸਮਰੱਥਾ ਰੱਖਦੇ ਹਨ, ਜੋ ਕਿਸਾਨਾਂ ਅਤੇ ਛੋਟੇ ਉਤਪਾਦਕਾਂ ਨੂੰ ਵੱਡੇ ਏਕਾਧਿਕਾਰਵਾਦੀ ਕਾਰਪੋਰੇਟ ਹਿੱਤਾਂ ਦੁਆਰਾ ਸ਼ੋਸ਼ਣ ਤੋਂ ਬਚਾਉਣ ਲਈ ਲਾਗੂ ਕੀਤੇ ਗਏ ਹਨ। ਸੁਝਾਏ ਗਏ ਸੁਧਾਰ ਆਜ਼ਾਦੀ ਤੋਂ ਬਾਅਦ ਦੇ ਦਿਸ਼ਾ-ਨਿਰਦੇਸ਼ ਮਾਡਲ ਦੇ ਬਚੇ ਹੋਏ ਹਿੱਸੇ ਨੂੰ ਖਤਮ ਕਰਨ ਲਈ ਤਿਆਰ ਕੀਤੇ ਗਏ ਹਨ, ਜਿਸ ਨਾਲ ਖੇਤੀਬਾੜੀ, ਉਦਯੋਗ ਅਤੇ ਸੇਵਾਵਾਂ ਨੂੰ ਕਾਰਪੋਰੇਟ ਤਾਕਤਾਂ, ਜਿਨ੍ਹਾਂ ਵਿੱਚ ਬਹੁ-ਰਾਸ਼ਟਰੀ ਅਤੇ ਅੰਤਰਰਾਸ਼ਟਰੀ ਕਾਰਪੋਰੇਸ਼ਨਾਂ ਦੇ ਨਾਲ-ਨਾਲ ਅੰਤਰਰਾਸ਼ਟਰੀ ਵਿੱਤੀ ਪੂੰਜੀ ਸ਼ਾਮਲ ਹਨ, ਦੇ ਨਿਯੰਤਰਣ ਲਈ ਪ੍ਰਭਾਵਸ਼ਾਲੀ ਢੰਗ ਨਾਲ ਖੋਲ੍ਹਿਆ ਜਾ ਸਕਦਾ ਹੈ। ਇਸ ਤਬਦੀਲੀ ਨਾਲ ਕਾਰਪੋਰੇਟ ਦਬਦਬੇ ਦੇ ਵਿਰੁੱਧ ਸੁਰੱਖਿਆ ਉਪਾਵਾਂ ਦਾ ਖਾਤਮਾ ਹੋ ਸਕਦਾ ਹੈ ਅਤੇ ਅਰਥ ਵਿਵਸਥਾ ਵਿੱਚ ਕਮਜ਼ੋਰ ਖੇਤਰਾਂ ਦੇ ਹਿੱਤਾਂ ਨੂੰ ਕਮਜ਼ੋਰ ਕੀਤਾ ਜਾ ਸਕਦਾ ਹੈ।14 ਅਧਿਆਵਾਂ ਵਿੱਚ ਪੇਸ਼ ਕੀਤਾ ਗਿਆ ਨੀਤੀਗਤ ਢਾਂਚਾ ਦਸਤਾਵੇਜ਼, ਮੌਜੂਦਾ ਖੇਤੀਬਾੜੀ ਮਾਰਕੀਟਿੰਗ ਪ੍ਰਣਾਲੀ ਦੇ ਬੁਨਿਆਦੀ ਪੁਨਰਗਠਨ ਦੀ ਵਕਾਲਤ ਕਰਦਾ ਹੈ, ਜਿਸ ਵਿੱਚ ਇਸ ਨੂੰ ਇੱਕ ਯੂਨੀਫਾਈਡ ਨੈਸ਼ਨਲ ਮਾਰਕੀਟ (ਯੂ ਐੱਨ ਐੱਮ) ਵਿੱਚ ਬਦਲਣ ਦਾ ਪ੍ਰਸਤਾਵ ਹੈ, ਜੋ ਇੱਕ ਮੁੱਲ ਲੜੀ ਕੇਂਦਰਤ ਬੁਨਿਆਦੀ ਢਾਂਚੇ (ਵੀ ਸੀ ਸੀ ਆਈ) ਨਾਲ ਜੁੜਿਆ ਹੋਇਆ ਹੈ। ਇਹ ਪ੍ਰਸਤਾਵ ਵਿਸ਼ਵ ਬੈਂਕ ਅਤੇ ਅੰਤਰਰਾਸ਼ਟਰੀ ਵਿੱਤ ਪੂੰਜੀ ਦੇ ਦ੍ਰਿਸ਼ਟੀਕੋਣਾਂ ਨਾਲ ਨੇੜਿਓਂ ਮੇਲ ਖਾਂਦਾ ਹੈ। ਡਰਾਫਟ ਦੇ ਅਨੁਸਾਰ ਖੇਤੀਬਾੜੀ ਮੁੱਲ ਲੜੀ ਵਿੱਚ ਇੱਕ ਖੇਤੀਬਾੜੀ ਉਤਪਾਦ ਨੂੰ ਫਾਰਮ ਤੋਂ ਅੰਤਮ ਖਪਤਕਾਰ ਤੱਕ ਲਿਜਾਣ ਲਈ ਲੋੜੀਂਦੀਆਂ ਵਸਤੂਆਂ ਅਤੇ ਸੇਵਾਵਾਂ ਦੀ ਪੂਰੀ ਸ਼੍ਰੇਣੀ ਸ਼ਾਮਲ ਹੈ।

ਦਸਤਾਵੇਜ਼ ਵਿਸ਼ਵ ਬੈਂਕ ਦੀ ਮੁੱਲ ਲੜੀ ਦੀ ਪਰਿਭਾਸ਼ਾ ਨੂੰ 'ਕੱਚੇ ਮਾਲ ਅਤੇ ਹੋਰ ਇਨਪੁਟਸ ਦੀ ਖਰੀਦ ਸਮੇਤ ਉਤਪਾਦਨ ਦੇ ਵੱਖ-ਵੱਖ ਪੜਾਵਾਂ ਵਿੱਚੋਂ ਇੱਕ ਉਤਪਾਦ ਜਾਂ ਸੇਵਾ ਲਿਆਉਣ ਲਈ ਲੋੜੀਂਦੀਆਂ ਮੁੱਲ ਜੋੜਨ ਵਾਲੀਆਂ ਗਤੀਵਿਧੀਆਂ ਦੀ ਪੂਰੀ ਸ਼੍ਰੇਣੀ ਵਜੋਂ ਦਰਸਾਉਂਦਾ ਹੈ ।

ਇਹ ਦਸਤਾਵੇਜ਼ ਇਸ ਗੱਲ ਨੂੰ ਰੇਖਾਂਕਿਤ ਕਰਦਾ ਹੈ ਕਿ 'ਕਿਸਾਨਾਂ ਦਾ ਵੱਡਾ ਹਿੱਸਾ ਅਜੇ ਵੀ ਸਰਵੋਤਮ ਆਮਦਨ ਲਈ ਸੰਘਰਸ਼ ਕਰ ਰਿਹਾ ਹੈ', ਜਿਸ ਵਿੱਚ 'ਉੱਚ ਖੰਡਤ ਜ਼ਮੀਨ, ਉਤਪਾਦਨ ਦੀ ਉੱਚ ਲਾਗਤ, ਮੰਗ-ਅਧਾਰਤ ਉਤਪਾਦਨ ਦੀ ਘਾਟ ਅਤੇ ਆਪਣੀ ਉਪਜ ਦੇ ਮੁੱਲ ਦੀ ਸਰਵੋਤਮ ਪ੍ਰਾਪਤੀ ਲਈ ਚੰਗੇ ਬਾਜ਼ਾਰਾਂ ਤੱਕ ਪਹੁੰਚ' ਵਰਗੇ ਕਾਰਕਾਂ ਦਾ ਹਵਾਲਾ ਦਿੱਤਾ ਗਿਆ ਹੈ। ਐੱਨ.ਏ.ਐੱਮ.ਪੀ. ਦਾ ਦ੍ਰਿਸ਼ਟੀਕੋਣ ਖੇਤੀਬਾੜੀ ਮਾਰਕੀਟਿੰਗ ਈਕੋ ਸਿਸਟਮ ਨੂੰ ਮੁੜ ਆਕਾਰ ਦੇਣਾ ਹੈ, ਜਿਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕਿਸਾਨ ਨਵੀਨਤਾਕਾਰੀ ਡਿਜੀਟਲ ਤਕਨਾਲੋਜੀਆਂ ਅਤੇ ਮੁੱਲ ਲੜੀ-ਅਧਾਰਤ ਮਾਰਕੀਟਿੰਗ ਦੇ ਏਕੀਕਰਨ ਦੁਆਰਾ ਆਪਣੀ ਉਪਜ ਲਈ ਸਭ ਤੋਂ ਵਧੀਆ ਸੰਭਵ ਕੀਮਤਾਂ ਪ੍ਰਾਪਤ ਕਰ ਸਕਣ।

ਕਿਸਾਨਾਂ ਨੂੰ ਦਰਪੇਸ਼ ਗੰਭੀਰ ਆਮਦਨ ਸੰਕਟ ਦਾ ਮੂਲ ਕਾਰਨ ਮੂਲ ਰੂਪ ਵਿੱਚ ਸਮਾਜਿਕ ਅਤੇ ਰਾਜਨੀਤਿਕ ਹੈ, ਜੋ ਕਿ ਜਮਾਤੀ ਵਿਰੋਧਤਾਈਆਂ ਤੋਂ ਪੈਦਾ ਹੁੰਦਾ ਹੈ ਅਤੇ ਇਸ ਨੂੰ ਤਕਨੀਕੀ ਸੁਧਾਰਾਂ ਜਿਵੇਂ ਕਿ ਮੁੱਲ ਲੜੀ ਜਾਂ ਬਲਾਕਚੈਨ ਤਕਨਾਲੋਜੀ ਰਾਹੀਂ ਹੱਲ ਨਹੀਂ ਕੀਤਾ ਜਾ ਸਕਦਾ। ਕਿਸਾਨ ਕੱਚਾ ਮਾਲ ਪੈਦਾ ਕਰਦੇ ਹਨ, ਜੋ ਪ੍ਰੋਸੈਸਿੰਗ ਉਦਯੋਗਾਂ, ਵਪਾਰਕ ਘਰਾਣਿਆਂ ਅਤੇ ਨਿਰਯਾਤਕਾਂ ਦੁਆਰਾ ਨਿਯੰਤਰਿਤ ਬਾਜ਼ਾਰਾਂ ਵਿੱਚ ਦਾਖਲ ਹੁੰਦਾ ਹੈ, ਜੋ ਬਦਲੇ ਵਿੱਚ ਕੀਮਤਾਂ ਨਿਰਧਾਰਤ ਕਰਦੇ ਹਨ। ਹਾਲਾਂਕਿ, ਨੀਤੀ ਦਸਤਾਵੇਜ਼ ਕਿਸੇ ਵੀ ਅਜਿਹੇ ਪ੍ਰਬੰਧ ਨੂੰ ਸੰਬੋਧਿਤ ਕਰਨ ਵਿੱਚ ਅਸਫਲ ਰਹਿੰਦਾ ਹੈ, ਜੋ ਇਹਨਾਂ ਕਾਰਪੋਰੇਟ ਤਾਕਤਾਂ : ਪ੍ਰੋਸੈਸਰਾਂ, ਵਪਾਰੀਆਂ ਅਤੇ ਨਿਰਯਾਤਕਾਂ ਸਮੇਤ ਨੂੰ ਬਾਜ਼ਾਰ ਤੋਂ ਕੱਢੇ ਗਏ ਵਾਧੂ ਹਿੱਸੇ ਦਾ ਇੱਕ ਉਚਿਤ ਹਿੱਸਾ ਸਾਂਝਾ ਕਰਨ ਲਈ ਜਵਾਬਦੇਹ ਠਹਿਰਾਉਂਦਾ ਹੈ । ਕਿਸਾਨਾਂ ਲਈ ਇੱਕ ਲਾਹੇਵੰਦ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਯਕੀਨੀ ਬਣਾਉਣ ਦਾ ਕੋਈ ਜ਼ਿਕਰ ਨਹੀਂ ਹੈ, ਜੋ ਕਿ ਮਰਹੂਮ ਐੱਮ.ਐੱਸ. ਸਵਾਮੀਨਾਥਨ ਦੀ ਪ੍ਰਧਾਨਗੀ ਹੇਠ ਰਾਸ਼ਟਰੀ ਕਿਸਾਨ ਕਮਿਸ਼ਨ (ਐੱਨ ਸੀ ਐੱਫ) ਦੀ ਇੱਕ ਕੇਂਦਰੀ ਸਿਫਾਰਸ਼ ਸੀ ਅਤੇ ਰਾਸ਼ਟਰੀ ਰਾਜਨੀਤਕ ਵਿਚਾਰ-ਵਟਾਂਦਰੇ ਵਿੱਚ ਇੱਕ ਮੁੱਖ ਮੁੱਦਾ ਸੀ।

ਇਸ ਦੀ ਬਜਾਏ ਇਹ ਦਸਤਾਵੇਜ਼ ਕਿਸਾਨਾਂ ਨੂੰ ਕਾਰਪੋਰੇਟ-ਸੰਚਾਲਿਤ ਏਜੰਡੇ ਨੂੰ ਉਤਸ਼ਾਹਤ ਕਰਕੇ ਗੁੰਮਰਾਹ ਕਰਦਾ ਜਾਪਦਾ ਹੈ, ਬਲਾਕਚੈਨ ਅਤੇ ਵੈਲਯੂ ਚੇਨ ਸੈਂਟਰਿਕ ਇਨਫਰਾਸਟ੍ਰਕਚਰ (ਵੀ ਸੀ ਸੀ ਆਈ) ਵਰਗੇ ਤਕਨੀਕੀ ਹੱਲਾਂ 'ਤੇ ਜ਼ੋਰ ਦਿੰਦਾ ਹੈ। ਇਹ ਸੁਝਾਅ ਦਿੰਦਾ ਹੈ ਕਿ ਪਾਰਦਰਸ਼ਤਾ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ ਕਿਸੇ ਤਰ੍ਹਾਂ ਕਿਸਾਨਾਂ ਲਈ 'ਸਰਬੋਤਮ ਆਮਦਨ' ਵੱਲ ਲੈ ਜਾ ਸਕਦੀ ਹੈ। ਮਾਰਕੀਟ ਸ਼ਕਤੀ ਦੇ ਅੰਤਰੀਵ ਪ੍ਰਣਾਲੀਗਤ ਮੁੱਦਿਆਂ ਅਤੇ ਮਜ਼ਬੂਤ ਨੀਤੀ ਵਿਧੀਆਂ ਦੀ ਜ਼ਰੂਰਤ ਨੂੰ ਨਜ਼ਰਅੰਦਾਜ਼ ਕਰਦੇ ਹੋਏ ਜੋ ਸਿੱਧੇ ਤੌਰ 'ਤੇ ਪ੍ਰਾਇਮਰੀ ਉਤਪਾਦਕਾਂ ਨੂੰ ਲਾਭ ਪਹੁੰਚਾਉਂਦੇ ਹਨ।

ਇਸ ਤੋਂ ਇਲਾਵਾ ਪ੍ਰਸਤਾਵ ਵਿੱਚ ਬਿਜਾਈ ਦੇ ਪੈਟਰਨਾਂ, ਕੀਮਤਾਂ ਦੇ ਰੁਝਾਨਾਂ, ਮੰਗ ਸਪਲਾਈ ਅਨੁਮਾਨਾਂ ਅਤੇ ਵਿੱਤੀ ਬੁਨਿਆਦੀ ਢਾਂਚੇ ਬਾਰੇ ਅਸਲ-ਸਮੇਂ ਦੀ ਜਾਣਕਾਰੀ ਪ੍ਰਦਾਨ ਕਰਨ ਲਈ ਮਾਰਕੀਟ ਇੰਟੈਲੀਜੈਂਸ ਅਤੇ ਸਟੈਟਿਸਟੀਕਲ (ਐੱਮ ਆਈ ਐੱਸ) ਮਾਡਲਿੰਗ ਨੂੰ ਲਾਗੂ ਕਰਨਾ ਸ਼ਾਮਲ ਹੈ। ਇਸ ਵਿੱਚ ਪੋਰਟਲ ਨਾਲ ਏਕੀਕ੍ਰਿਤ ਇਲੈਕਟ੍ਰਾਨਿਕ ਨੈਗੋਸ਼ੀਏਬਲ ਵੇਅਰ ਹਾਊਸ ਰਸੀਦ ਪ੍ਰਣਾਲੀ (ਈ-ਐੱਨ.ਡਬਲਯੂ.ਆਰ.ਐੱਸ) ਦੁਆਰਾ ਸਮਰਥਤ ਕਾਰਜਸ਼ੀਲ ਪੂੰਜੀ ਗਹਿਣੇ ਕਰਜ਼ਾ ਸਹੂਲਤਾਂ ਦੀ ਸਥਾਪਨਾ ਵੀ ਸ਼ਾਮਲ ਹੋਵੇਗੀ ।

ਪਿੰਡ, ਗ੍ਰਾਮ ਪੰਚਾਇਤ (ਜੀ ਪੀ) ਜਾਂ ਛੋਟੇ ਸ਼ਹਿਰ ਪੱਧਰ 'ਤੇ ਪ੍ਰਸਤਾਵਿਤ ਸੁਧਾਰ ਵਾਢੀ ਤੋਂ ਬਾਅਦ ਦੇ ਜ਼ਰੂਰੀ ਪ੍ਰਬੰਧਨ ਅਤੇ ਮਾਰਕੀਟਿੰਗ ਬੁਨਿਆਦੀ ਢਾਂਚੇ ਨੂੰ ਵਿਕਸਤ ਕਰਨ 'ਤੇ ਕੇਂਦ੍ਰਿਤ ਹਨ। ਇਸ ਵਿੱਚ ਸੰਗ੍ਰਹਿ ਅਤੇ ਖਰੀਦ ਕੇਂਦਰਾਂ ਦੀ ਸਥਾਪਨਾ, ਪ੍ਰਾਇਮਰੀ ਅਤੇ ਸੈਕੰਡਰੀ ਮੁੱਲ-ਜੋੜ ਸਹੂਲਤਾਂ, ਸੁਕਾਉਣ ਅਤੇ ਪੈਕੇਜਿੰਗ ਯੂਨਿਟਾਂ, ਗੁਣਵੱਤਾ ਜਾਂਚ ਪ੍ਰਯੋਗਸ਼ਾਲਾਵਾਂ ਅਤੇ ਪ੍ਰਾਇਮਰੀ ਕਿਸਾਨ ਉਤਪਾਦਕ ਸੰਗਠਨਾਂ (ਐੱਫ ਪੀ ਓ) ਲਈ ਸਾਂਝੇ ਖੇਤੀਬਾੜੀ ਕੇਂਦਰ-ਕਮ-ਮਾਰਕੀਟ ਪਲੇਸ (ਸੀ ਏ ਸੀ ਐੱਮ ਪੀ), ਛੋਟੀਆਂ ਸਟੋਰੇਜ ਸਹੂਲਤਾਂ, ਡੀਪ ਫ੍ਰੀਜ਼ਰ ਆਦਿ ਦੀ ਸਿਰਜਣਾ ਸ਼ਾਮਲ ਹੈ।

ਜ਼ਿਲ੍ਹਾ ਜਾਂ ਖੇਤਰੀ ਪੱਧਰ 'ਤੇ,

31-DEC-PAGE-5.qxd 12/30/2024 10:33 PM Page 1

ਕਿਸਾਨ ਜਥੇਬੰਦੀਆਂ ਦੇ ਸੱਦੇ 'ਤੇ ਪੰਜਾਬ ਬੰਦ ਨੂੰ ਭਰਵਾਂ ਹੁੰਗਾਰਾ

ਕੋਟਕਪੂਰਾ

ਚੀਮਾ ਮੰਡੀ

ਸ੍ਰੀ ਮੁਕਤਸਰ ਸਾਹਿਬ

ਪਟਿਆਲਾ

ਦੋਦਾ (ਵਕੀਲ ਸਿੰਘ ਬਰਾੜ) : ਭਾਰਤੀ ਕਿਸਾਨ ਯੂਨੀਅਨ ਫੋਰਮ (ਗ਼ੈਰ ਸਿਆਸੀ) ਅਤੇ ਭਰਾਤਰੀ ਜਥੇਬੰਦੀਆਂ ਵੱਲੋਂ ਕਿਸਾਨਾਂ ਦੀਆਂ ਹੱਕੀ ਮੰਗਾਂ ਲਾਗੂ ਕਰਾਉਣ ਲਈ ਪੰਜਾਬ ਬੰਦ ਦਾ ਸੱਦਾ ਇਸ ਖੇਤਰ ਵਿਚ ਪੂਰਨ ਤੌਰ 'ਤੇ ਸਫਲ ਰਿਹਾ। ਇਸ ਖੇਤਰ ਵਿੱਚ ਲੋਕਾਂ ਵੱਲੋਂ ਆਪਣੇ ਸਮੂਹ ਕਾਰੋਬਾਰ ਬੰਦ ਰੱਖੇ। ਇਥੋਂ ਤੱਕ ਕਿ ਪਿੰਡਾਂ ਵਿਚ ਵੀ ਦੁਕਾਨਦਾਰਾਂ ਵੱਲੋਂ ਦੁਕਾਨਾਂ ਬੰਦ ਰੱਖੀਆਂ। ਇਥੋਂ ਦੀ ਜਾਣ ਵਾਲੀਆਂ ਸਰਕਾਰੀ ਤੇ ਪ੍ਰਾਈਵੇਟ ਬੱਸਾਂ ਵੀ ਬੰਦ ਸਨ ਅਤੇ ਸੜਕਾਂ ਸੁੰਨੀਆਂ ਰਹੀਆਂ। ਇਸ ਖੇਤਰ ਦੇ ਕਿਸਾਨਾਂ ਦਾ ਕਹਿਣਾ ਸੀ ਕਿ ਕੇਂਦਰ ਅਤੇ ਹਰਿਆਣਾ ਸਰਕਾਰ ਪੰਜਾਬ ਦੇ ਕਿਸਾਨਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੀਆਂ ਹਨ। ਪੰਜਾਬ ਦੇ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਣ ਲਈ ਹਰਿਆਣਾ ਸਰਕਾਰ ਵੱਲੋਂ ਸੜਕਾਂ 'ਤੇ ਭਾਰੀ ਰੋਕਾਂ ਲਾਈਆਂ ਹਨ। ਉਨ੍ਹਾਂ ਮਾਨਯੋਗ ਸੁਪਰੀਮ ਕੋਰਟ ਉਤੇ ਵੀ ਨਰਾਜ਼ਗੀ ਜ਼ਾਹਰ ਕਰਦਿਆਂ ਕਿਹਾ ਕਿ ਉਹ ਵੀ ਆਪਣੇ ਹੁਕਮਾਂ ਵਿੱਚ ਕੇਂਦਰ ਸਰਕਾਰ ਨੂੰ ਮੰਨੀਆਂ ਮੰਗਾਂ ਲਾਗੂ ਕਰਨ ਦਾ ਹੁਕਮ ਨਹੀਂ ਦੇ ਰਹੀ, ਸਗੋਂ ਪੰਜਾਬ ਸਰਕਾਰ ਅਤੇ ਕਿਸਾਨਾਂ ਨੂੰ ਹੁਕਮ ਦੇ ਰਹੇ ਹਨ, ਜੋ ਪੱਖਪਾਤੀ ਫੈਸਲੇ ਹਨ। ਕਿਸਾਨਾਂ ਦਾ ਦ੍ਰਿੜਤਾ ਨਾਲ ਕਹਿਣਾ ਹੈ ਕਿ ਉਹ ਐਮ ਐਸ ਪੀ ਦੀ ਮੰਗ ਨੂੰ ਕਾਨੂੰਨੀ ਗਾਰੰਟੀ ਆਦਿ ਮੰਨੀਆਂ ਮੰਗਾਂ ਲਾਗੂ ਕਰਾਉਣ ਤੱਕ ਅੰਦੋਲਨ ਜਾਰੀ ਰੱਖਣਗੇ।

ਚੀਮਾ ਮੰਡੀ

ਚੀਮਾ ਮੰਡੀ (ਰਵਿੰਦਰ ਚੀਮਾ) : ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੁਨਾਮ ਬਲਾਕ ਵੱਲੋਂ ਪੰਜਾਬ ਬੰਦ ਦੇ ਸੱਦੇ 'ਤੇ ਅੱਜ ਮੋਦੀ ਸਰਕਾਰ ਦੀ ਅਰਥੀ ਸਾੜੀ ਗਈ ਅਤੇ ਆਉਣ ਵਾਲੇ ਸੰਘਰਸ਼ਾਂ ਲਈ ਬਾਰੇ ਵੀ ਮੀਟਿੰਗ ਕੀਤੀ ਗਈ। ਇਸ ਮੌਕੇ ਆਗੂਆਂ ਨੇ ਕਿਹਾ ਕਿ ਮਿਤੀ 4-1-25 ਨੂੰ ਸੰਯੁਕਤ ਮੋਰਚੇ ਦੇ ਸੱਦੇ 'ਤੇ ਹਰਿਆਣਾ ਅਤੇ ਪੰਜਾਬ ਦੀ ਮਹਾਂ ਪੰਚਾਇਤ ਟੋਹਾਣਾ ਵਿੱਚ ਕੀਤੀ ਜਾ ਰਹੀ ਹੈ। ਇਸ ਮਹਾਂ ਪੰਚਾਇਤ ਦੇ ਨਾਲ ਹੀ 5 ਬੱਸਾਂ ਔਰਤਾਂ ਦੀਆਂ ਵੀ ਜਾਣਗੀਆਂ। ਇਸੇ ਤਰ੍ਹਾਂ ਮਿਤੀ 9-1-25 ਨੂੰ ਸੰਯੁਕਤ ਮੋਰਚੇ ਵੱਲੋਂ ਮੋਗਾ ਵਿੱਚ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ। ਇਸ ਰੈਲੀ ਵਿੱਚ ਵੀ ਵੱਡੇ ਕਾਫਲੇ ਸੁਨਾਮ ਬਲਾਕ ਵੱਲੋਂ ਸ਼ਾਮਲ ਹੋਣਗੇ। ਇਸ ਮੌਕੇ ਆਗੂਆਂ ਨੇ ਕਿਹਾ ਕਿ ਖੇਤੀਬਾੜੀ ਖਰੜੇ ਨੂੰ ਲੈ ਕੇ ਆਉਣ ਵਾਲੇ ਸਮੇਂ ਵਿੱਚ ਤਿੱਖੇ ਸੰਘਰਸ਼ ਕੀਤੇ ਜਾਣਗੇ। ਇਹ ਖੇਤੀਬਾੜੀ ਖਰੜੇ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦਿੱਤੇ ਜਾਣਗੇ। ਮੋਦੀ ਸਰਕਾਰ ਕਾਰਪੋਰੇਟ ਦੇ ਪੱਖ ਪੂਰਨ ਵਾਸਤੇ ਇਹ ਖੇਤੀਬਾੜੀ ਖਰੜੇ ਲੈ ਕੇ ਆਈ ਹੈ। ਇਹਨਾਂ ਖਰੜਿਆਂ ਨਾਲ ਸਰਕਾਰੀ ਮੰਡੀ ਬਿਲਕੁਲ ਤਬਾਹ ਹੋ ਜਾਵੇਗੀ ਅਤੇ ਪੰਜਾਬ ਦਾ ਖੇਤੀਬਾੜੀ ਧੰਦਾ ਬਰਬਾਦ ਹੋ ਜਾਵੇਗਾ। ਅੱਜ ਦੀ ਮੀਟਿੰਗ ਨੂੰ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਅਤੇ ਜ਼ਿਲ੍ਹਾ ਜਨਰਲ ਸਕੱਤਰ ਦਰਬਾਰਾ ਸਿੰਘ ਛਾਜਲਾ ਨੇ ਵਿਸ਼ੇਸ਼ ਤੌਰ 'ਤੇ ਸੰਬੋਧਨ ਕੀਤਾ। ਇਸ ਮੌਕੇ ਸਮੁੱਚੇ ਬਲਾਕ ਬਲਾਕ ਪ੍ਰਧਾਨ ਜਸਵੰਤ ਸਿੰਘ ਤੋਲਾਵਾਲ ਦੀ ਧਰਮ ਪਤਨੀ ਦੀ ਮੌਤ 'ਤੇ ਦੁੱਖ ਜ਼ਾਹਰ ਕੀਤਾ।ਇਸ ਮੌਕੇ ਬਲਾਕ ਆਗੂ ਰਾਮ ਸਰਨ ਸਿੰਘ ਉਗਰਾਹਾਂ, ਸੁਖਪਾਲ ਮਾਣਕ ਕਣਕਵਾਲ, ਮਨੀ ਸਿੰਘ ਭੈਣੀ, ਪਾਲ ਸਿੰਘ ਦੋਲੇਵਾਲ, ਯਾਦਵਿੰਦਰ ਸਿੰਘ ਚੱਠਾ, ਗੋਬਿੰਦ ਸਿੰਘ ਚੱਠਾ, ਜੀਤ ਗੰਢੂਆਂ, ਇੰਦਰਜੀਤ ਉਗਰਾਹਾਂ, ਬਲਾਕ ਦੀਆਂ ਔਰਤ ਭੈਣਾਂ ਜਸਵੀਰ ਕੌਰ ਉਗਰਾਹਾਂ, ਰਣਦੀਪ ਕੌਰ ਰਟੋਲਾਂ, ਮਨਜੀਤ ਕੌਰ ਤੋਲਾਵਾਲ, ਬਲਜੀਤ ਕੌਰ ਖਡਿਆਲ, ਚਰਨਜੀਤ ਕੌਰ ਜਖੇਪਲ, ਸੁਖਵਿੰਦਰ ਕੌਰ ਚੱਠਾ ਆਦਿ ਹਾਜ਼ਰ ਸਨ।

ਪਾਤੜਾਂ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ) : ਪੰਜਾਬ ਬੰਦ ਦੇ ਮੱਦੇਨਜ਼ਰ ਕਿਸਾਨਾਂ ਅਤੇ ਹੋਰਨਾਂ ਵਰਗਾਂ ਦੇ ਲੋਕਾਂ ਵੱਲੋਂ ਕੋਟਕਪੂਰਾ ਨੂੰ ਜਾਣ ਵਾਲੀ ਸੜਕ 'ਤੇ ਰੋਸ ਧਰਨਾ ਲਾ ਕੇ ਸੜਕ ਨੂੰ ਜਾਮ ਕੀਤਾ ਗਿਆ ਤੇ ਮਰੀਜ਼ਾਂ ਨੂੰ ਛੱਡ ਕੇ ਹੋਰ ਕਿਸੇ ਨੂੰ ਲੰਘਣ ਟੱਪਣ ਨਹੀਂ ਦਿੱਤਾ।ਇਹ ਧਰਨਾ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਵੱਲੋਂ ਲਗਾਇਆ ਗਿਆ ਸੀ ਤੇ ਭਰਾਤਰੀ ਜਥੇਬੰਦੀਆਂ ਨੇ ਸਾਥ ਦਿੱਤਾ।ਵੱਡੀ ਗਿਣਤੀ ਵਿੱਚ ਕਿਸਾਨ ਇਸ ਮੌਕੇ ਮੌਜੂਦ ਸਨ।ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਗਰੁੱਪ ਦੇ ਆਗੂਆਂ ਨਿਰਮਲ ਸਿੰਘ ਜ਼ਿਲ੍ਹਾ ਜਨਰਲ ਸਕੱਤਰ, ਗਿਆਨ ਸਿੰਘ ਭੱਟੀ ਵਾਲਾ ਜ਼ਿਲ੍ਹਾ ਪ੍ਰੈਸ ਸਕੱਤਰ, ਕਰਨ ਸਿੰਘ ਭੁੱਟੀ ਵਾਲਾ, ਹਰਦਿਆਲ ਸਿੰਘ ਫੌਜੀ ਬਲਾਕ ਪ੍ਰਧਾਨ, ਜਸਵੀਰ ਸਿੰਘ ਵੱਟੂ ਪ੍ਰਧਾਨ ਬਰੀਵਾਲਾ, ਸੰਦੀਪ ਸਿੰਘ ਬਰੀਵਾਲ, ਕੁਲਵੰਤ ਸਿੰਘ ਹਰੀਕੇ ਕਲਾਂ, ਹਰਿੰਦਰ ਸਿੰਘ ਬਾਂਦੇਵਾਲਾ ਨੇ ਅਪੀਲ ਕੀਤੀ ਕਿ ਜਗਜੀਤ ਸਿੰਘ ਡੱਲੇਵਾਲ ਵੱਲੋਂ ਸ਼ੁਰੂ ਕੀਤੇ ਸੰਘਰਸ਼ ਵਿੱਚ ਸਾਰੇ ਵਰਗਾਂ ਦੇ ਲੋਕਾਂ ਨੂੰ ਸ਼ਾਮਲ ਹੋਣਾ ਚਾਹੀਦਾ ਹੈ।ਧਰਨੇ ਦੌਰਾਨ ਢਾਡੀ ਜਥੇ ਨੇ ਵਾਰਾਂ ਗਾਈਆਂ।ਕਿਸਾਨਾਂ ਲਈ ਲੰਗਰਾਂ ਦਾ ਪ੍ਰਬੰਧ ਕੀਤਾ ਗਿਆ।

ਮਲੋਟ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ) : ਜਿਣਸਾਂ 'ਤੇ ਐਮ.ਐਸ.ਪੀ. ਸਣੇ ਹੋਰ ਕਿਸਾਨੀ ਮੰਗਾਂ ਨੂੰ ਲੈ ਕੇ ਕੇਂਦਰ ਸਰਕਾਰ ਖਿਲਾਫ਼ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਹੱਕ ਵਿੱਚ ਤੇ ਕੇਂਦਰ ਸਰਕਾਰ ਨੂੰ ਹਲੂਣਾ ਦੇਣ ਲਈ ਕਿਸਾਨ ਆਗੂਆਂ ਵੱਲੋਂ ਪੰਜਾਬ ਬੰਦ ਦੇ ਦਿੱਤੇ ਸੱਦੇ ਨੂੰ ਭਰਵਾਂ ਹੁੰਗਾਰਾ ਮਿਲਿਆ ਤੇ ਬਜ਼ਾਰ ਮੁਕੰਮਲ ਬੰਦ ਰਹੇ ਤੇ ਸੜਕੀ ਆਵਾਜਾਈ ਠੱਪ ਹੋਣ ਕਾਰਨ ਬਜ਼ਾਰਾਂ ਵਿੱਚ ਲਗਾਤਾਰ ਸੁੰਨ ਪੱਸਰੀ ਰਹੇ, ਉਥੇ ਇੱਕਾ-ਦੁੱਕਾ ਦੁਕਾਨਦਾਰ ਆਪਣੀਆਂ ਦੁਕਾਨਾਂ ਖੋਲ੍ਹਦੇ ਵੀ ਨਜ਼ਰ ਆਏ।

ਕੋਟਕਪੂਰਾ (ਰਛਪਾਲ ਭੁੱਲਰ) : ਸ਼ੰਭੂ ਤੇ ਖਨੌਰੀ ਬਾਰਡਰ ਤੇ ਸੰਘਰਸ਼ ਕਰ ਰਹੀਆਂ ਕਿਸਾਨ ਜਥੇਬੰਦੀਆਂ ਦੀਆਂ ਹੱਕੀ ਮੰਗਾਂ 'ਤੇ ਕੋਈ ਗੌਰ ਨਾ ਕੀਤੇ ਜਾਣ ਨੂੰ ਲੈ ਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਪੰਜਾਬ ਬੰਦ ਦੀ ਹਮਾਇਤ ਵਿੱਚ ਫ਼ਰੀਦਕੋਟ ਜ਼ਿਲ੍ਹੇ ਵਿੱਚ ਕੋਟਕਪੂਰਾ ਤੇ ਜੈਤੋ ਵਿਖੇ ਐਸਡੀਐਮ ਦਫ਼ਤਰਾਂ ਅੱਗੇ ਅਰਥੀ ਫੂਕ ਮੁਜਾਹਰੇ ਕੀਤੇ ਗਏ। ਬੁਲਾਰਿਆਂ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੀਆਂ ਦਿੱਲੀ ਅੰਦੋਲਨ ਦੀਆਂ ਰਹਿੰਦੀਆਂ ਮੰਗਾਂ ਤੇ ਬਾਰਡਰਾਂ 'ਤੇ ਸੰਘਰਸ਼ ਕਰ ਰਹੀਆਂ ਕਿਸਾਨ ਜਥੇਬੰਦੀਆਂ ਦੀਆਂ ਹੱਕੀ ਮੰਗਾਂ ਮੰਨਣ ਦੀ ਬਜਾਏ ਖੇਤੀ ਮੰਡੀਕਰਨ ਨੂੰ ਤਬਾਹ ਕਰਨ ਲਈ ਰਾਜ ਸਰਕਾਰਾਂ ਨੂੰ ਨਵੇਂ ਫਰਮਾਨ ਜਾਰੀ ਕਰ ਰਹੀ ਹੈ ਅਤੇ ਕਿਸਾਨ ਆਗੂ ਦੇ ਮਰਨ ਵਰਤ ਨੂੰ ਅਣਦੇਖਿਆ ਕਰਕੇ ਰੱਦ ਕੀਤੇ ਗਏ ਤਿੰਨ ਕਾਨੂੰਨਾਂ ਨੂੰ ਦੁਬਾਰਾ ਲਾਗੂ ਕਰਨ ਲਈ ਤੇ ਖੇਤੀ ਮੰਡੀਕਰਨ ਨੂੰ ਸਾਮਰਾਜੀ ਕੰਪਨੀਆਂ ਦੇ ਹਵਾਲੇ ਕਰਨ ਲਈ ਪੱਬਾਂ ਭਾਰ ਹੈ।

ਮੂਣਕ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ) : ਕਿਸਾਨ ਜਥੇਬੰਦੀਆਂ ਵੱਲੋਂ ਐਮਐਸਪੀ ਗਾਰੰਟੀ ਕਾਨੂੰਨ ਸਮੇਤ ਬਾਕੀ ਰਹਿੰਦੀਆਂ ਕੇਂਦਰ ਸਰਕਾਰ ਵੱਲੋਂ ਦਿੱਲੀ ਕਿਸਾਨ ਮੋਰਚੇ ਦੌਰਾਨ ਮੰਨੀਆਂ ਗਈਆਂ ਮੰਗਾਂ ਨੂੰ ਪੂਰੀਆਂ ਕਰਨ ਦੇ ਰੋਸ ਵਜੋਂ ਚੱਲ ਰਹੇ ਕਿਸਾਨ ਅੰਦੋਲਨ ਦੌਰਾਨ ਦਿੱਤੇ ਪੰਜਾਬ ਬੰਦ ਦੇ ਸੱਦੇ ਨੂੰ ਭਰਵਾਂ ਹੁੰਗਾਰਾ ਮਿਲਿਆ।ਬੰਦ ਦੇ ਇਸ ਸੱਦੇ ਦੌਰਾਨ ਦੁਕਾਨਾਂ ਸਮੇਤ ਹਰ ਤਰ੍ਹਾਂ ਦੇ ਵਪਾਰਕ ਅਦਾਰੇ ਪੂਰੀ ਤਰ੍ਹਾਂ ਬੰਦ ਰਹੇ।ਇਸ ਦੌਰਾਨ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬਲਾਕ ਪਾਤੜਾਂ ਵੱਲੋਂ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿੱਚ ਟ੍ਰੈਫਿਕ ਜਾਮ ਕਰਕੇ ਵਿਸ਼ਾਲ ਰੋਹ ਭਰਪੂਰ ਮੁਜ਼ਾਰਾ ਕੀਤਾ ਗਿਆ।ਇਕੱਠੇ ਹੋਏ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕਰਦਿਆਂ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਪੂਰੀਆਂ ਕਰਨ ਦੀ ਮੰਗ ਕੀਤੀ।

ਜਥੇਬੰਦੀ ਦੇ ਜ਼ਿਲ੍ਹਾ ਆਗੂ ਹਰਭਜਨ ਸਿੰਘ ਧੂਹੜ, ਬਲਾਕ ਪ੍ਰਧਾਨ ਸੁਖਦੇਵ ਸਿੰਘ ਹਰਿਆਊ ਤੇ ਮਹਿਲਾ ਕਿਸਾਨ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਚਰਨਜੀਤ ਕੌਰ ਧੂੜੀਆਂ ਦੀ ਅਗਵਾਈ ਵਿੱਚ ਕੀਤੇ ਗਏ ਰੋਸ ਪ੍ਰਦਰਸ਼ਨ ਦੌਰਾਨ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨੀ ਮੰਗਾਂ ਨੂੰ ਲੈ ਕੇ ਖਨੌਰੀ ਵਿਖੇ ਮਰਨ ਵਰਤ ਉੱਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਕਿਸਾਨੀ ਦੀ ਲੜਾਈ ਲੜ ਰਹੇ ਹਨ। ਕੇਂਦਰ ਸਰਕਾਰ ਨੇ ਦਿੱਲੀ ਅੰਦੋਲਨ ਦੌਰਾਨ ਜਿਹੜੀਆਂ ਕਿਸਾਨਾਂ ਦੀਆਂ ਮੰਗਾਂ ਮੰਨੀਆਂ ਸਨ, ਉਨ੍ਹਾਂ ਨੂੰ ਪੂਰੀਆਂ ਕਰਨ ਦੀ ਬਜਾਏ ਕੇਂਦਰ ਦੀ ਨਰਿੰਦਰ ਮੋਦੀ ਹਕੂਮਤ ਕਿਸਾਨ ਅੰਦੋਲਨ ਨੂੰ ਕੁਚਲਣ ਦੇ ਰਾਹ ਤੁਰੀ ਹੋਈ ਹੈ।ਆਗੂਆਂ ਨੇ ਕਿਹਾ ਕਿ ਬੜੇ ਲੰਬੇ ਸੰਘਰਸ਼ਾਂ ਮਗਰੋਂ ਇੱਕ ਆਗੂ ਪੈਦਾ ਹੁੰਦਾ ਹੈ, ਪਰ ਬਦਕਿਸਮਤੀ ਦੀ ਗੱਲ ਹੈ ਕਿ ਆਪਣੀ ਗੱਲ ਕਹਿਣ ਲਈ ਜਦੋਂ ਸਾਰੇ ਰਾਹ ਬੰਦ ਹੋ ਜਾਣ ਤਾਂ ਉਸ ਵਕਤ ਮਰਨ ਵਰਤ ਉੱਤੇ ਬੈਠਿਆ ਜਾਂਦਾ ਹੈ, ਪਰ ਡੇਢ ਮਹੀਨੇ ਦੇ ਕਰੀਬ ਸਮਾਂ ਬੀਤ ਜਾਣ ਦੇ ਬਾਵਜੂਦ ਕੇਂਦਰ ਸਰਕਾਰ ਜਗਜੀਤ ਸਿੰਘ ਡੱਲੇਵਾਲ ਦੇ ਮਾਮਲੇ ਵਿੱਚ ਗੰਭੀਰ ਨਾ ਹੋਣਾ ਲੋਕਤੰਤਰ ਦਾ ਸਿੱਧਾ ਕਤਲ ਹੈ।

ਪਟਿਆਲਾ (ਰਾਜਿੰਦਰ ਸਿੰਘ ਬਿੰਦ) : ਕਿਸਾਨ ਮਜ਼ਦੂਰ ਮੋਰਚਾ ਤੇ ਸੰਯੁਕਤ ਕਿਸਾਨ ਮੋਰਚਾ (ਗ਼ੈਰ ਰਾਜਨੀਤਕ) ਦੇ ਸੱਦੇ 'ਤੇ ਪਟਿਆਲਾ ਸ਼ਹਿਰ ਨੂੰ ਆਉਣ ਵਾਲੀਆਂ ਸੜਕਾਂ ਪਟਿਆਲਾ-ਸੰਗਰੂਰ ਰੋਡ ਤੇ ਮਹਿਮਦਪੁਰ, ਪਟਿਆਲਾ-ਚੰਡੀਗੜ੍ਹ ਰੋਡ ਤੇ ਧਰੇੜੀ ਟੋਲ ਪਲਾਜ਼ਾ, ਪਟਿਆਲਾ-ਨਾਭਾ ਰੋਡ ਤੇ ਕਲਿਆਣ, ਪਟਿਆਲਾ-ਸਰਹਿੰਦ ਰੋਡ ਪਿੰਡ ਹਰਦਾਸਪੁਰ, ਪਟਿਆਲਾ-ਦੇਵੀਗੜ੍ਹ ਰੋਡ ਜੋੜੀਆਂ ਸੜਕਾਂ, ਪਟਿਆਲਾ ਭਾਦਸੋਂ ਰੋਡ 'ਤੇ ਪਿੰਡ ਸਿੱਧੂਵਾਲ, ਪਟਿਆਲਾ-ਘਨੌਰ ਰੋਡ ਪਿੰਡ ਚੱਪੜ ਤੇ ਸੜਕਾਂ ਮੁਕੰਮਲ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਬੰਦ ਰਹੀਆਂ।ਇਸੇ ਤਰ੍ਹਾਂ ਬੌੜਾਂ ਗੇਟ, ਸਮਾਣਾ ਵਿਖੇ ਬੰਦਾ ਸਿੰਘ ਬਹਾਦਰ ਚੌਕ ਤੇ ਪਿੰਡ ਨਿਆਲ ਬਾਈਪਾਸ, ਪਾਤੜਾਂ ਵਿਖੇ ਕੈਂਥਲ ਰੋਡ ਪਿੰਡ ਅਰਨੋ ਤੇ ਰਾਜਪੁਰਾ ਵਿਖੇ ਗਗਨ ਚੌਕ ਵਿਖੇ ਸੜਕਾਂ ਜਾਮ ਰਹੀਆਂ।ਵੱਖ-ਵੱਖ ਧਰਨਿਆਂ ਤੇ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ, ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ, ਭਾਰਤੀ ਕਿਸਾਨ ਯੂਨੀਅਨ ਭਟੇੜੀ, ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਤੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੇ ਆਗੂਆਂ ਨੇ ਸੰਬੋਧਨ ਕੀਤਾ।

ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ ਫਲੀਆਂਵਾਲਾ) : ਪੰਜਾਬ ਵਿੱਚ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਸਮੇਤ 13 ਮੰਗਾਂ ਨੂੰ ਲੈ ਕੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਸਮਰਥਨ ਵਿੱਚ ਕਿਸਾਨ ਜਥੇਬੰਦੀਆਂ ਦੇ ਫੈਸਲੇ ਤਹਿਤ ਪੰਜਾਬ ਬੰਦ ਦੀ ਕਾਲ ਮੁਤਾਬਿਕ ਜਿੱਥੇ ਜਲਾਲਾਬਾਦ ਸ਼ਹਿਰ ਮੁਕੰਮਲ ਬੰਦ ਰਿਹਾ ਅਤੇ ਇਸ ਬੰਦ ਨੂੰ ਧਾਰਮਿਕ ਤੇ ਸਮਾਜਿਕ ਜਥੇਬੰਦੀਆਂ, ਮੁਲਾਜ਼ਮਾਂ, ਵਪਾਰੀਆਂ ਤੇ ਜਥੇਬੰਦੀਆਂ ਵੱਲੋਂ ਸਮਰਥਨ ਦਿੱਤਾ ਗਿਆ ਹੈ। ਇਸ ਦੇ ਨਾਲ ਹੀ ਕਿਸਾਨ ਜਥੇਬੰਦੀਆਂ ਵੱਲੋਂ ਸ਼ਹੀਦ ਊਧਮ ਸਿੰਘ ਚੌਕ ਦੇ ਕੋਲ ਫ਼ਿਰੋਜ਼ਪੁਰ-ਫ਼ਾਜ਼ਿਲਕਾ ਮੁੱਖ ਮਾਰਗ 'ਤੇ ਚੱਕਾ ਜਾਮ ਕਰਕੇ ਰੋਸ ਧਰਨਾ ਦਿੱਤਾ ਗਿਆ। ਜਲਾਲਾਬਾਦ ਸ਼ਹਿਰ ਸਵੇਰੇ 7 ਵਜੇ ਤੋਂ ਸ਼ਾਮ 4 ਵਜੇ ਤੱਕ ਬੰਦ ਰਿਹਾ ਅਤੇ ਸਿਰਫ ਮੈਡੀਕਲ, ਹਸਪਤਾਲ ਆਦਿ ਐਨਰਜੈਂਸੀ ਸੇਵਾਵਾਂ ਬਹਾਲ ਰਹੀਆਂ। ਇਸ ਦੌਰਾਨ ਬੱਸਾਂ, ਰੇਲ ਗੱਡੀਆਂ ਨਹੀਂ ਚੱਲੀਆਂ।

ਚੀਮਾ ਮੰਡੀ (ਰਵਿੰਦਰ ਚੀਮਾ) : ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਦੇ ਜ਼ਿਲ੍ਹਾ ਆਗੂ ਜਸਵੀਰ ਸਿੰਘ ਨੇ ਚੀਮਾ ਮੰਡੀ ਵਿਖੇ ਦਿੱਤੇ ਗਏ ਵਿਸ਼ਾਲ ਧਰਨੇ ਦੌਰਾਨ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਦੋ ਵੱਡੇ ਫੋਰਮ ਕਿਸਾਨ-ਮਜ਼ਦੂਰ ਮੋਰਚਾ ਭਾਰਤ ਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਕ ਭਾਰਤ ਦੇ ਦਿੱਤੇ ਸੱਦੇ ਤਹਿਤ ਭਾਰਤੀ ਕਿਸਾਨ ਯੂਨੀਅਨ ਏਕਤਾ (ਅਜ਼ਾਦ) ਵੱਲੋਂ ਜ਼ਿਲ੍ਹਾ ਸੰਗਰੂਰ ਵਿਖੇ ਤਕਰੀਬਨ 11 ਥਾਵਾਂ 'ਤੇ ਜਾਮ ਲਾਇਆ ਗਿਆ ਤੇ ਗੁਰਨੇ ਕਲਾਂ ਵਿੱਚ ਰੇਲ ਪਟੜੀ ਤੇ ਬੈਠ ਕੇ ਰੇਲਾਂ ਦਾ ਚੱਕਾ ਜਾਮ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ 13 ਫ਼ਰਵਰੀ ਤੋਂ ਕਿਸਾਨਾਂ ਨੂੰ ਸ਼ੰਭੂ ਬਾਰਡਰ, ਖਨੌਰੀ ਬਾਰਡਰ ਤੇ ਰਤਨਪੁਰਾ ਬਾਰਡਰ 'ਤੇ ਵੱਡੀਆਂ ਰੋਕਾਂ ਖੜੀਆਂ ਕਰ ਕੇ ਦਿੱਲੀ ਜਾਣ ਤੋਂ ਰੋਕਿਆ ਹੋਇਆ ਹੈ। ਕਿਸਾਨ ਬਾਰਡਰਾਂ ਤੇ ਮੋਰਚੇ ਵਿੱਚ ਬੈਠੇ

31 - December - Page - 6.qxd 12/30/2024 10:44 PM Page 1

ਕਿਸਾਨ ਜਥੇਬੰਦੀਆਂ ਵੱਲੋਂ ਖਾਈ ਮਮਦੋਟ ਟੀ ਪੁਆਇੰਟ 'ਤੇ ਧਰਨਾ

ਮਮਦੋਟ, (ਜਸਬੀਰ ਸਿੰਘ ਕੰਬੋਜ)- ਕਿਸਾਨੀ ਮੰਗਾਂ ਨੂੰ ਲੈ ਕੇ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ 30 ਦਸੰਬਰ ਨੂੰ ਪੰਜਾਬ ਬੰਦ ਦੇ ਸੱਦੇ ਤਹਿਤ ਅੱਜ ਫਿਰੋਜ਼ਪੁਰ ਫਾਜ਼ਿਲਕਾ ਜੀਟੀ ਰੋਡ ਤੇ ਸਥਿਤ ਮਮਦੋਟ-ਖਾਈ ਟੀ ਪੁਆਇੰਟ ਤੇ ਵਡਾ ਧਰਨਾ ਲਾਇਆ ਗਿਆ, ਜਿਸ ਦੌਰਾਨ ਵੱਖ-ਵੱਖ ਸਾਰੀਆਂ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਆਪਣੀ ਹੱਕੀ ਮੰਗਾਂ ਨੂੰ ਲੈ ਕੇ ਆਪਣੇ ਵਿਚਾਰ ਪੇਸ਼ ਕੀਤੇ. ਅੱਜ ਦੇ ਇਸ ਧਰਨੇ ਵਿੱਚ ਜ਼ਰੂਰੀ ਤੇ ਐਮਰਜੈਂਸੀ ਸੇਵਾਵਾਂ ਨੂੰ ਛੋਟ ਦਿੱਤੀ ਗਈ ਸੀ ਜਿਸ ਦੇ ਚਲਦਿਆਂ ਜ਼ਰੂਰੀ ਤੇ ਐਮਰਜੈਂਸੀ ਸੇਵਾਵਾਂ ਆਮ ਦਿਨਾਂ ਦੀ ਤਰਾਂ ਹੀ ਬਹਾਲ ਰਹੀਆਂ।

ਕਸਬਾ ਮਮਦੋਟ ਦੇ ਬਾਜ਼ਾਰ ਤੇ ਦੁਕਾਨਾ ਰਹੀਆਂ ਪੂਰੀ ਤਰਾਂ ਬੰਦ :- ਕਿਸਾਨ ਜਥੇਬੰਦੀਆਂ ਵੱਲੋਂ ਦਿੱਤੀ ਪੰਜਾਬ ਬੰਦ ਦੀ ਕਾਲ ਕਾਰਨ ਕਸਬਾ ਮਮਦੋਟ ਦੇ ਬਾਜ਼ਾਰ ਅਤੇ ਆਸ ਪਾਸ ਦੀਆਂ ਦੁਕਾਨਾਂ ਪੂਰੀ ਤਰਾਂ ਬੰਦ ਰਹੀਆਂ, ਵਿਦਿਅਕ ਅਦਾਰਿਆਂ ਵਿੱਚ ਪਹਿਲਾਂ ਹੀ ਛੁੱਟੀਆਂ ਚੱਲ ਰਹੀਆਂ ਹਨ ਤੇ ਬਾਕੀ ਸਰਕਾਰੀ ਦਫਤਰ ਵੀ ਕਰੀਬ ਕਰੀਬ ਬੰਦ ਹੀ ਰਹੇ ਬੰਦ ਦੌਰਾਨ ਮੈਡੀਕਲ ਸੇਵਾਵਾਂ, ਪੱਤਰਕਾਰਾਂ ਦੇ ਵਹੀਕਲਾਂ ਤੇ ਦਫਤਰਾਂ, ਹਸਪਤਾਲ ਅਤੇ ਐਮਰਜੈਂਸੀ ਸੇਵਾਵਾਂ ਨੂੰ ਬੰਦ ਤੋਂ ਛੋਟ ਦਿੱਤੇ ਜਾਂ ਕਾਰਨ ਇਹ ਸੇਵਾਵਾਂ ਆਮ ਦੀ ਤਰ੍ਹਾਂ ਹੀ ਬਹਾਲ ਰਹੀਆਂ ਤੇ ਕੁੱਲ ਮਿਲਾ ਕੇ ਇਸ ਸਰਹੱਦੀ ਖੇਤਰ ਵਿੱਚ ਬੰਦ ਪੂਰਨ ਤੋਰ ਤੇ ਸਫਲ ਰਿਹਾ।

ਪੰਜਾਬ ਦੇ ਬਾਗਬਾਨੀ ਖੇਤਰ ਨੇ 2024 ਦੌਰਾਨ ਨਵੀਆਂ ਬੁਲੰਦੀਆਂ ਨੂੰ ਛੂਹਿਆ

ਚੰਡੀਗੜ੍ਹ, (ਗੁਰਜੀਤ ਬਿੱਲਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਬਾਗਬਾਨੀ ਖੇਤਰ ਦੇ ਵਿਸਥਾਰ ਅਤੇ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਲਈ ਸਰਗਰਮੀ ਨਾਲ ਕੰਮ ਕਰ ਰਹੀ ਹੈ। ਬਾਗਬਾਨੀ ਮੰਤਰੀ ਮੋਹਿੰਦਰ ਭਗਤ ਦੀ ਅਗਵਾਈ ਹੇਠ ਬਾਗਬਾਨੀ ਵਿਭਾਗ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਅਪਣਾਉਣ ਲਈ ਪੂਰੀ ਸਹਾਇਤਾ ਪ੍ਰਦਾਨ ਕਰ ਰਿਹਾ ਹੈ ਅਤੇ ਬਾਗ਼ਬਾਨੀ ਦੇ ਵਿਕਾਸ ਲਈ ਵਿਭਾਗ ਨੇ ਸਾਲ 2024 ਵਿੱਚ ਵੱਖ-ਵੱਖ ਪਹਿਲਕਦਮੀਆਂ ਕੀਤੀਆਂ।ਮੰਤਰੀ ਭਗਤ ਨੇ ਪੇਂਡੂ ਸਸ਼ਕਤੀਕਰਨ ਅਤੇ ਖੇਤੀ ਨਵੀਨਤਾ ਲਈ ਸਰਕਾਰ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਨੂੰ ਉਜਾਗਰ ਕੀਤਾ। ਉਹਨਾਂ ਦੱਸਿਆ ਕਿ ਪੰਜਾਬ ਨੇ ਖੇਤੀ ਦੇ ਵਿਕਾਸ ਲਈ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ (ਏ.ਆਈ.ਐਫ.) ਤਹਿਤ 19,408 ਪ੍ਰੋਜੈਕਟਾਂ ਅਤੇ 4,478 ਕਰੋੜ ਰੁਪਏ ਦੇ ਮਿਆਦੀ ਕਰਜ਼ੇ ਮਨਜ਼ੂਰ ਕਰਕੇ ਦੇਸ਼ ਭਰ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ। ਭਗਤ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਫ਼ਸਲੀ ਵਿਭਿੰਨਤਾ 'ਤੇ ਜ਼ੋਰ ਦੇਣ ਸਦਕਾ ਬਾਗਬਾਨੀ ਖੇਤਰ ਅਧੀਨ ਰਕਬਾ 4,39,210 ਤੋਂ ਵਧ ਕੇ 4,81,616 ਹੈਕਟੇਅਰ ਹੋ ਗਿਆ ਹੈ।ਮੰਤਰੀ ਨੇ ਕਿਹਾ ਕਿ ਸਕੌਚ ਨੈਸ਼ਨਲ ਅਵਾਰਡ 2024 ਵਿੱਚ ਪੰਜਾਬ ਨੇ ਮਾਨਤਾ ਹਾਸਲ ਕੀਤੀ ਹੈ, ਜਿਸ ਵਿੱਚ ਸੂਬੇ ਨੇ ਰੇਸ਼ਮ ਦੀ ਖੇਤੀ ਪ੍ਰੋਜੈਕਟ, ਮਹਿਲਾ ਸਸ਼ਕਤੀਕਰਨ ਅਤੇ ਰੇਸ਼ਮ ਦੀ ਖੇਤੀ ਰਾਹੀਂ ਸਮਾਜਿਕ-ਆਰਥਿਕ ਵਿਕਾਸ ਲਈ ਚਾਂਦੀ ਦਾ ਤਗ਼ਮਾ ਜਿੱਤਿਆ ਹੈ।ਉਹਨਾਂ ਦੱਸਿਆ ਕਿ ਪੰਜਾਬ ਨੇ ਉਪ-ਪਹਾੜੀ ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਤੋਂ ਇੰਗਲੈਂਡ (ਯੂ.ਕੇ.) ਨੂੰ ਲੀਚੀ ਬਰਾਮਦ ਕਰਕੇ ਇੱਕ ਮਹੱਤਵਪੂਰਨ ਮੀਲ ਪੱਥਰ ਸਥਾਪਤ ਕੀਤਾ ਹੈ। ਬਾਗਬਾਨੀ ਵਿਭਾਗ ਦੁਆਰਾ ਖੇਤੀਬਾੜੀ ਅਤੇ ਪ੍ਰੋਸੈਸਡ ਫੂਡ ਪ੍ਰੋਡਕਟਸ ਐਕਸਪੋਰਟ ਡਿਵੈਲਪਮੈਂਟ ਅਥਾਰਟੀ (ਏ.ਪੀ.ਈ.ਡੀ.ਏ.) ਦੇ ਸਹਿਯੋਗ ਨਾਲ ਹਾਸਲ ਕੀਤੀ ਇਹ ਸ਼ਾਨਦਾਰ ਪ੍ਰਾਪਤੀ, ਵਿਸ਼ਵ ਪੱਧਰ 'ਤੇ ਬਾਗਬਾਨੀ ਉਤਪਾਦਾਂ ਨੂੰ ਉਤਸ਼ਾਹਤ ਕਰਨ ਲਈ ਸੂਬੇ ਦੇ ਯਤਨਾਂ ਨੂੰ ਦਰਸਾਉਂਦੀ ਹੈ।ਉਨ੍ਹਾ ਕਿਹਾ ਕਿ 3,250 ਹੈਕਟੇਅਰ ਵਿੱਚ ਫੈਲੀ ਲੀਚੀ ਦੀ ਖੇਤੀ ਅਤੇ ਲਗਭਗ 13,000 ਮੀਟ੍ਰਿਕ ਟਨ ਸਾਲਾਨਾ ਪੈਦਾਵਾਰ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ ਅਤੇ ਭਵਿੱਖ ਵਿੱਚ ਨਿਰਯਾਤ ਲਈ ਨਵੇਂ ਰਾਹ ਖੁੱਲ੍ਹਣਗੇ। ਭਗਤ ਨੇ ਅੱਗੇ ਦੱਸਿਆ ਕਿ ਕਿਸਾਨਾਂ ਦੀ ਮਦਦ ਕਰਨ ਅਤੇ ਖੇਤੀ ਵਿੱਚ ਸੁਧਾਰ ਵਾਸਤੇ ਪੰਜਾਬ ਵਿੱਚ ਤਿੰਨ ਨਵੇਂ ਬਾਗਬਾਨੀ ਅਸਟੇਟ ਸਥਾਪਤ ਕੀਤੇ ਗਏ ਹਨ। ਇਨ੍ਹਾਂ ਨਵੇ ਅਸਟੇਟਾਂ ਵਿੱਚ ਅੰਮ੍ਰਿਤਸਰ ਵਿੱਚ ਪੀਅਰ ਅਸਟੇਟ, ਪਟਿਆਲਾ ਵਿੱਚ ਗੁਆਵਾ ਅਸਟੇਟ ਅਤੇ ਪਠਾਨਕੋਟ ਵਿੱਚ ਲੀਚੀ ਅਸਟੇਟ ਸ਼ਾਮਲ ਹਨ।ਮੰਤਰੀ ਨੇ ਦੱਸਿਆ ਕਿ ਰਾਸ਼ਟਰੀ ਬਾਗਬਾਨੀ ਮਿਸ਼ਨ ਤਹਿਤ ਕਿਸਾਨਾਂ ਨੂੰ ਵੱਖ-ਵੱਖ ਕੰਮਾਂ ਲਈ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ, ਜਿਸ ਵਿੱਚ ਨਵੇਂ ਬਾਗ ਲਗਾਉਣ, ਸਬਜ਼ੀਆਂ ਅਤੇ ਫੁੱਲਾਂ ਦੀ ਕਾਸ਼ਤ, ਖੁੰਬਾਂ ਦੀ ਖੇਤੀ, ਮਧੂ ਮੱਖੀ ਪਾਲਣ, ਸੁਰੱਖਿਅਤ ਖੇਤੀ ਵਿਧੀਆਂ ਅਪਣਾਉਣ ਅਤੇ ਵਾਢੀ ਤੋਂ ਬਾਅਦ ਪ੍ਰਬੰਧਨ ਕਰਨਾ ਸ਼ਾਮਲ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਬਜ਼ੀਆਂ ਅਤੇ ਫਲਾਂ ਦੀ ਖੇਤੀ ਨੂੰ ਉਤਸ਼ਾਹਤ ਕਰਨ ਲਈ ਕਈ ਸੈਂਟਰ ਆਫ਼ ਐਕਸੀਲੈਂਸ ਸਥਾਪਤ ਕੀਤੇ ਗਏ ਹਨ। ਇਨ੍ਹਾਂ ਵਿੱਚ ਕਰਤਾਰਪੁਰ, ਜਲੰਧਰ ਵਿੱਚ ਸੈਂਟਰ ਆਫ਼ ਐਕਸੀਲੈਂਸ ਫ਼ਾਰ ਵੈਜੀਟੇਬਲਜ਼; ਬੀੜ ਚੜਿਕ, ਮੋਗਾ ਵਿੱਚ ਹਾਈ-ਟੈਕ ਵੈਜੀਟੇਬਲ ਸੀਡ ਸੈਂਟਰ; ਖਨੌਰਾ, ਹੁਸ਼ਿਆਰਪੁਰ ਵਿੱਚ ਸੈਂਟਰ ਆਫ਼ ਐਕਸੀਲੈਂਸ ਫ਼ਾਰ ਫਰੂਟਸ (ਨਿੰਬੂ); ਧੋਗੜੀ, ਜਲੰਧਰ ਵਿੱਚ ਸੈਂਟਰ ਆਫ਼ ਐਕਸੀਲੈਂਸ ਫ਼ਾਰ ਪੋਟੇਟੋ ਅਤੇ ਸੰਗਰੂਰ ਜ਼ਿਲ੍ਹੇ ਦੇ ਪਿੰਡ ਖੇੜੀ ਵਿਖੇ ਸੈਂਟਰ ਆਫ਼ ਐਕਸੀਲੈਂਸ ਫ਼ਾਰ ਅਨਿਅਨ ਸਥਾਪਤ ਕੀਤੇ ਗਏ ਹਨ।ਮੰਤਰੀ ਨੇ ਰੇਸ਼ਮ ਦੀ ਖੇਤੀ ਵਿੱਚ ਸ਼ਾਨਦਾਰ ਪ੍ਰਗਤੀ ਸਾਂਝੀ ਕਰਦੇ ਹੋਏ ਦੱਸਿਆ ਕਿ ਕੋਕੂਨ ਦੀ ਕੀਮਤ 550 ਰੁਪਏ ਤੋਂ ਵਧ ਕੇ 1,250 ਰੁਪਏ ਪ੍ਰਤੀ ਕਿਲੋਗ੍ਰਾਮ ਹੋ ਗਈ ਹੈ। ਬੁਨਿਆਦੀ ਢਾਂਚੇ ਦੇ ਵਿਕਾਸ ਬਾਰੇ ਮੰਤਰੀ ਭਗਤ ਨੇ ਦੱਸਿਆ ਕਿ ਕੋਕੂਨ ਦਾ ਸਾਲਾਨਾ ਉਤਪਾਦਨ 29,000 ਕਿਲੋਗ੍ਰਾਮ ਤੱਕ ਪਹੁੰਚ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸਵੈ-ਨਿਰਭਰਤਾ ਅਤੇ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਕਿਸਾਨਾਂ ਨੂੰ ਮਾਮੂਲੀ ਕੀਮਤਾਂ 'ਤੇ ਉੱਚ ਗੁਣਵੱਤਾ ਵਾਲੇ ਰੇਸ਼ਮ ਦੇ ਬੀਜ ਮੁਹੱਈਆ ਕਰਵਾਉਣ ਲਈ ਡਲਹੌਜ਼ੀ ਵਿੱਚ ਰੇਸ਼ਮ ਬੀਜ ਉਤਪਾਦਨ ਕੇਂਦਰ ਨੂੰ ਮੁੜ ਸਰਗਰਮ ਕਰ ਦਿੱਤਾ ਹੈ। ਭਗਤ ਨੇ ਚੰਡੀਗੜ੍ਹ ਵਿੱਚ ਆਯੋਜਿਤ ਹੋਏ ਸਿਲਕ ਮਾਰਕ ਐਕਸਪੋ 2024 ਦੇ ਉਦਘਾਟਨ ਨੂੰ ਵੀ ਉਜਾਗਰ ਕੀਤਾ, ਜਿਸ ਵਿੱਚ ਰੇਸ਼ਮ ਦੀ ਕਾਰੀਗਰੀ ਦਾ ਪ੍ਰਦਰਸ਼ਨ ਕੀਤਾ ਗਿਆ ਜਿਸ ਨਾਲ ਰੇਸ਼ਮ ਦੇ ਵਪਾਰ ਨੂੰ ਵੱਡਾ ਹੁਲਾਰਾ ਮਿਲਿਆ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਨਾ ਸਿਰਫ਼ ਖੇਤਰੀ ਕਾਰੀਗਰਾਂ ਅਤੇ ਵਪਾਰੀਆਂ ਨੂੰ ਉਤਸ਼ਾਹਿਤ ਕਰਦੇ ਹਨ, ਸਗੋਂ ਰੇਸ਼ਮ ਦੀ ਖੇਤੀ ਅਤੇ ਬਾਗਬਾਨੀ ਰਾਹੀਂ ਪੇਂਡੂ ਭਾਈਚਾਰਿਆਂ ਨੂੰ ਉੱਚਾ ਚੁੱਕਣ ਵਿੱਚ ਪੰਜਾਬ ਦੀ ਅਹਿਮ ਭੂਮਿਕਾ ਨੂੰ ਵੀ ਦਰਸਾਉਂਦੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਰੇਸ਼ਮ ਦੀ ਖੇਤੀ ਦਾ ਵਿਸਥਾਰ ਕਰਨ, ਪੇਂਡੂ ਭਾਈਚਾਰਿਆਂ ਨੂੰ ਸਸ਼ਕਤ ਬਣਾਉਣ ਅਤੇ ਪੰਜਾਬ ਦੇ ਬਾਗਬਾਨੀ ਅਤੇ ਰੇਸ਼ਮ ਦੀ ਖੇਤੀ ਨੂੰ ਨਵੀਆਂ ਉਚਾਈਆਂ 'ਤੇ ਪਹੁੰਚਾਉਣ ਲਈ ਤੇਜ਼ੀ ਨਾਲ ਕੰਮ ਕਰ ਰਹੀ ਹੈ।

ਪੰਜਾਬ ਬੰਦ ਦੇ ਸੱਦੇ 'ਤੇ ਬਿਜਲੀ ਮੁਲਾਜ਼ਮ ਜਥੇਬੰਦੀਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਦੀ ਅਰਥੀ ਫੂਕੀ

ਦੋਰਾਹਾ, (ਹਰਮਿੰਦਰ ਸੇਠ) ਬਿਜਲੀ ਮੁਲਾਜ਼ਮਾਂ ਦੀਆਂ ਜੱਥੇਬੰਦੀਆ ਟੈਕਨੀਕਲ ਸਰਵਿਸ ਯੂਨੀਅਨ.ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ. ਪਾਵਰਕਾਮ ਐਂਡ ਟ ?ਸਾਕੋ ਠੇਕਾ ਮੁਲਾਜ਼ਮ ਯੂਨੀਅਨ ਡਵੀਜ਼ਨ ਦੋਰਾਹਾ ਦੇ ਆਗੂਆਂ ਬਲਵੀਰ ਸਿੰਘ. ਲਖਵੀਰ ਸਿੰਘ ਰਾਮਜੀਤ ਸਿੰਘ ਨੇ ਸਾਂਝੇ ਬਿਆਨ ਰਾਹੀਂ ਦੱਸਿਆ ਕਿ ਡਵੀਜ਼ਨ ਦੋਰਾਹਾ ਵਿਖੇ ਸਾਂਝੇ ਤੌਰ 'ਤੇ ਕਿਸਾਨ ਜਥੇਬੰਦੀਆਂ ਦੇ ਪੰਜਾਬ ਬੰਦ ਦੇ ਸੱਦੇ ਨਾਲ ਤਾਲਮੇਲ ਕਰਦਿਆਂ ਡਵੀਜ਼ਨ ਦੋਰਾਹਾ ਵਿਖੇ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਦੇ ਖਿਲਾਫ ਅਰਥੀ ਫੂਕ ਰੈਲੀ ਕੀਤੀ ਗਈ।ਇਸ ਰੈਲੀ ਵਿੱਚ ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਐਂਡ ਟ ?ਸਾਕੋ ਨੇ ਭਰਾਤਰੀ ਤੌਰ 'ਤੇ ਸਮੂਲੀਅਤ ਕੀਤੀ। ਇਹ ਰੈਲੀ ਵਿੱਚ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਤੋਂ ਕਿਸਾਨ ਜਥੇਬੰਦੀਆ ਦੀਆਂ ਮੰਗਾਂ ਦਾ ਹੱਲ ਕਰਵਾਉਣ ਲਈ ਮੰਗ ਕੀਤੀ ਗਈ। ਚੰਡੀਗੜ੍ਹ, ਰਾਜਸਥਾਨ, ਯੂ ਪੀ. ਬਿਜਲੀ ਬੋਰਡ ਦਾ ਮੁਕੰਮਲ ਨਿੱਜੀਕਰਨ ਕਰਨ ਦਾ ਵਿਰੋਧ ਕੀਤਾ ਗਿਆ। ਆਗੂਆਂ ਨੇ ਦੱਸਿਆ ਕਿ ਪਾਵਰਕਾਮ ਦੀ ਮੈਨਜਮੈਂਟ ਵੱਲੋਂ ਵੀ ਮੁਲਾਜ਼ਮ ਮੰਗਾਂ ਦਾ ਹੱਲ ਨਹੀਂ ਕੀਤਾ ਜਾ ਰਿਹਾ। ਇਸ ਲਈ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮ ਜਥੇਬੰਦੀਆਂ ਨੂੰ ਨਿੱਜੀਕਰਨ ਦੀਆਂ ਨੀਤੀਆਂ ਨੂੰ ਰੱਦ ਕਰਵਾਉਣ ਲਈ ਸਾਂਝੇ ਤੌਰ 'ਤੇ ਸੰਘਰਸ਼ ਕਰਨੇ ਚਾਹੀਦੇ ਹਨ। ਜਥੇਬੰਦੀਆਂ ਨੇ ਕੇਂਦਰ ਸਰਕਾਰ 'ਤੇ ਪੰਜਾਬ ਸਰਕਾਰ ਦੇ ਧੱਕੜ ਰਵੱਈਏ ਦੀ ਨਿਖੇਧੀ ਕੀਤੀ।ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਕੇਂਦਰ ਸਰਕਾਰ ਦੀ ਨਿੱਜੀਕਰਨ ਦੀ ਨੀਤੀ ਦੇ ਤਹਿਤ ਨਿਯਮਾਂ ਨੂੰ ਤਬਦੀਲ ਕਰਕੇ ਬਿਜਲੀ ਬੋਰਡ ਦਾ ਕੰਮ ਚਲਾਉਣ ਲਈ ਰਿਟਾਇਰੀ ਮੁਲਾਜ਼ਮਾਂ ਨੂੰ ਡਿਊਟੀ 'ਤੇ ਰੱਖਿਆ ਜਾ ਰਿਹਾ ਹੈ।ਆਗੂਆਂ ਨੇ ਸ਼ੰਭੂ ਬਾਰਡਰ ਤੇ ਕਿਸਾਨਾਂ ਉੱਤੇ ਕੀਤਾ ਜਾ ਰਿਹਾ ਜਬਰ ਬੰਦ ਕੀਤਾ ਜਾਵੇ। ਜਥੇਬੰਦੀਆਂ ਹਰਿਆਣਾ ਸਰਕਾਰ ਅਤੇ ਕੇਂਦਰ ਸਰਕਾਰ ਦੀ ਨਿਖੇਧੀ ਕਰਦੀਆਂ ਹਨ। ਇਸ ਰੈਲੀ ਨੂੰ ਜਸਵਿੰਦਰ ਸਿੰਘ, ਅਮਰੀਕ ਸਿੰਘ .ਅਵਤਾਰ ਸਿੰਘ, ਧਰਮਪਾਲ ਸਿੰਘ. ਤਰਸੇਮ ਲਾਲ, ਜਗਰੂਪ ਸਿੰਘ,ਰਾਮਪਾਲ ਧਮੋਟ, ਬੁੱਧ ਸਿੰਘ ਆਦਿ ਨੇ ਸੰਬੋਧਨ ਕੀਤਾ।

ਸੇਵਾ ਮੁਕਤੀ ਤੇ ਵਿਸ਼ੇਸ਼ :

ਅਧਿਆਪਕ ਦੀ ਕਸੌਟੀ 'ਤੇ ਖਰਾ ਉਤਰਨ ਵਾਲਾ ਬਲਬੀਰ ਚੰਦ ਲੌਂਗੋਵਾਲ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ): ਉਹ ਕਿਹੜਾ ਦਿਨ ਹੈ ਜਿਸ ਦਿਨ ਬਲਬੀਰ ਚੰਦ ਦੇ ਹੱਥ ਵਿੱਚ ਝੰਡਾ ਨਾ ਹੋਵੇ ਜਾਂ ਉਸ ਦੇ ਹੱਥ ਵਿੱਚ ਕਿਤਾਬ ਨਾ ਹੋਵੇ। ਜੇਕਰ ਬਲਬੀਰ ਦੇ ਹੱਥ ਵਿੱਚ ਝੰਡਾ ਹੈ ਤਾਂ ਮੰਨੋ ਕਿ ਉਹ ਕਿਸੇ ਦੇ ਹਿੱਤਾਂ ਦੀ ਰਾਖੀ ਲਈ ਜਾਂ ਕਿਸੇ ਬੇਇਨਸਾਫ਼ੀ ਦੇ ਵਿਰੁੱਧ ਜੂਝ ਰਿਹਾ ਹੈ। ਜੇਕਰ ਕਿਤਾਬ ਹੈ ਤਾਂ ਫਿਰ ਉਹ ਵਿਦਿਆਰਥੀਆਂ ਦੇ ਭਵਿੱਖ ਨੂੰ ਰੁਸ਼ਨਾਉਣ ਦੇ ਲਈ ਜੱਦੋ ਜਹਿਦ ਕਰ ਰਿਹਾ ਹੈ। ਭਾਵੇਂ ਅੱਜ ਦੇ ਖੁਦਗਰਜ਼ ਸਮਾਜ ਵਿੱਚ ਹਰ ਵਿਅਕਤੀ ਆਪਣੇ ਲਈ ਜਿਊਂ ਰਿਹਾ ਹੈ ਪਰੰਤੂ ਜੇਕਰ ਬਲਬੀਰ ਦੀ ਗੱਲ ਕੀਤੀ ਜਾਵੇ ਤਾਂ ਉਸ ਨੇ ਕਦੇ ਵੀ ਆਪਣੇ ਲਈ ਕੁੱਝ ਨਹੀਂ ਕੀਤਾ, ਜੋ ਕੁਝ ਵੀ ਕੀਤਾ ਤਾਂ ਉਹ ਵਿਦਿਆਰਥੀਆਂ ਜਾਂ ਅਧਿਆਪਕਾਂ ਜਾਂ ਸਮਾਜ ਦੇ ਹਿੱਤਾਂ ਲਈ ਕੀਤਾ।ਜੇਕਰ ਇਹ ਕਿਹਾ ਜਾਵੇ ਕਿ ਸੱਚਮੁੱਚ ਹੀ ਅਧਿਆਪਕ ਦੀ ਕਸੌਟੀ ਤੇ ਪੂਰਾ ਉਤਰਦਾ ਹੈ 'ਬਲਬੀਰ ਚੰਦ ਲੌਂਗੋਵਾਲ' ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ।ਬਲਬੀਰ ਚੰਦ ਦਾ ਜਨਮ ਮਾਤਾ ਭਾਗਵੰਤੀ ਦੀ ਕੁੱਖੋਂ ਪੰਡਿਤ ਤਿਲਕਰਾਮ ਦੇ ਘਰ 13- 12-1966 ਨੂੰ ਪਿੰਡ ਲੌਂਗੋਵਾਲ ਵਿਖੇ ਹੋਇਆ। ਬ੍ਰਾਹਮਣ ਪਰਿਵਾਰ ਵਿੱਚ ਜਨਮੇ ਹੋਣ ਕਰਕੇ ਅਧਿਆਤਮਵਾਦ ਦੀ ਗੁੜਤੀ ਵਿਰਸੇ ਵਿੱਚੋਂ ਮਿਲੀ। ਇਸ ਸਮੇਂ ਜਾਤ ਪਾਤ,ਅੰਧ ਵਿਸ਼ਵਾਸ ਵਰਗੀਆਂ ਕੁਰੀਤੀਆਂ ਤੋਂ ਸਮਾਜ ਨੂੰ ਛੁਟਕਾਰਾ ਦਿਵਾਉਣ ਲਈ ਆਪ ਨੇ ਤਰਕਸ਼ੀਲ ਸੋਚ ਨੂੰ ਅਪਣਾ ਲਿਆ ਅਤੇ ਸਮਾਜ ਦੇ ਵਿੱਚੋਂ ਇਸ ਹਨੇਰੇ ਨੂੰ ਦੂਰ ਕਰਨ ਦੇ ਲਈ ਆਪਣੇ ਸਾਥੀਆਂ ਨਾਲ ਜੱਦੋ ਜਹਿਦ ਸ਼ੁਰੂ ਕੀਤੀ। ਸ਼ੁਰੂਆਤੀ ਦੌਰ ਵਿੱਚ ਮੁੱਢਲੀ ਸਿੱਖਿਆ ਸ਼ਹੀਦ ਭਾਈ ਮਤੀ ਦਾਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੌਂਗੋਵਾਲ ਤੋਂ ਪ੍ਰਾਪਤ ਕਰਨ। ਉਪਰੰਤ ਬੀ ਏ, ਐਮਏ, ਬੀਐਡ ਅਤੇ ਹੋਰ ਬਹੁਤ ਸਾਰੀਆਂ ਵਿਦਿਅਕ ਯੋਗਤਾਵਾਂ ਪ੍ਰਾਪਤ ਕਰਕੇ ਸਿੱਖਿਆ ਵਿਭਾਗ ਵਿੱਚ ਮਿਤੀ 31-03-1994 ਨੂੰ ਬਤੌਰ ਪੰਜਾਬੀ ਮਾਸਟਰ ਸੇਵਾ ਸੰਭਾਲ ਲਈ ।ਉਹਨਾਂ ਨੇ ਸਭ ਤੋਂ ਪਹਿਲਾਂ ਇਹ ਸੇਵਾ ਸ ਸ ਸ ਸ ਛਾਜਲੀ , ਸ ਮਿ ਸਕੂਲ ਲੋਹਾਖੇੜਾ,ਸ ਸ ਸ ਸ ਸਕੂਲ ਲੌਂਗੋਵਾਲ ਵਿੱਚ ਨਿਭਾਈ ਅਤੇ ਨਾਲ ਨਾਲ ਆਪਣੀ ਵਿੰਦਿਅਕ ਯੋਗਤਾ ਵਿੱਚ ਵਾਧਾ ਵੀ ਕਰਦੇ ਰਹੇ। ਆਪਣੇ ਪਿੰਡ ਲੌਂਗੋਵਾਲ ਦੇ ਨੌਜਵਾਨਾਂ ਨੂੰ ਸਾਹਿਤ ਅਤੇ ਕਲਮ ਦੇ ਨਾਲ ਜੋੜਨ ਦੇ ਇਰਾਦੇ ਨਾਲ ਆਪ ਨੇ ਜੁਝਾਰ ਲੌਂਗੋਵਾਲ, ਵਿਜੈ ਕੁਮਾਰ ਗੋਇਲ, ਹੋਰਾਂ ਨੂੰ ਨਾਲ ਲੈ ਕੇ ਪ੍ਰਗਤੀਸ਼ੀਲ ਵਿਚਾਰ ਮੰਚ ਦੀ ਸਥਾਪਨਾ ਕੀਤੀ ਅਤੇ ਬਹੁਤ ਸਾਰੇ ਨਾਮਵਰ ਲੇਖਕਾਂ ਸਵਰਗੀ ਸੁਰਜੀਤ ਪਾਤਰ ਵਰਗੇ ਸ਼ਾਇਰਾਂ ਦੇ ਰੂਬਰੂ ਕਰਾ ਕੇ ਉਹਨਾਂ ਨੂੰ ਚੰਗੀ ਚੇਟਕ ਲਾਉਣ ਦਾ ਤਹੱਈਆ ਕੀਤਾ। ਇਸ ਸਮੇਂ ਦੌਰਾਨ ਅਧਿਆਪਕਾਂ ਦੀ ਜੁਝਾਰੂ ਜਥੇਬੰਦੀ ਡੈਮੋਕਰੇਟਿਕ ਟੀਚਰ ਫਰੰਟ ਦੇ ਨਾਲ ਵੀ ਮੋਢੇ ਨਾਲ ਮੋਢਾ ਮਿਲਾ ਕੇ ਚੱਲ ਪਏ ਤ

31-DEC-PAGE-7.qxd 12/30/2024 10:30 PM Page 1

ਤਾਰਬੰਦੀ ਨਾਲ ਜੰਗਲਾਤ 'ਚ ਲੱਗਦੀਆਂ ਜ਼ਮੀਨਾਂ ਦੇ ਮਾਲਕਾਂ ਨੂੰ ਹੋਵੇਗਾ ਫਾਇਦਾ : ਕਿਸਾਨ ਆਗੂ

ਮਮਦੋਟ (ਜਸਬੀਰ ਸਿੰਘ ਕੰਬੋਜ)-ਭਾਰਤ-ਪਾਕਿ ਕੌਮਾਂਤਰੀ ਸਰਹੱਦ ਵਾਲੇ ਪਾਸੇ ਸਥਿਤ ਚੱਕ ਸਰਕਾਰ ਦੋਨਾਂ ਜੈਮਲ ਸਿੰਘ ਰਿਜਰਵ ਫਾਰੈਸਟ, ਜੋ ਚੱਕ ਸਰਕਾਰ ਜੰਗਲਾਤ ਦੇ ਨਾਂਅ ਨਾਲ ਜਾਣਿਆ ਜਾਂਦਾ ਹੈ, ਦੇ ਚਾਰੇ ਪਾਸੇ ਤਾਰਬੰਦੀ ਕਰਨ ਦਾ ਕੰਮ ਸ਼ੁਰੂ ਹੋ ਗਿਆ ਹੈ। ਤਾਰਬੰਦੀ ਕਰਾ ਰਹੇ ਦਵਿੰਦਰ ਸਿੰਘ ਫਾਰੈਸਟ ਗਾਰਡ ਖਾਈ ਬੀਟ, ਕੰਵਰਜੀਤ ਸਿੰਘ ਬਲਾਕ ਅਫ਼ਸਰ ਮਮਦੋਟ ਤੇ ਕੁਲਵੰਤ ਸਿੰਘ ਇੰਚਾਰਜ ਚੱਕ ਸਰਕਾਰ ਜੰਗਲਾਤ ਨੇ ਦੱਸਿਆ ਕਿ ਜੰਗਲਾਤ ਚੱਕ ਸਰਕਾਰ ਦੀ ਕੀਤੀ ਜਾ ਰਹੀ ਤਾਰਬੰਦੀ ਦੇ ਪਹਿਲੇ ਪੜਾਅ 'ਚ ਸਭ ਤੋਂ ਪਹਿਲਾਂ ਮਾਲ ਮਹਿਕਮੇ ਦੇ ਸਹਿਯੋਗ ਨਾਲ ਇਸ ਜੰਗਲਾਤ ਅਧੀਨ ਰਕਬੇ ਦੀ ਨਿਸ਼ਾਨਦੇਹੀ ਕਰਾਈ ਗਈ ਹੈ ਤੇ ਆਸ-ਪਾਸ ਦੀਆਂ ਜ਼ਮੀਨਾਂ ਵਾਲੇ ਕਿਸਾਨਾਂ ਦੀ ਰਜ਼ਾਮੰਦੀ ਹਾਸਲ ਕਰਦਿਆਂ ਸਹੀ ਜਗ੍ਹਾ 'ਤੇ ਪਿੰਡ ਗੱਟੀ ਮਸਤਾ ਨੰਬਰ ਦੋ ਤੋਂ ਮਹਿਕਮੇ ਵੱਲੋਂ ਕੀਤੀ ਗਈ ਨਿਸ਼ਾਨਦੇਹੀ ਅਨੁਸਾਰ ਇਹ ਤਾਰ ਲਾਈ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਜੰਗਲਾਤ 'ਚ ਰਹਿੰਦਿਆਂ ਨੀਲ ਗਾਵਾਂ, ਬਾਂਦਰਾਂ ਤੇ ਹੋਰ ਪਸ਼ੂਆਂ ਵੱਲੋਂ ਆਸ-ਪਾਸ ਦੇ ਕਿਸਾਨਾਂ ਦੀਆਂ ਫ਼ਸਲਾਂ ਦੇ ਕੀਤੇ ਜਾ ਰਹੇ ਨੁਕਸਾਨ ਤੋਂ ਬਚਾਉਣ ਤੇ ਜੰਗਲਾਤ ਦੀ ਬੇਸ਼ਕੀਮਤੀ ਲੱਕੜ ਨੂੰ ਬਚਾਉਣ ਲਈ ਲੋਕਾਂ ਵੱਲੋਂ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲਏ ਹਲਕਾ ਫਿਰੋਜ਼ਪੁਰ ਦਿਹਾਤੀ ਨੂੰ ਕੀਤੀ ਗਈ ਬੇਨਤੀ 'ਤੇ ਉਨ੍ਹਾਂ ਵੱਲੋਂ ਕੀਤੇ ਗਏ ਯਤਨਾਂ ਨੂੰ ਮੰਤਰੀ ਲਾਲ ਚੰਦ ਕਟਾਰਚੱਕ ਵੱਲੋਂ 25 ਮਈ 2023 ਨੂੰ 1083 ਏਕੜ 'ਚ ਫੈਲੇ ਇਸ ਜੰਗਲਾਤ ਦੀ ਤਾਰਬੰਦੀ ਕਰਨ ਦਾ ਨੀਂਹ ਪੱਥਰ ਰੱਖਿਆ ਗਿਆ ਸੀ, ਜਿਸ ਨੂੰ ਹੁਣ ਅਮਲੀ ਜਾਮਾ ਪਹਿਨਾਉਂਦਿਆਂ ਤਾਰ ਲਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ।

ਸ੍ਰੀ ਚੈਤੰਨਯ ਟੈਕਨੋ ਸਕੂਲ ਮੁਕਤਸਰ 'ਚ ਨਵੇਂ ਦਾਖਲੇ ਸ਼ੁਰੂ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਭਾਰਤ ਵਿਚ 950 ਦੇ ਕਰੀਬ ਸਕੂਲ ਚਲਾ ਰਹੀ ਸ੍ਰੀ ਚੈਤੰਨਯ ਕੰਪਨੀ ਵਲੋਂ ਸ੍ਰੀ ਚੈਤੰਨਯ ਟੈਕਨੋ ਸਕੂਲ ਮਲੋਟ ਰੋਡ ਨਜ਼ਦੀਕ ਡੇਰਾ ਬਿਆਸ 'ਤੇ ਖੋਲ੍ਹਿਆ ਗਿਆ ਹੈ, ਜਿਸ ਦੇ ਨਵੇਂ ਦਾਖਲਿਆ ਸਬੰਧੀ ਤਿਆਰੀਆਂ ਜੰਗੀ ਪੱਧਰੀ 'ਤੇ ਚੱਲ ਰਹੀਆਂ ਹਨ। ਏ.ਜੀ.ਐਮ. ਪੰਜਾਬ ਚੈਤੰਨਯ ਕੁਮਾਰ ਚੌਧਰੀ ਨੇ ਦੱਸਿਆ ਕਿ ਜਿੱਥੇ ਕੰਪਨੀ ਵਲੋਂ ਭਾਰਤ ਵਿਚ 950 ਦੇ ਕਰੀਬ ਸਕੂਲ ਚੱਲ ਰਹੇ ਹਨ, ਉੱਥੇ ਪੰਜਾਬ ਵਿਚ ਵੀ 19 ਦੇ ਕਰੀਬ ਸਕੂਲ ਵੱਡੇ ਸ਼ਹਿਰਾਂ ਵਿਚ ਆਪਣੀਆਂ ਸੇਵਾਵਾਂ ਪ੍ਰਦਾਨ ਕਰ ਰਹੇ ਹਨ ਤੇ ਸ੍ਰੀ ਮੁਕਤਸਰ ਸਾਹਿਬ ਵਿਖੇ ਵੀ ਚੈਤੰਨਯ ਸਕੂਲ ਦੇ ਦਾਖ਼ਲੇ ਸ਼ੁਰੂ ਕੀਤੇ ਜਾ ਰਹੇ ਹਨ, ਜਿਸ ਦਾ ਸਬ ਦਫ਼ਤਰ 30 ਫੁੱਟੀ ਰੋਡ ਸਕਾਈਵੇ ਸੈਂਟਰ ਦੇ ਉੱਪਰ ਖੋਲ੍ਹ ਦਿੱਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਸਕੂਲ ਸੀ.ਬੀ.ਐਸ.ਈ. ਤੋਂ ਮਾਨਤਾ ਪ੍ਰਾਪਤ ਹੈ। ਉਨ੍ਹਾਂ ਦੱਸਿਆ ਕਿ ਸਕੂਲ ਲਈ ਸਟਾਫ਼ ਦੀ ਭਰਤੀ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਗਿਆ।ਸਕੂਲ ਨੂੰ ਲੈ ਕੇ ਸ਼ਹਿਰ ਤੇ ਇਲਾਕੇ ਵਿਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਇਸ ਮੌਕੇ ਸਕੂਲ ਵਿਚ ਦਾਖ਼ਲੇ ਸਬੰਧੀ ਪੋਸਟਰ ਵੀ ਜਾਰੀ ਕੀਤਾ ਗਿਆ।

ਟਰੇਡ ਯੂਨੀਅਨ ਆਗੂ ਸਾਥੀ ਕਰਮ ਸਿੰਘ ਜਟਾਣਾ ਨੂੰ ਸਦਮਾ, ਵੱਡੇ ਭਰਾ ਦਾ ਦੇਹਾਂਤ

ਦੋਰਾਹਾ (ਹਰਮਿੰਦਰ ਸੇਠ)-ਪਿੰਡ ਜਟਾਣਾ ਵਿੱਚ ਉਸ ਸਮੇਂ ਸੋਗ ਦੀ ਲਹਿਰ ਦੌੜ ਗਈ ਜਦੋਂ ਇਲਾਕੇ ਦੇ ਟ੍ਰੇਡ ਯੂਨੀਅਨ ਆਗੂ ਸਾਥੀ ਕਰਮ ਸਿੰਘ ਜਟਾਣਾ ਦੇ ਵੱਡੇ ਭਰਾ ਨਾਹਰ ਸਿੰਘ, ਜੋ ਕਿ ਪਿਛਲੇ ਕਾਫੀ ਸਮੇਂ ਤੋਂ ਬਿਮਾਰ ਚੱਲੇ ਆ ਰਹੇ ਸਨ, ਦਾ ਦੇਹਾਂਤ ਹੋ ਗਿਆ। ਨਾਹਰ ਸਿੰਘ ਪੰਜਾਬ ਰਾਜ ਬਿਜਲੀ ਬੋਰਡ 'ਚੋਂ ਰਿਟਾਇਰ ਮੁਲਾਜ਼ਮ ਸਨ ਅਤੇ ਇਸ ਸਮੇਂ ਉਹਨਾਂ ਦੀ ਉਮਰ 71 ਸਾਲ ਦੀ ਸੀ। ਟਰੇਡ ਯੂਨੀਅਨ ਆਗੂ ਸਾਥੀ ਕਰਮ ਸਿੰਘ ਜਟਾਣਾ ਨੇ ਦੱਸਿਆ ਕਿ ਉਹਨਾਂ ਦੇ ਵੱਡੇ ਭਰਾ ਦੀ ਤਬੀਅਤ ਅਚਾਨਕ ਵਿਗੜ ਗਈ ਤੇ ਉਹਨਾਂ ਨੂੰ ਦੋਰਾਹਾ ਦੇ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਾਉਣਾ ਪਿਆ ਅਤੇ ਇਲਾਜ ਦਰਮਿਆਨ ਹੀ ਉਹਨਾਂ ਦਾ ਦੇਹਾਂਤ ਹੋ ਗਿਆ। ਨਾਹਰ ਸਿੰਘ ਦੇ ਦਿਹਾਂਤ ਤੇ ਦੋਰਾਹਾ ਬਲਾਕ ਦੇ ਸਕੱਤਰ ਨਿਰੰਜਣ ਸਿੰਘ ਧੀਰ ਹਰਿਮੰਦਰ ਸਿੰਘ ਸੇਠ ਸਵਰਨ ਸਿੰਘ ਮਣਕੂ ਦਰਬਾਰਾ ਸਿੰਘ ਪੀਐਨਬੀ ਹਰਪਾਲ ਸਿੰਘ ਬੂਆਣੀ ਕਰਨੈਲ ਸਿੰਘ ਸਰਪੰਚ ਪਿੰਡ ਬੂਆਣੀ ਅਮਰਜੀਤ ਸਿੰਘ ਜਟਾਣਾ ਸੰਤ ਨਿਰੰਕਾਰੀ ਮੰਡਲ ਦੋਰਾਹਾ ਬਰਾਂਚ ਦੇ ਮੁਖੀ ਭਾਈ ਸਾਹਿਬ ਗੁਰਮੇਲ ਸਿੰਘ ਤੇ ਸੰਚਾਲਕ ਹਰਿਮੰਦਰ ਸਿੰਘ ਸੇਠ ਸ਼ਿਕਸ਼ਕ ਜੀਤ ਸਿੰਘ ਐਨਆਰਆਈ ਕਲੋਨੀ ਦੋਰਾਹਾ , ਪਾਇਲ ਬਰਾਂਚ ਤੋਂ ਕੇਹਰ ਸਿੰਘ ਕੁਲਵੰਤ ਸਿੰਘ ਜੀ ਕਦੋਂ ਸੋਹਣ ਲਾਲ ਜੀ ਪਾਇਲ ਵਿਨੇ ਕਸ਼ਿਅਪ ਖੇਤਰੀ ਸੰਚਾਲਕ ਸੰਤ ਨਿਰੰਕਾਰੀ ਮੰਡਲ ਖੇਤਰ ਲੁਧਿਆਣਾ ਨੇ ਭਾਈ ਸਾਹਿਬ ਨਾਹਰ ਸਿੰਘ ਦੇ ਪਰਿਵਾਰ ਨਾਲ ਇਸ ਮੌਕੇ ਹਮਦਰਦੀ ਪ੍ਰਗਟ ਕੀਤੀ ਗਈ। ਸ਼ਾਮ ਨੂੰ ਉਹਨਾਂ ਦਾ ਪਿੰਡ ਜਟਾਣਾ ਦੇ ਸਮਸ਼ਾਨ ਘਾਟ ਵਿੱਚ ਸਸਕਾਰ ਕਰ ਦਿੱਤਾ ਗਿਆ।

ਮੂਲੋਵਾਲ ਵਿਖੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖੂਨਦਾਨ ਕੈਂਪ

ਧੂਰੀ (ਸੁਖਦੇਵ ਧੂਰੀ)-ਪੰਜਾਬ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਪਰਿਵਰਤਨ, ਮਾਲਵਾ ਫਰੈਂਡਜ਼ ਵੈਲਫੇਅਰ ਸੁਸਾਇਟੀ ਧੂਰੀ ਅਤੇ ਮੂਲੋਵਾਲ ਦੇ ਨੌਜਵਾਨਾਂ ਵੱਲੋਂ ਸ਼ਹੀਦੀ ਦਿਹਾੜੇ ਦੇ ਜੋੜ ਮੇਲੇ ਮੌਕੇ ਮੂਲੋਵਾਲ ਵਿਖੇ ਖ਼ੂਨਦਾਨ ਕੈਂਪ ਲਗਾਇਆ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਸੰਸਥਾ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖ਼ੂਨ ਦਾਨ ਸਭ ਤੋਂ ਵੱਡਾ ਦਾਨ ਹੈ ।ਇਸ ਮੌਕੇ ਲਖਵਿੰਦਰ ਸਿੰਘ ਜੇਈ, ਜਥੇਦਾਰ ਰਣਜੀਤ ਸਿੰਘ, ਮਨਦੀਪ ਸਿੰਘ, ਕੁਲਦੀਪ ਸਿੰਘ , ਚਰਨਜੀਤ ਸਿੰਘ ਅਤੇ ਪਰਿਵਰਤਨ ਵੱਲੋਂ ਜੋਗਿੰਦਰ ਸਿੰਘ, ਮੈਡਮ ਕਿਰਨ ਬਾਲਾ, ਮੈਡਮ ਅਮਨਦੀਪ ਕੌਰ, ਰੇਖਾ ਦੀ ਅਗਵਾਈ ਵਿੱਚ ਬੱਚਿਆਂ ਦੀ ਟੀਮ ਅਤੇ ਗੁਰਦਰਸ਼ਨ ਸਿੰਘ ਡਿੰਪੀ ਵੀ ਹਾਜ਼ਰ ਸਨ। ਖੂਨਦਾਨੀਆਂ ਵੱਲੋਂ ਸ਼ਹੀਦਾਂ ਨੂੰ ਸਿਜਦਾ ਕਰਦੇ ਹੋਏ ਖੂਨਦਾਨ ਕੀਤਾ ਗਿਆ।ਸੰਸਥਾ ਦੇ ਆਗੂ ਗੁਰਤੇਜ ਸਿੰਘ ਤੇਜੀ ਨੇ ਦੱਸਿਆ ਕਿ ਕੈਂਪ ਵਿੱਚ 120 ਯੂਨਿਟ ਖੂਨ ਇਕੱਤਰ ਕੀਤਾ ਗਿਆ। ਇਸ ਮੌਕੇ ਭਿੰਦਾ ਵਿਰਕ , ਰਾਜੂ ਲੱਡਾ ਅਤੇ ਹੋਰ ਵੀ ਹਾਜ਼ਰ ਸਨ ।

ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ 11 ਮੁਕੱਦਮੇ ਦਰਜ : ਚਾਹਲ

ਸੰਗਰੂਰ (ਪ੍ਰਵੀਨ ਸਿੰਘ)-ਐਸਐਸਪੀ ਸੰਗਰੂਰ ਸ੍ਰੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਨਸ਼ਿਆਂ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ 21 ਦਸੰਬਰ ਤੋਂ 27 ਦਸੰਬਰ ਤੱਕ ਡਰੱਗ ਦੇ 09 ਮੁਕੱਦਮੇ ਦਰਜ ਕਰਕੇ 12 ਕਥਿਤ ਦੋਸ਼ੀ ਕਾਬੂ ਕਰਕੇ 102 ਗ੍ਰਾਮ ਹੈਰੋਇਨ, 03 ਕਿੱਲੋ ਭੁੱਕੀ ਚੂਰਾ ਪੋਸਤ, 500 ਗ੍ਰਾਮ ਗਾਂਜਾ ਅਤੇ 1400 ਨਸ਼ੀਲੀਆਂ ਗੋਲੀਆਂ ਬ੍ਰਾਮਦ ਕਰਵਾਈਆਂ ਗਈਆਂ। ਐਸਐਸਪੀ ਸ੍ਰੀ ਸਰਤਾਜ ਸਿੰਘ ਚਾਹਲ ਨੇ ਦੱਸਿਆ ਕਿ ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 02 ਮੁਕੱਦਮੇ ਦਰਜ ਕਰਕੇ 02 ਕਥਿਤ ਦੋਸ਼ੀਆਂ ਨੂੰ ਕਾਬੂ ਕਰਕੇ 30.750 ਲੀਟਰ ਸ਼ਰਾਬ ਠੇਕਾ ਦੇਸੀ ਬ੍ਰਾਮਦ ਕਰਵਾਈ ਗਈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਅਸਲਾ ਐਕਟ ਤਹਿਤ 01 ਮੁਕੱਦਮਾ ਦਰਜ ਕਰਕੇ 02 ਕਥਿਤ ਦੋਸ਼ੀ ਗ੍ਰਿਫ਼ਤਾਰ ਕੀਤੇ ਗਏ, ਜਿਨ੍ਹਾਂ ਪਾਸੋਂ 02 ਪਿਸਤੌਲ ਸਮੇਤ 10 ਕਾਰਤੂਸ ਬ੍ਰਾਮਦ ਕਰਵਾਏ ਗਏ। ਐਸਐਸਪੀ ਸ੍ਰੀ ਚਾਹਲ ਨੇ ਲੋਕਾਂ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਹੈ। ਸ੍ਰੀ ਚਾਹਲ ਨੇ ਦੱਸਿਆ ਕਿ ਇਸ ਹਫਤੇ ਵੱਖ-ਵੱਖ ਗਜਟਿਡ ਅਫਸਰਾਂ ਵੱਲੋਂ 9 ਪਿੰਡਾਂ ਅਤੇ ਸ਼ਹਿਰਾਂ ਵਿੱਚ ਆਮ ਲੋਕਾਂ ਨਾਲ ਮੀਟਿੰਗਾਂ ਕਰਕੇ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਨਸ਼ੇ ਦਾ ਕਾਲਾ ਕਾਰੋਬਾਰ ਕਰਨ ਵਾਲੇ ਤਸਕਰਾਂ ਸਬੰਧੀ ਪੁਲਿਸ ਨੂੰ ਸੂਚਨਾ ਮੁਹਈਆ ਕਰਵਾਉਣ ਲਈ ਪ੍ਰੇਰਿਤ ਕੀਤਾ ਗਿਆ।ਉਹਨਾਂ ਦੱਸਿਆ ਕਿ ਜ਼ਿਲ੍ਹਾ ਸੰਗਰੂਰ ਵਿੱਚ ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਨਸ਼ਿਆਂ ਖਿਲਾਫ ਜੰਗ ਜਾਰੀ ਹੈ।

ਮਾਨਵ ਸੇਵਾ ਉੱਤਮ ਸੇਵਾ ਵੱਲੋਂ 2 ਲੋੜਵੰਦਾਂ ਨੂੰ ਵ੍ਹੀਲਚੇਅਰ ਭੇਂਟ

ਨਾਭਾ (ਵਰਿੰਦਰ ਵਰਮਾ)-ਮਾਨਵ ਸੇਵਾ ਉੱਤਮ ਸੇਵਾ ਸੰਸਥਾ (ਸਟੇਟ ਐਵਾਰਡੀ) ਨਾਭਾ ਵੱਲੋਂ ਹਮੇਸ਼ਾਂ ਹੀ ਸਮਾਜ ਭਲਾਈ ਦੇ ਕਾਰਜ ਵਧ-ਚੜ੍ਹ ਕੇ ਕੀਤੇ ਜਾਂਦੇ ਹਨ, ਉੱਥੇ ਹੀ ਸੰਸਥਾ ਵੱਲੋਂ ਸਿਵਲ ਹਸਪਤਾਲ ਨਾਭਾ ਵਿਖੇ ਜ਼ਰੂਰਤਮੰਦ ਮਰੀਜਾਂ ਦਾ ਇਲਾਜ ਕਰਵਾਇਆ ਜਾਂਦਾ ਹੈ ਅਤੇ ਮਰੀਜਾਂ ਨੂੰ ਦਵਾਈਆਂ ਵੀ ਮੁਫਤ ਦਿੱਤੀਆਂ ਜਾਂਦੀਆਂ ਹਨ। ਇਸੇ ਲੜੀ ਦੇ ਤਹਿਤ ਅੱਜ 2 ਲੋੜਵੰਦ ਵਿਅਕਤੀਆਂ ਹੰਸ ਰਾਜ ਅਤੇ ਬਲਵੀਰ ਸਿੰਘ ਨੂੰ ਸੰਸਥਾ ਵੱਲੋਂ ਵਹੀਲ ਚੇਅਰ ਭੇਂਟ ਕੀਤੀ ਗਈ। ਸੰਸਥਾ ਦੇ ਮੁੱਖ ਅਹੁਦੇਦਾਰ ਵਿਕਾਸ ਮਿੱਤਲ ਨੇ ਦੱਸਿਆ ਕਿ ਇਨ੍ਹਾਂ ਵਿਅਕਤੀਆਂ ਦੇ ਘਰ ਦਾ ਗੁਜ਼ਾਰਾ ਵੀ ਮੁਸ਼ਕਿਲ ਨਾਲ ਚੱਲਦਾ ਸੀ ਅਤੇ ਇਸ ਨਾਲ ਉਨ੍ਹਾਂ ਨੂੰ ਬਹੁਤ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਸੀ। ਸਾਨੂੰ ਦੱਸਣ ਮੁਤਾਬਿਕ ਲੋੜਵੰਦ ਵਿਅਕਤੀਆਂ ਦੀ ਮਦਦ ਕੀਤੀ ਗਈ ਹੈ। ਇਸ ਮੌਕੇ ਵਿਕਾਸ ਮਿੱਤਲ ਨੇ ਸੰਸਥਾ ਵੱਲੋਂ ਸਹਿਯੋਗੀ ਸੱਜਣ ਸੰਵਾਦ ਗਰੁੱਪ ਦੇ ਸੰਚਾਲਕ ਰਾਜੇਸ਼ ਢੀਂਗਰਾ ਅਤੇ ਰਾਮ ਬੱਤਾ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਇਹ ਉਮੀਦ ਕੀਤੀ ਕਿ ਇਸੇ ਤਰ੍ਹਾਂ ਹੀ ਇਹ ਸੰਸਥਾ ਜ਼ਰੂਰਤਮੰਦ ਲੋਕਾਂ ਦੀ ਸੇਵਾ ਕਰਦੀ ਰਹੇਗੀ। ਵਹੀਲ ਚੇਅਰ ਲੈਣ ਉਪਰੰਤ ਹੰਸ ਰਾਜ, ਉਸ ਦੀ ਪਤਨੀ ਅਮਰਜੀਤ ਕੌਰ ਅਤੇ ਪੁੱਤਰ ਸੁਖਜਿੰਦਰ ਸਿੰਘ ਪਿੰਡ ਨਰਮਾਣਾ, ਬਰਬੀਰ ਸਿੰਘ, ਪਿਤਾ ਅਜੈਬ ਸਿੰਘ ਅਤੇ ਮਾਤਾ ਗੁਰਮੀਤ ਕੌਰ ਨੇ ਮਾਨਵ ਸੇਵਾ ਉਤਮ ਸੇਵਾ ਸੰਸਥਾ ਦੇ ਅਹੁਦੇਦਾਰ ਵਿਕਾਸ ਮਿੱਤਲ, ਅੰਕੁਰ ਸਿੰਗਲਾ, ਕਮਲ ਗੋਇਲ, ਰਵਿੰਦਰ ਸਿੰਘ, ਸੁਨੀਲ ਗੁਪਤਾ, ਦੀਪਕ ਕੁਮਾਰ, ਵਰੁਣ ਸਿੰਗਲਾ, ਬਲਦੇਵ ਕੁਮਾਰ, ਵਿਨੋਦ ਸਿੰਗਲਾ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਦੱਸਿਆ ਕਿ ਮੇਰੀ ਮੰਗ ਨੂੰ ਮੁੱਖ ਰੱਖਦਿਆਂ ਹੋਇਆਂ ਸੰਸਥਾ ਵੱਲੋਂ ਵਹੀਲ ਚੇਅਰ ਲੈ ਕੇ ਦਿੱਤੀ ਗਈ ਹੈ।

ਕੰਪਿਊਟਰ ਅਧਿਆਪਕ ਤੇ ਭਰਾਤਰੀ ਜਥੇਬੰਦੀਆਂ ਨੇ ਫੂਕੀ ਸੂਬਾ ਸਰਕਾਰ ਦੀ ਅਰਥੀ

ਸੰਗਰੂਰ (ਪ੍ਰਵੀਨ ਸਿੰਘ)

ਸ਼ਹਿਰ ਸੰਗਰੂਰ ਵਿਖੇ ਚੱਲ ਰਿਹਾ ਕੰਪਿਊਟਰ ਅਧਿਆਪਕਾਂ ਦਾ ਸੰਘਰਸ਼ ਦਿਨੋ ਦਿਨ ਤੇਜ਼ ਹੁੰਦਾ ਜਾ ਰਿਹਾ ਹੈ। ਇੱਕ ਸਤੰਬਰ ਤੋਂ ਕੰਪਿਊਟਰ ਅਧਿਆਪਕਾਂ ਦੀ ਲਗਾਤਾਰ ਭੁੱਖ ਹੜਤਾਲ ਜਾਰੀ ਹੈ, ਉਸੇ ਸਬੰਧ ਵਿਚ ਕੰਪਿਊਟਰ ਅਧਿਆਪਕ ਜੋਨੀ ਸਿੰਗਲਾ ਦਾ ਮਰਨ ਵਰਤ ਵੀ ਲਗਾਤਾਰ ਜਾਰੀ ਹੈ, ਜਿਸ ਕਾਰਨ ਉਨ੍ਹਾਂ ਦੀ ਸਿਹਤ ਵਿਚ ਦਿਨੋ ਦਿਨ ਨਿਘਾਰ ਆ ਰਿਹਾ ਹੈ।

ਮੋਰਚੇ 'ਤੇ ਇਕੱਠੇ ਹੋਏ ਸੈਂਕੜੇ ਕੰਪਿਊਟਰ ਅਧਿਆਪਕਾਂ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਇੱਕ ਵਿਸ਼ਾਲ ਰੋਸ ਮਾਰਚ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਹਿਲਾਂ ਉਨ੍ਹਾਂ ਨੇ ਲਾਲ ਬੱਤੀ ਚੌਂਕ ਵਿਖੇ ਲੰਮਾ ਜਾਮ ਲਾਇਆ ਤੇ ਸੂਬਾ ਸਰਕਾਰ ਵਿਰੁੱਧ ਨਾਅਰੇਬਾਜ਼ੀ ਤੇ ਰੋਸ ਪ੍ਰਦਰਸ਼ਨ ਕੀਤਾ। ਇਸ ਦੌਰਾਨ ਉਨ੍ਹਾਂ ਸੂਬਾ ਸਰਕਾਰ ਤੇ ਮੰਤਰੀ ਮੰਡਲ ਦੀ ਅਰਥੀ ਫੂਕੀ। ਕੰਪਿਊਟਰ ਅਧਿਆਪਕ ਆਗੂਆਂ ਊਧਮ ਸਿੰਘ ਡੋਗਰਾ, ਰਣਜੀਤ ਸਿੰਘ, ਗੁਰਪ੍ਰੀਤ ਸਿੰਘ, ਰਘੁਬੀਰ ਸਿੰਘ, ਨਾਇਬ ਸਿੰਘ, ਜਸਵਿੰਦਰ ਸਿੰਘ, ਬਵਲੀਨ ਕੌਰ, ਹਰਪ੍ਰੀਤ ਸਾਹਨੇਵਾਲ, ਦਿਸ਼ਕਰਨ ਕੌਰ, ਰਵਿੰਦਰ ਕੌਰ ਤੇ ਅੰਜੂ ਜੈਨ ਨੇ ਦੱਸਿਆ ਕਿ ਉਹ ਆਮ ਆਦਮੀ ਪਾਰਟੀ ਦੇ ਆਗੂਆਂ ਦੇ ਧੋਖੇ ਦਾ ਸ਼ਿਕਾਰ ਹੋਏ ਹਨ।

ਆਗੂਆਂ ਨੇ ਕਿਹਾ ਕਿ ਵਿਧਾਨ ਸਭਾ ਚੋਣਾ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਦੇ ਹੋਰਨਾਂ ਆਗੂਆਂ ਨੇ ਕੰਪਿਊਟਰ ਅਧਿਆਪਕਾਂ ਦੀਆਂ ਮੰਗਾਂ ਨੂੰ ਜਾਇਜ਼ ਠਹਿਰਾਉਂਦੇ ਹੋਏ ਸਰਕਾਰ ਬਣਨ ਤੇ ਉਨ੍ਹਾਂ ਦੀਆਂ ਮੰਗਾਂ ਨੂੰ ਬਿਨਾਂ ਦੇਰੀ ਦੇ ਪੂਰੀ ਕਰਨ ਦਾ ਭਰੋਸਾ ਦਿਵਾਇਆ ਸੀ, ਪ੍ਰੰਤੂ ਉਨ੍ਹਾਂ ਦਾ ਇਕ ਸਾਥੀ ਮਰਨ ਵਰਤ ਤੇ ਬੈਠਾ ਹੈ ਤਾਂ ਸਰਕਾਰ ਦਾ ਕੋਈ ਵੀ ਨੁਮਾਇੰਦਾ ਉਨ੍ਹਾਂ ਨਾਲ ਗੱਲਬਾਤ ਕਰਨ ਤੱਕ ਨਹੀਂ ਆਇਆ। ਆਗੂਆਂ ਨੇ ਕਿਹਾ ਕਿ ਮੰਤਰੀਆਂ ਤੇ ਵਿਧਾਇਕਾਂ ਨਾਲ ਹੋਈਆਂ ਦਰਜਨਾਂ ਮੀਟਿੰਗਾਂ ਦਾ ਸਿੱਟਾ ਸਿਫ਼ਰ ਹੀ ਨਿਕਲਿਆ ਹੈ ਤੇ

31-Dec-PAG-8.qxd 12/30/2024 10:39 PM Page 1

ਹਾਈਵੇ ਕਿਸਾਨ ਜੱਥੇਬੰਦੀਆਂ ਦੇ ਹੱਕ 'ਚ ਰਿਹਾ ਪੂਰਨ ਬੰਦ

ਫਿਲੌਰ, (ਨਿਰਮਲ) ਸੰਯੁਕਤ ਕਿਸਾਨ ਮੋਰਚੇ (ਗੈਰ ਰਾਜਨੀਤਕ) ਦੇ ਸੱਦੇ 'ਤੇ ਪੰਜਾਬ ਬੰਦ ਦੀ ਕਾਲ ਨੂੰ ਇਥੇ ਭਰਵਾਂ ਹੁੰਗਾਰਾ ਮਿਲਿਆ।ਇਕੱਠ ਨੂੰ ਸੰਬੋਧਨ ਕਰਦਿਆਂ ਹਰਜੀਤ ਸਿੰਘ ਢੇਸੀ ਜ਼ਿਲ੍ਹਾ ਪ੍ਰਧਾਨ, ਤਰਸੇਮ ਸਿੰਘ ਢਿੱਲੋਂ, ਜਸਵੀਰ ਸਿੰਘ ਸੀਰਾ, ਚੂਹੜ ਸਿੰਘ ਬੜਾ ਪਿੰਡ, ਜਸਪਾਲ ਸਿੰਘ ਪਾਲਾ ਲੰਬੜਦਾਰ, ਹਰਦੀਪ ਸਿੰਘ ਮਨਸੂਰਪੁਰ, ਇਕਬਾਲ ਸਿੰਘ ਗਸੂਲਪੁਰ, ਬਲਵਿੰਦਰ ਸਿੰਘ, ਅਤੇ ਹੋਰ ਬੁਲਾਰਿਆਂ ਨੇ ਮੰਗ ਕੀਤੀ ਕਿ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਉਣ ਲਈ ਤੁਰੰਤ ਕਿਸਾਨ ਆਗੂਆਂ ਨਾਲ ਗੱਲਬਾਤ ਕਰਕੇ ਮੰਗਾਂ ਮੰਨੀਆਂ ਜਾਣ। ਆਗੂਆਂ ਨੇ ਕਿਹਾ ਕਿ ਤਿੰਨ ਕਾਲੇ ਕਾਨੂੰਨਾਂ ਦੀ ਥਾਂ ਇੱਕ ਹੋਰ ਨਵੇਂ ਕਾਨੂੰਨ ਦਾ ਖਰੜਾ ਕੇਂਦਰ ਵਲੋਂ ਪੇਸ਼ ਕੀਤਾ ਗਿਆ ਹੈ। ਜਿਸ ਤੋਂ ਸਪੱਸ਼ਟ ਹੈ ਕਿ ਸਰਕਾਰ ਦੀ ਇਸ ਮਾਮਲੇ 'ਚ ਨੀਅਤ ਸਾਫ਼ ਨਹੀਂ ਹੈ। ਕਿਸਾਨ ਆਗੂਆਂ ਨੇ ਦੇਸ਼ ਦੀ ਸੁਪਰੀਮ ਕੋਰਟ ਤੋਂ ਮੰਗ ਕੀਤੀ ਕਿ ਤੁਰੰਤ ਕੇਂਦਰ ਸਰਕਾਰ ਨੂੰ ਹਦਾਇਤ ਕੀਤੀ ਜਾਵੇ।ਆਗੂਆਂ ਨੇ ਕਿਹਾ ਕਿ ਕੇਂਦਰ ਵਲੋਂ ਇਹ ਕਿਹਾ ਗਿਆ ਕਿ ਕਿਸਾਨ ਟਰਾਲੀਆਂ ਤੋਂ ਬਿਨਾਂ ਦਿੱਲੀ ਧਰਨਾ ਪ੍ਰਦਰਸ਼ਨ ਕਰ ਸਕਦੇ ਹਨ ਪਰ ਇਹ ਪ੍ਰਦਰਸ਼ਨ ਵੀ ਕਰਨ ਨਹੀਂ ਦਿੱਤਾ ਜਾ ਰਿਹਾ। ਸ਼ੰਭੂ ਬੈਰੀਅਰ ਕਿਸਾਨਾਂ ਨੇ ਨਹੀਂ ਸਗੋਂ ਸਰਕਾਰ ਨੇ ਬੰਦ ਕੀਤਾ ਹੋਇਆ ਹੈ। ਆਗੂਆਂ ਨੇ ਕਿਹਾ ਕਿ ਅਗਰ ਸਰਕਾਰ ਸਾਡੀਆਂ ਮੰਗਾਂ ਹੱਲੇ ਵੀ ਨਹੀਂ ਮੰਨਦੀ ਤਾਂ ਮਜਬੂਰਨ ਇਹ ਬੰਦ ਅਣਮਿਥੇ ਸਮੇਂ ਲਈ ਵੀ ਕੀਤਾ ਜਾ ਸਕਦਾ ਹੈ। ਪੰਜਾਬ 'ਚ ਕਿਸਾਨ ਜੱਥੇਬੰਦੀਆਂ ਨੂੰ ਲੋਕਾਂ ਵੱਲੋਂ ਪੂਰਨ ਸਮਰਥਨ ਦਿੰਦੇ ਹੋਏ ਸਾਰੇ ਕਾਰੋਬਾਰ ਬੰਦ ਰੱਖੀਆਂ।

ਇਸ ਮੌਕੇ ਕਿਸਾਨਾਂ ਵੱਲੋਂ ਐਮਰਜੈਂਸੀ ਸੇਵਾਵਾਂ ਨੂੰ ਚਾਲੂ ਰੱਖਣ 'ਚ ਲੋਕਾਂ ਦਾ ਸਹਿਯੋਗ ਕੀਤਾ।

ਕਸਬਾ ਉੱਗੀ ਮੁਕੰਮਲ ਤੌਰ 'ਤੇ ਬੰਦ ਰਿਹਾ

ਕਾਲਾ ਸੰਘਿਆਂ (ਮਨਜੀਤ ਮਾਨ)-ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਕਸਬਾ ਉੱਗੀ ਮੁਕੰਮਲ ਤੌਰ 'ਤੇ ਬੰਦ ਰਿਹਾ । ਇਲਾਕੇ ਦੇ ਲੋਕਾਂ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਤੁਰੰਤ ਮੰਨੇ। ਅੱਜ ਡੱਲੇਵਾਲ ਵੱਲੋਂ ਮਰਨ ਵਰਤ 35 ਦਿਨਾਂ ਤੱਕ ਪਹੁੰਚ ਗਿਆ ਪਰ ਸੈਂਟਰ ਸਰਕਾਰ ਦੇ ਕੰਨਾਂ ਤੇ ਜੂੰ ਤੱਕ ਨਹੀਂ ਸਰਕੀ। ਆਗੂਆਂ ਨੇ ਸੈਂਟਰ ਸਰਕਾਰ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕਿਸਾਨਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨਾ ਮੰਨੀਆਂ ਤਾਂ ਕਿਸਾਨਾਂ ਦਾ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ। ਇਸ ਮੌਕੇ ਇਲਾਕੇ ਦੇ ਕਿਸਾਨ, ਮਜ਼ਦੂਰਾਂ ਨੇ ਕੇਂਦਰ ਸਰਕਾਰ ਦੇ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਵੀ ਕੀਤੀ ।

ਕਿਸਾਨਾਂ ਨੇ ਡੱਲੇਵਾਲ ਦੇ ਸਮਰਥਨ 'ਚ ਰੱਖਿਆ ਸੰਪੂਰਨ ਬੰਦ

ਅੱਡਾ ਸਰਾਂ (ਜਸਵੀਰ ਕਾਜਲ)-ਡੱਲੇਵਾਲ ਅਤੇ ਕਿਸਾਨੀ ਸੰਘਰਸ਼ ਵਲੋਂ ਬੰਦ ਦੀ ਕਾਲ ਦੇ ਸਮਰਥਨ ਵਿੱਚ ਅੱਡਾ ਸਰਾਂ ਸਾਡਾ ਏਕਾ ਜਿੰਦਾਬਾਦ ਮੋਰਚਾ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਸ਼ੇਖੋ ਦੀ ਅਗਵਾਈ ਵਿੱਚ ਸੰਪੂਰਨ ਬੰਦ ਕੀਤਾ।ਕਿਸਾਨ ਆਗੂਆਂ ਨੇ ਡੱਲੇਵਾਲ ਦੇ ਸਮਰਥਨ ਵਿੱਚ ਅਤੇ ਭਾਰਤ ਸਰਕਾਰ ਵਿਰੁੱਧ ਮੁਰਦਾਬਾਦ ਨਾਅਰੇ ਲਗਾਏ ਗਏ। ਸੰਪੂਰਨ ਐਮ ਐਸ ਪੀ ਗਰੰਟੀ ਦੀ ਮੰਗ ਕੀਤੀ ਗਈ।ਸਰਾਂ ਦੇ ਸਮੂਹ ਦੁਕਾਨਦਾਰਾਂ ਵੱਲੋਂ ਕਿਸਾਨੀ ਸਮਰਥਨ ਵਿੱਚ ਪਹਿਲਾਂ ਹੀ ਸਾਰੀਆਂ ਦੁਕਾਨਾਂ ਬੰਦ ਰੱਖੀਆਂ ਗਈਆਂ ਅਤੇ ਅੱਡਾ ਸਰਾਂ ਤੇ ਮੌਜੂਦ ਪੰਜਾਬ ਨੈਸ਼ਨਲ ਬੈਂਕ, ਐਚਡੀਐਫਸੀ ਬੈਂਕ ਅਤੇ ਸਕੂਲ ਕਾਲਜ ਬੰਦ ਰਹੇ।

ਇਸ ਮੌਕੇ ਪੰਡਿਤ ਭਾਗੀਆਂ, ਜੱਸੀ ਮਿਰਜਾਪੁਰ, ਬਿੱਲ ਬੈਂਚਾਂ ,ਭਾਰਤ ਸਰਾਂ , ਸੰਦੀਪ ਕੌਸ਼ਲ, ਲੰਬਰਦਾਰ ਸੁੱਚਾ ਸਿੰਘ ਕੰਧਾਲਾ ਜੱਟਾਂ, ਜਸਵੀਰ ਸਿੰਘ ਕੰਧਾਲਾ ,ਪਰਮਜੀਤ ਸਿੰਘ ਕੰਧਾਲਾ, ਅਮਰਜੀਤ ਸਿੰਘ ਕੰਧਾਲਾ, ਮਨਜੀਤ ਸਿੰਘ ਧਾਲੀਵਾਲ ਕੰਧਾਲਾ ਜੱਟਾਂ ,ਕੁਲਦੀਪ ਟਾਂਡਾ ,ਜਥੇਦਾਰ ਨਿਰਮਲ ਸਿੰਘ ਸੀਕਰੀ, ਲੱਡਾ ਬਿਆੜਾ, ਬਹਾਦਰ ਤੱਗੜ ,ਅਨੀ ਕੇਤ, ਰਵੀ ਕੁਮਾਰ ,ਗੁਰਜੋਤ ਸਿੰਘ ਮੰਟੂ ਸੀਕਰੀ, ਮਾਸਟਰ ਗੁਰਦੇਵ ਸਿੰਘ ਬੈਂਚਾਂ, ਅਮਨ ਸੀਕਰੀ, ਮਹਿੰਦਰ ਸਿੰਘ ਬਿੱਲਾ ਕੰਧਾਲਾ , ਵਰਿੰਦਰ ਸਿੰਘ,ਪ੍ਰਧਾਨ ਅਸ਼ਵਨੀ ਕੁਮਾਰ ਅੱਡਾ ਸਰਾਂ ਹਰਭਜਨ ਸਿੰਘ ਬਾਬਕ, ਬਲਦੇਵ ਸਿੰਘ, ਅਵਤਾਰ ਸਿੰਘ ਬਾਬਕ, ਬਲਜੀਤ ਸਿੰਘ ਕੰਧਾਲਾ ਜੱਟਾਂ, ਲਾਡਾ ਕੰਧਾਲਾਅਤੇ ਹੋਰ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ।

ਸਾਲ 2024 'ਚ ਸਹਿਕਾਰੀ ਬੈਂਕਾਂ ਵੱਲੋਂ ਡਿਫਾਲਟਰਾਂ ਨੂੰ 368 ਕਰੋੜ ਦੀ ਕਰਜ਼ਾ ਰਾਹਤ

ਚੰਡੀਗੜ੍ਹ (ਗੁਰਜੀਤ ਬਿੱਲਾ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬਾ ਸਰਕਾਰ ਨੇ ਸਾਲ 2024 ਵਿੱਚ ਸਹਿਕਾਰੀ ਬੈਂਕਾਂ ਦੇ ਡਿਫਾਲਟਰ ਕਰਜ਼ਦਾਰਾਂ ਨੂੰ ਕਰਜ਼ਾ ਰਾਹਤ ਪ੍ਰਦਾਨ ਕਰਨ, ਬੈਂਕਾਂ ਨੂੰ ਅਪਗ੍ਰੇਡ ਕਰਨ, ਭੰਡਾਰਨ ਦੀ ਸਮੱਸਿਆ ਨਾਲ ਨਜਿੱਠਣ ਲਈ ਨਵੇਂ ਗੋਦਾਮਾਂ ਦਾ ਨਿਰਮਾਣ ਕਰਨ ਦੇ ਨਾਲ-ਨਾਲ ਸਹਿਕਾਰਤਾ ਲਹਿਰ ਨੂੰ ਹੋਰ ਮਜ਼ਬੂਤ ਕਰਨ ਲਈ ਵੱਖ-ਵੱਖ ਉਪਰਾਲੇ ਕੀਤੇ ਹਨ।ਇਹ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਦਫ਼ਤਰ ਦੇ ਇਕ ਬੁਲਾਰੇ ਨੇ ਦੱਸਿਆ ਕਿ ਮੁੱਖ ਮੰਤਰੀ ਜਿਨ੍ਹਾਂ ਕੋਲ ਸਹਿਕਾਰਤਾ ਮਹਿਕਮਾ ਵੀ ਹੈ, ਨੇ ਕੇਂਦਰੀ ਸਹਿਕਾਰੀ ਬੈਂਕਾਂ ਦੇ ਡਿਫਾਲਟਰ ਕਰਜ਼ਦਾਰਾਂ ਨੂੰ ਰਾਹਤ ਦੇਣ ਲਈ ਸਾਲ 2023 ਵਿੱਚ ਯਕਮੁਸ਼ਤ ਨਿਪਟਾਰਾ ਸਕੀਮ (ਓ.ਟੀ.ਐਸ.) ਲਿਆਂਦੀ ਗਈ ਸੀ। ਇਸ ਸਕੀਮ ਤਹਿਤ ਵਿੱਤੀ ਸਾਲ 2024-25 ਦੌਰਾਨ ਹੁਣ ਤੱਕ 8453 ਡਿਫਾਲਟਰਾਂ ਨੂੰ 368 ਕਰੋੜ ਰੁਪਏ ਦੀ ਕਰਜ਼ਾ ਰਾਹਤ ਪ੍ਰਦਾਨ ਕੀਤੀ ਗਈ ਹੈ ਅਤੇ 150 ਕਰੋੜ ਰੁਪਏ ਦੇ ਕਰਜ਼ਿਆਂ ਦਾ ਨਿਪਟਾਰਾ ਕੀਤਾ ਗਿਆ ਹੈ। ਇਹ ਸਕੀਮ 28 ਫਰਵਰੀ, 2025 ਤੱਕ ਚੱਲੇਗੀ। ਜ਼ਿਕਰਯੋਗ ਹੈ ਕਿ ਸੂਬੇ ਵਿੱਚ 20 ਕੇਂਦਰੀ ਸਹਿਕਾਰੀ ਬੈਂਕਾਂ ਦੀਆਂ 803 ਸ਼ਾਖਾਵਾਂ ਨਾਲ 3523 ਪ੍ਰਾਇਮਰੀ ਖੇਤੀਬਾੜੀ ਸਭਾਵਾਂ ਜੁੜੀਆਂ ਹੋਈਆਂ ਹਨ। ਪੰਜਾਬ ਵਿੱਚ ਸਹਿਕਾਰੀ ਬੈਂਕਾਂ ਦੇ ਇਸ ਵਿਸ਼ਾਲ ਨੈੱਟਵਰਕ ਰਾਹੀਂ 10.45 ਲੱਖ ਤੋਂ ਵੱਧ ਕਿਸਾਨਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ। ਬੁਲਾਰੇ ਨੇ ਅੱਗੇ ਦੱਸਿਆ ਕਿ ਬੈਂਕਾਂ ਦੇ ਗਾਹਕਾਂ ਨੂੰ ਬਿਹਤਰ ਸੇਵਾਵਾਂ ਪ੍ਰਦਾਨ ਕਰਨ ਲਈ ਪੰਜਾਬ ਰਾਜ ਸਹਿਕਾਰੀ ਬੈਂਕ ਅਤੇ ਕੇਂਦਰੀ ਸਹਿਕਾਰੀ ਬੈਂਕਾਂ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ ਜਿਸ ਉਪਰ 160 ਕਰੋੜ ਰੁਪਏ ਦੀ ਲਾਗਤ ਆਵੇਗੀ। ਇਸ ਪ੍ਰਾਜੈਕਟ ਨੂੰ 30 ਜੂਨ, 2025 ਤੱਕ ਮੁਕੰਮਲ ਕਰਨ ਦਾ ਟੀਚਾ ਮਿੱਥਿਆ ਗਿਆ ਹੈ।ਬੁਲਾਰੇ ਨੇ ਅੱਗੇ ਦੱਸਿਆ ਕਿ ਸੂਬੇ ਵਿੱਚ ਭੰਡਾਰਨ ਦੀ ਸਮੱਸਿਆ ਨਾਲ ਨਜਿੱਠਣ ਲਈ ਮਾਰਕਫੈੱਡ ਵੱਲੋਂ 44910 ਮੀਟ੍ਰਿਕ ਟਨ ਦੀ ਸਮਰੱਥਾ ਵਾਲੇ ਗੋਦਾਮਾਂ ਦਾ ਨਿਰਮਾਣ ਪ੍ਰਾਜੈਕਟ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਾਲ 2024 ਵਿੱਚ ਤਿੰਨ ਥਾਵਾਂ ਉਤੇ 25810 ਮੀਟ੍ਰਿਕ ਟਨ ਦੀ ਸਮਰੱਥਾ ਵਾਲੇ ਗੋਦਾਮਾਂ ਦੀ ਉਸਾਰੀ ਸ਼ੁਰੂ ਵੀ ਕੀਤਾ ਜਾ ਚੁੱਕੀ ਹੈ ਜੋ 30 ਨਵੰਬਰ, 2025 ਨੂੰ ਮੁਕੰਮਲ ਹੋ ਜਾਵੇਗੀ। ਇਸ ਪ੍ਰਾਜੈਕਟ ਹੇਠ 19100 ਮੀਟ੍ਰਿਕ ਟਨ ਦੀ ਸਮਰੱਥਾ ਵਾਲੇ 4 ਗੋਦਾਮਾਂ ਦਾ ਨਿਰਮਾਣ ਵੀ ਛੇਤੀ ਸ਼ੁਰੂ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਪਹਿਲੇ ਪੜਾਅ ਵਿੱਚ ਬਣਾਏ ਜਾਣ ਵਾਲੇ ਗੋਦਾਮਾਂ ਦੀ ਕੁੱਲ ਸਮਰੱਥਾ 1.24 ਲੱਖ ਮੀਟ੍ਰਿਕ ਟਨ ਸੀ ਜਿਸ ਵਿੱਚੋਂ 79000 ਮੀਟ੍ਰਿਕ ਟਨ ਦੀ ਸਮਰੱਥਾ ਵਾਲੇ ਗੋਦਾਮਾਂ ਦਾ ਨਿਰਮਾਣ ਕੀਤਾ ਜਾ ਚੁੱਕਾ ਹੈ ਜਦਕਿ ਬਾਕੀ 44910 ਮੀਟ੍ਰਿਕ ਟਨ ਦਾ ਕਾਰਜ ਇਸ ਸਾਲ ਸ਼ੁਰੂ ਹੋਇਆ ਹੈ।ਬੁਲਾਰੇ ਨੇ ਅੱਗੇ ਦੱਸਿਆ ਕਿ ਮੁੱਖ ਮੰਤਰੀ ਵੱਲੋਂ ਪੰਜਾਬੀ ਸੱਭਿਆਚਾਰ ਦੀ ਪ੍ਰਤੀਕ 'ਫੁਲਕਾਰੀ' ਨੂੰ ਦੇਸ਼-ਵਿਦੇਸ਼ ਵਿੱਚ ਪਹੁੰਚਾਉਣ ਲਈ ਮਾਰਕਫੈੱਡ ਨੂੰ ਵਿਸ਼ੇਸ਼ ਉਪਰਾਲੇ ਕਰਨ ਦੇ ਆਦੇਸ਼ ਦਿੱਤੇ ਗਏ। ਮਾਰਕਫੈੱਡ ਵੱਲੋਂ ਨੈਸ਼ਨਲ ਇੰਸਟੀਚਿਊਟ ਆਫ ਫੈਸ਼ਨ ਡਿਜ਼ਾਈਨਿੰਗ (ਐਨ.ਆਈ.ਐਫ.ਡੀ.), ਨਵੀਂ ਦਿੱਲੀ ਦੇ ਸਹਿਯੋਗ ਨਾਲ 'ਫੁਲਕਾਰੀ' ਨੂੰ ਪ੍ਰਫੁੱਲਤ ਕਰਨ ਲਈ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਦੇ ਤਹਿਤ ਕਾਰੀਗਰਾਂ ਨੂੰ ਵਿਸ਼ੇਸ਼ ਸਿਖਲਾਈ ਵੀ ਦਿੱਤੀ ਜਾ ਰਹੀ ਹੈ। ਇਸ ਪ੍ਰਾਜੈਕਟ ਦਾ ਉਦੇਸ਼ ਸੂਬੇ ਦੀ ਪੁਰਾਤਨ ਤੇ ਰਵਾਇਤੀ ਫੁਲਕਾਰੀ ਕਲਾ ਦੀ ਵਿਲੱਖਣਤਾ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਕਾਰੀਗਰਾਂ ਦੀ ਆਮਦਨ ਵਧਾਉਣਾ ਤੇ ਗਾਹਕਾਂ ਨੂੰ ਵਾਜਬ ਮੁੱਲ ਉਤੇ ਉੱਤਮ ਕੁਆਲਿਟੀ ਪ੍ਰਦਾਨ ਕਰਨਾ ਹੈ।

ਸੰਤ ਸੀਚੇਵਾਲ ਪਾਰਲੀਮੈਂਟ 'ਚ ਬਣੇ ਅੰਨਦਾਤਾ ਦੀ ਆਵਾਜ਼ ਤੇ ਵਿਦੇਸ਼ਾਂ 'ਚ ਫਸੇ ਬੇਸਹਾਰਿਆਂ ਲਈ ਸਹਾਰਾ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)-ਸਾਲ 2024 ਦੌਰਾਨ ਜਿੱਥੇ ਸੰਤ ਸੀਚੇਵਾਲ ਸੰਸਦ ਵਿੱਚ ਅੰਨਦਾਤਾ ਕਿਸਾਨਾਂ ਦੀ ਆਵਾਜ਼ ਬਣੇ, ਦੂਜੇ ਪਾਸੇ ਉਹ ਵਿਦੇਸ਼ਾਂ ਵਿੱਚ ਬੇਸਹਾਰਾ ਲੋਕਾਂ ਦਾ ਸਹਾਰਾ ਬਣੇ ਰਹੇ। ਜਾਣਕਾਰੀ ਅਨੁਸਾਰ ਉਹ ਦੇਸ਼ ਦੇ ਪਹਿਲੇ ਅਜਿਹੇ ਸੰਤ ਹਨ, ਜਿਨ੍ਹਾਂ ਨੇ ਹੁਣ ਤੱਕ ਪੰਜਾਬ ਦੇ ਕਿਸਾਨਾਂ ਦੀਆਂ ਮੰਗਾਂ ਅਤੇ ਮਸਲਿਆਂ ਨੂੰ ਖੁੱਲ੍ਹ ਕੇ ਸੰਸਦ ਵਿੱਚ ਬੜੇ ਪ੍ਰਭਾਵਸ਼ਾਲੀ ਢੰਗ ਨਾਲ ਉਠਾਇਆ ਹੈ। ਉਨ੍ਹਾਂ ਨੇ ਸਾਲ 2024 ਦੌਰਾਨ ਰਾਜ ਸਭਾ ਵਿੱਚ ਜਿੰਨੇ ਵੀ ਮੁੱਦੇ ਉਠਾਏ, ਉਨ੍ਹਾਂ ਵਿੱਚੋਂ ਜ਼ਿਆਦਾਤਰ ਖੇਤੀਬਾੜੀ ਤੇ ਕਿਸਾਨੀ ਨਾਲ ਸਬੰਧਤ ਹਨ। ਸੰਸਦ ਮੈਂਬਰ ਸੰਤ ਸੀਚੇਵਾਲ ਦੀ ਖਾਸ ਗੱਲ ਇਹ ਹੈ ਕਿ ਉਹ ਹਰ ਕਿਸੇ ਲਈ ਆਸਾਨੀ ਨਾਲ ਉਪਲਬਧ ਹਨ ਅਤੇ ਉਹ ਇੰਨੇ ਦ੍ਰਿੜ ਹਨ ਕਿ ਜਦੋਂ ਉਹ ਕੁਝ ਕਰਨ ਦਾ ਫੈਸਲਾ ਕਰਦੇ ਹਨ ਤਾਂ ਉਹ ਉਸ ਨੂੰ ਪੂਰਾ ਕਰਨ ਦਾ ਪ੍ਰਬੰਧ ਕਰਦੇ ਹਨ। ਇਸ ਸਾਲ ਹੋਰਨਾਂ ਸੰਸਦ ਮੈਂਬਰਾਂ ਦੇ ਮੁਕਾਬਲੇ ਸੰਤ ਸੀਚੇਵਾਲ ਨੇ ਵਿਦੇਸ਼ਾਂ ਨਾਲ ਸਬੰਧਤ ਸਭ ਤੋਂ ਵੱਧ ਕੇਸਾਂ ਦਾ ਹੱਲ ਕੀਤਾ ਹੈ। ਇਸ ਸਾਲ ਜਿੱਥੇ ਉਹਨਾਂ ਨੇ ਵਿਦੇਸ਼ਾਂ ਤੋਂ 17 ਮ੍ਰਿਤਕ ਦੇਹਾਂ ਲਿਆ ਕੇ ਆਪਣੇ ਅਜ਼ੀਜ਼ਾਂ ਨੂੰ ਗੁਆਉਣ ਵਾਲਿਆਂ ਦੇ ਹੰਝੂ ਪੂੰਝੇ, ਉੱਥੇ ਹੀ ਧੋਖੇਬਾਜ਼ੀ ਕਾਰਨ ਸਰੀਰਕ ਅਤੇ ਮਾਨਸਿਕ ਤਸੀਹੇ ਝੱਲ ਰਹੀਆਂ 30 ਦੇ ਕਰੀਬ ਧੀਆਂ ਨੂੰ ਲਿਆ ਕੇ ਦਰਜਨਾਂ ਪਰਿਵਾਰਾਂ ਦੀ ਮਦਦ ਵੀ ਕੀਤੀ। ਭਾਵੇਂ ਸਾਲ ਦੇ ਦਿਨ ਲਗਭਗ ਖਤਮ ਹੋ ਗਏ ਹਨ। ਪਰ ਬੇਸਹਾਰਾ ਲੋਕਾਂ ਨੂੰ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਸ਼ਖ਼ਸੀਅਤ ਵਿੱਚ ਹਮੇਸ਼ਾ ਆਸ ਦੀ ਕਿਰਨ ਨਜ਼ਰ ਆਉਂਦੀ ਹੈ।

ਮਾਨਸੂਨ ਸੈਸ਼ਨ ਅਤੇ ਪਿਛਲੇ ਸਰਦ ਰੁੱਤ ਸੈਸ਼ਨ ਦੌਰਾਨ ਸੰਸਦ ਮੈਂਬਰ ਪਦਮਸ਼੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਆਪਣਾ ਸਾਰਾ ਧਿਆਨ ਕਿਸਾਨਾਂ ਦੀਆਂ ਮੰਗਾਂ 'ਤੇ ਕੇਂਦਰਿਤ ਕੀਤਾ, ਜਿਸ 'ਚ ਉਨ੍ਹਾਂ ਨੇ ਜਲਵਾਯੂ ਪਰਿਵਰਤਨ, ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਕਰਨ, ਪੰਜਾਬ ਨੂੰ ਫਸਲੀ ਚੱਕਰ 'ਚੋਂ ਬਾਹਰ ਕੱਢਣ ਦੀ ਗੱਲ ਕੀਤੀ। ਉਹਨਾਂ ਵਾਹਘਾ ਸਰਹੱਦ ਨੂੰ ਖੋਹਲਣ ਸਮੇਤ ਬਾਗਬਾਨੀ ਕਰਨ ਵਾਲੇ ਕਿਸਾਨਾਂ ਨੂੰ ਮੁਆਵਜ਼ੇ ਦੀ ਮੰਗ ਦੇ ਨਾਲ-ਨਾਲ ਕਿਸਾਨਾਂ ਦੇ ਕਰਜ਼ਾ ਮੁਆਫ਼ੀ ਆਦਿ ਮੁੱਦੇ ਵੀ ਸਦਨ ਵਿੱਚ ਰੱਖੇ।ਭਾਵੇਂ ਸਰਦ ਰੁੱਤ ਇਜਲਾਸ ਹੰਗਾਮੇ ਦੀ ਭੇਂਟ ਚੜਿਆ ਰਿਹਾ ਪਰ ਸੰਤ ਸੀਚੇਵਾਲ ਨੇ ਪੰਜਾਬ ਦੇ ਸੰਘਰਸ਼ੀ ਕਿਸਾਨਾਂ ਦੀ ਅਵਾਜ਼ ਦੇਸ਼ ਦੇ ਉਪ ਰਾਸ਼ਟਰਪਤੀ ਸ੍ਰੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਤੱਕ ਇਕ ਪੱਤਰ ਰਾਹੀਂ ਪਹੁੰਚਾਈ। ਉਨ੍ਹਾਂ ਮਰਨ ਵਰਤ 'ਤੇ ਬੈਠੇ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਉਣ ਦਾ ਮੁੱਦਾ ਉਠਾਉਂਦਿਆਂ ਕਿਸਾਨਾਂ ਦੀਆਂ ਮੰਗਾਂ ਮੰਨਣ 'ਤੇ ਜ਼ੋਰ ਦਿੱਤਾ।2024 ਸਾਲ ਦੀ ਸ਼ੁਰੂਆਤ ਵਿੱਚ, ਰੂਸੀ ਫੌਜ ਵਿੱਚ ਭਾਰਤੀ ਨੌਜਵਾਨਾਂ ਦੀ ਭਰਤੀ ਦਾ ਮੁੱਦਾ ਮੀਡੀਆ ਵਿੱਚ ਆਪਣੇ ਸਿਖਰ 'ਤੇ ਸੀ। ਇਸ ਸਭ ਨੂੰ ਗੰਭੀਰਤਾ ਨਾਲ ਲੈਂਦਿਆਂ ਪਦਮਸ਼੍ਰੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੀੜਤ ਪਰਵਾਰਾਂ ਤੋਂ ਮਿਲੇ ਮੰਗ ਪੱਤਰ ਨੂੰ ਪਹਿਲ ਦਿੱਤੀ। ਉਹ ਬਿਨਾਂ ਕਿਸੇ ਦੇਰੀ ਦੇ ਵਿਦੇਸ਼ ਮੰਤਰੀ ਜੈਸ਼ੰਕਰ ਨੂੰ ਮਿਲੇ ਅਤੇ ਸਾਰਾ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ।

ਪੱਤਰ ਰਾਹੀਂ ਸੰਤ ਸੀਚੇਵਾਲ ਨੇ ਭਾਰਤੀ ਨੌਜਵਾਨਾਂ ਦੀ ਸੁਰੱਖਿਅਤ ਵਾਪਸੀ ਦੀ ਵੀ ਜ਼ੋਰਦਾਰ ਮੰਗ ਕੀਤੀ। ਜਿਸ ਕਾਰਨ ਔਖੇ ਹਾਲਾਤਾਂ ਵਿੱਚ ਫਸੇ ਇਨ੍ਹਾਂ ਨੌਜਵਾਨਾਂ ਵਿੱਚੋਂ ਜ਼ਿਆਦਾਤਰ ਆਪਣੇ ਪਰਵਾਰਾਂ ਕੋਲ ਸੁਰੱਖਿਅਤ ਪਰਤ ਆਏ ਹਨ।

ਗੁਰੂ ਅਮਰਦਾਸ ਨਿਹੰਗ ਛਾਉਣੀ ਵਿਖੇ ਸ਼ਹੀਦੀ ਦਿਹਾੜਾ ਮਨਾਇਆ

**ਤਲਵੰਡੀ ਚੌਧਰੀਆਂ (ਪਰਸਨ

31-Dec-PAG-9.qxd 12/30/2024 10:38 PM Page 1

ਵਪਾਰੀ ਵਰਗ ਨੇ ਦੁਕਾਨਾਂ ਬੰਦ ਕਰਕੇ ਕਿਸਾਨਾਂ ਦੇ ਇਸ ਅੰਦੋਲਨ ਦਾ ਕੀਤਾ ਸਮਰਥਨ

ਸ਼੍ਰੀ ਅਨੰਦਪੁਰ ਸਾਹਿਬ, (ਅਰਵਿੰਦਰ ਸਿੰਘ ਬਿੰਦੀ)-ਕਿਸਾਨੀ ਮੰਗਾਂ ਨੂੰ ਮਨਵਾਉਣ ਤੇ ਫ਼ਸਲਾਂ ਦੇ ਸਮਰਥਨ ਮੁੱਲ ਨੂੰ ਲੈ ਕੇ ਕਿਸਾਨ ਮਜ਼ਦੂਰ ਜਥੇਬੰਦੀਆਂ, ਕਿਸਾਨ ਮਜ਼ਦੂਰ ਮੋਰਚਾ ਅਤੇ ਸੰਯੁਕਤ ਮੋਰਚਾ ਵਲੋਂ ਪੰਜਾਬ ਬੰਦ ਦੇ ਦਿੱਤੇ ਗਏ ਸੱਦੇ ਦੀ ਹਮਾਇਤ ਕਰਦਿਆਂ ਸ੍ਰੀ ਅਨੰਦਪੁਰ ਸਾਹਿਬ ਦੇ ਵਪਾਰੀ ਵਰਗ ਵਲੋਂ ਆਪਣੀਆਂ ਦੁਕਾਨਾਂ ਬੰਦ ਕਰਕੇ ਕਿਸਾਨਾਂ ਦੇ ਇਸ ਅੰਦੋਲਨ ਵਿੱਚ ਆਪਣਾ ਭਰਪੂਰ ਸਮਰਥਨ ਦਿੱਤਾ ਗਿਆ ਤੇ ਕੇਵਲ ਐਮਰਜੈਂਸੀ ਸੇਵਾਵਾਂ ਦੇਣ ਲਈ ਦਵਾਈਆਂ ਦੀਆਂ ਦੁਕਾਨਾਂ ਹੀ ਖੋਲ੍ਹੀਆਂ ਗਈਆਂ। ਇਸ ਸਮਰਥਨ ਸਬੰਧੀ ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ ਅਤੇ ਪ੍ਰਿਤਪਾਲ ਸਿੰਘ ਗੰਢਾ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਸਾਨਾਂ ਦੀਆਂ ਜੋ ਵੀ ਮੰਗਾਂ ਹਨ ਉਹ ਹੁਣ ਤਾਂ ਮੰਨ ਲੈਣੀਆਂ ਚਾਹੀਦੀਆਂ ਹਨ। ਉਹਨਾਂ ਕਿਹਾ ਕਿ ਜਨਤਾ ਦੀ ਆਵਾਜ਼ ਰੱਬ ਦੀ ਆਵਾਜ਼ ਹੁੰਦੀ ਹੈ ਤੇ ਇਸ ਵਿਚ ਮੋਦੀ ਸਰਕਾਰ ਨੂੰ ਆਪਣਾ ਅੜੀਅਲ ਵਤੀਰਾ ਛੱਡਕੇ ਦੇਸ਼ ਦੀਆਂ ਬਰੂਹਾਂ 'ਤੇ ਬੈਠੇ ਕਿਸਾਨਾਂ ਦੀਆਂ ਮੰਗਾਂ ਮੰਨ ਲੈਣੀਆਂ ਚਾਹੀਦੀਆਂ ਹਨ। ਉਹਨਾਂ ਅੱਗੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਦੇਸ਼ ਦਾ ਅੰਨਦਾਤਾ ਜਿਹੜਾ ਕਿ ਅੱਜ ਖੇਤਾਂ ਵਿਚ ਹੋਣਾ ਚਾਹੀਦਾ ਸੀ ਉਹ ਹੁਣ ਸੜਕਾਂ 'ਤੇ ਰੁਲ ਰਿਹਾ ਹੈ। ਇਸ ਮੌਕੇ ਉਹਨਾਂ ਦੇ ਨਾਲ ਗੁਰਕੀਰਤ ਸਿੰਘ ਬਚਨ ਇੰਦਰਜੀਤ ਸਿੰਘ ਕਾਕਾ ਜਗਜੀਤ ਸਿੰਘ ਗੁੰਬਰ ਤਜਿੰਦਰ ਸਿੰਘ ਬੱਬੀ ਰਿੰਕੂ ਧੂੜੀਆ ਲੇਖਰਾਜ ਗੁੱਡੂ, ਮਹੇਸ਼ ਕੁਮਾਰ, ਆਕਾਸ਼ ਕੁਮਾਰ,ਦੁਖਭੰਜਣ ਸਿੰਘ, ਦਵਿੰਦਰ ਪਾਲ ਸਿੰਘ,ਵਿਵੇਕ ਸੋਨੀ, ਸਿਵਮੋਹਨ ਸੋਨੀ, ਅਵਤਾਰ ਸਿੰਘ ਬੈਗਾਂ ਵਾਲੇ ਜਸਵਿੰਦਰ ਸਿੰਘ ਸੋਨੂ ਗੁਰਕੀਰਤ ਸਿੰਘ ਬਾਵਾ, ਵਿਸ਼ੂ ਪੁਰੀ, ਸੌਰਵ ਸ਼ਰਮਾ ਅਜੀਤਪਾਲ ਸਿੰਘ ਨਾਟੀ, ਜਸਪ੍ਰੀਤ ਸਿੰਘ ਲੱਕੀ, ਜਸਵਿੰਦਰ ਸਿੰਘ ਬਿੱਲਾ ਆਦਿ ਵਪਾਰੀ ਹਾਜ਼ਰ ਸਨ।

ਬੰਦ ਨੂੰ ਪੂਰਨ ਸਮਰਥਨ, ਰੋਡਵੇਜ਼ ਦੀਆਂ ਬੱਸਾਂ ਵੀ ਬੰਦ ਰਹੀਆਂ

ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੱਬੀ): ਸੰਯੁਕਤ ਕਿਸਾਨ ਮੋਰਚਾ ਗੈਰ ਸਿਆਸੀ ਵੱਲੋਂ ਕਿਸਾਨੀ ਮੰਗਾਂ ਨੂੰ ਲੈ ਕੇ ਦਿੱਤੇ ਪੰਜਾਬ ਬੰਦ ਦੇ ਸੱਦੇ 'ਤੇ ਇੱਥੋਂ ਦਾ ਬਾਜ਼ਾਰ ਬੰਦ ਰਿਹਾ।ਨਜ਼ਦੀਕੀ ਕਸਬੇ ਬੇਲਾ, ਬਹਿਰਾਮਪੁਰ ਬੇਟ ਅਤੇ ਲੁਠੇੜੀ ਸਮੇਤ ਪਿੰਡਾਂ ਵਿੱਚ ਦੁਕਾਨਦਾਰਾਂ ਵੱਲੋਂ ਆਪਣੀਆਂ ਦੁਕਾਨਾਂ ਬੰਦ ਰੱਖ ਕੇ ਕਿਸਾਨਾਂ ਨੂੰ ਸਮਰੱਥਨ ਦਿੱਤਾ ਗਿਆ। ਇਸ ਤਹਿਤ ਭਾਰਤੀ ਕਿਸਾਨ ਯੂਨੀਅਨ, ਸ਼ੇਰੇ ਪੰਜਾਬ ਯੂਨੀਅਨ ਅਤੇ ਮਜ਼ਦੂਰ ਯੂਨੀਅਨ ਦੇ ਆਗੂਆਂ ਅਤੇ ਮੈਂਬਰਾਂ ਵੱਲੋਂ ਸਾਂਝੇ ਤੌਰ 'ਤੇ ਕਿਸਾਨ ਆਗੂ ਗੁਰਨਾਮ ਸਿੰਘ ਜੱਸੜਾ, ਭਾਈ ਪਰਮਿੰਦਰ ਸਿੰਘ ਸੋਢੋਂ ਅਤੇ ਬਲਵਿੰਦਰ ਸਿੰਘ ਸਿਮਰੋ ਦੀ ਅਗਵਾਈ ਹੇਠ ਇੱਥੇ ਨਹਿਰ ਸਰਹਿੰਦ ਦੇ ਪੁਲ ਤੇ ਧਰਨਾ ਲਗਾ ਕੇ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸੇ ਤਰ੍ਹਾਂ ਹੀ ਪੰਜਾਬ ਰੋਡਵੇਜ਼, ਪਨਬਸ ਠੇਕਾ ਮੁਲਾਜ਼ਮਾਂ ਸਮੇਤ ਪ੍ਰਾਈਵੇਟ ਬੱਸ ਮਾਲਕਾਂ ਨੇ ਵੀ ਕਿਸਾਨਾਂ ਦੀ ਹਿਮਾਇਤ 'ਚ ਬੱਸਾਂ ਦਾ ਚੱਕਾ ਜਾਮ ਕੀਤਾ, ਜਿਸ ਕਾਰਨ ਜਿੱਥੇ ਸਵਾਰੀਆਂ ਖੱਜਲ ਖੁਆਰ ਵੀ ਹੁੰਦੀਆਂ ਵੇਖੀਆਂ ਗਈਆਂ, ਉੱਥੇ ਹੀ ਨਹਿਰ ਸਰਹਿੰਦ ਦੇ ਪੁੱਲ 'ਤੇ ਕਿਸਾਨਾਂ ਵੱਲੋਂ ਲਗਾਏ ਧਰਨੇ ਕਾਰਨ ਲੋਕਾਂ ਨੂੰ ਬਦਲਵੇਂ ਰਸਤੇ ਰਾਹੀਂ ਆਪਣੀ ਮੰਜ਼ਿਲ ਵੱਲ ਜਾਣ ਲਈ ਮਜਬੂਰ ਹੋਣਾ ਪਿਆ। ਧਰਨੇ ਦੌਰਾਨ ਗੁਰਪ੍ਰੀਤ ਸਿੰਘ, ਪਰਮਜੀਤ ਸਿੰਘ, ਰਣਧੀਰ ਸਿੰਘ, ਮਲਕੀਤ ਸਿੰਘ, ਧੰਨਾ ਸਿੰਘ, ਗੁਲਜ਼ਾਰ ਸਿੰਘ, ਗੁਰਪਾਲ ਸਿੰਘ, ਕਰਤਾਰ ਸਿੰਘ, ਅਮਰ ਸਿੰਘ, ਹਰਪ੍ਰੀਤ ਸਿੰਘ, ਗੁਰਮੀਤ ਸਿੰਘ ਅਤੇ ਗੁਰਚਰਨ ਸਿੰਘ ਆਦਿ ਹਾਜ਼ਰ ਸਨ।

ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਹਾਈਵੇਅ 'ਤੇ ਧਰਨਾ

ਧਰਨੇ ਦੌਰਾਨ ਸੰਬੋਧਨ ਕਰਦੇ ਹੋਏ ਕਿਸਾਨ ਆਗੂ ।

ਸ਼ਾਹਕੋਟ (ਗਿਆਨ ਸੈਦਪੁਰੀ)- ਪੰਜਾਬ ਬੰਦ ਦੇ ਸੱਦੇ ਤਹਿਤ ਸੋਮਵਾਰ ਨੂੰ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਹਾਈਵੇਅ 'ਤੇ ਧਰਨਾ ਦੇ ਕੇ ਰੋਸ ਪ੍ਰਦਰਸ਼ਨ ਕੀਤਾ। ਬੁਲਾਰਿਆਂ ਨੇ ਸਿੱਖ ਇਤਿਹਾਸ ਦੀਆਂ ਮਿਸਾਲੀ ਕੁਰਬਾਨੀਆਂ ਅਤੇ ਕੀਤੇ ਸੰਘਰਸ਼ਾਂ ਦੇ ਹਵਾਲੇ ਨਾਲ ਧਰਨਾਕਾਰੀਆ ਅੰਦਰ ਜੋਸ਼ ਭਰਿਆ। ਬੁਲਾਰਿਆਂ ਨੇ ਕਿਹਾ ਕਿ ਕਾਰਪੋਰੇਟ ਘਰਾਣਿਆ ਨੂੰ ਦੇਸ਼ ਲੁੱਟਣ ਲਈ ਖੁੱਲ੍ਹਾ ਛੱਡਣ ਵਾਲੀ ਕੇਂਦਰ ਸਰਕਾਰ 23 ਫਸਲਾਂ ਦੀਆਂ ਖਰੀਦ ਦੀ ਗਰੰਟੀ ਦਾ ਕਨੂੰਨ ਬਣਾਉਣ ਤੋਂ ਮੁੱਕਰ ਗਈ ਹੈ। ਪਹਿਲਾਂ ਰੱਦ ਕੀਤੇ ਤਿੰਨ ਕਾਲੇ ਕਨੂੰਨਾਂ ਨੂੰ ਖੇਤੀ ਮੰਡੀਕਰਨ ਨੀਤੀ ਦਾ ਨਾਂ ਦੇ ਕੇ ਰਾਜਾਂ ਨੂੰ ਕਨੂੰਨ ਬਣਾਉਣ ਲਈ ਖਰੜਾ ਭੇਜ ਦਿੱਤਾ ਹੈ। ਇਸ ਖਰੜੇ ਅਨੁਸਾਰ ਨਿੱਜੀ ਸਾਇਕੋ ਗੁਦਾਮਾਂ ਨੂੰ ਮੰਡੀ ਯਾਰਡ ਘੋਸ਼ਿਤ ਕਰਕੇ ਸਰਕਾਰੀ ਮੰਡੀ ਨੂੰ ਖਤਮ ਕਰ ਦਿੱਤਾ ਜਾਵੇਗਾ। ਖੇਤੀ ਮੰਡੀ ਉੱਤੇ ਕਾਰਪੋਰੇਟਾਂ ਦਾ ਕਬਜ਼ਾ ਹੋਣ ਨਾਲ ਖਾਣ ਪੀਣ ਦੀਆਂ ਚੀਜ਼ਾਂ ਆਮ ਲੋਕਾਂ ਦੀ ਪਹੁੰਚ ਤੋਂ ਬਾਹਰ ਹ�ो ਜਾਣਗੀਆਂ। 80 ਕਰੋੜ ਲੋਕਾਂ ਨੂੰ ਮੁਫ਼ਤ ਅਨਾਜ ਦੇਣ ਵਾਲੀ ਸਰਕਾਰੀ ਸਹੂਲਤ ਬੰਦ ਹੋ ਜਾਵੇਗੀ। ਉਕਤ ਮੁੱਦਿਆਂ ਕਰਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਮਰਨ ਵਰਤ 'ਤੇ ਬੈਠੇ ਹਨ। ਉਨ੍ਹਾਂ ਦੀ ਹਾਲਾਤ ਨਾਜ਼ੁਕ ਬਣੀ ਹੋਈ ਹੈ।

ਧਰਨੇ ਦੌਰਾਨ ਕੇਂਦਰ ਸਰਕਾਰ ਵਿਰੁੱਧ ਜ਼ੋਰਦਾਰ ਨਾਹਰੇਬਾਜ਼ੀ ਕੀਤੀ ਗਈ। ਧਰਨੇ ਨੂੰ ਕਿਸਾਨ ਆਗੂ ਗੁਰਮੇਲ ਸਿੰਘ ਰੇੜਵਾਂ, ਰਣਚੇਤ ਸਿੰਘ ਕੋਟਲੀ, ਕੁਲਦੀਪ ਸਿੰਘ ਕੋਹਾੜ ਅਤੇ ਹੋਰ ਆਗੂਆਂ ਨੇ ਸੰਬੋਧਨ ਕੀਤਾ।

ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਤ ਚੇਤਨਾ ਮਾਰਚ ਕੱਢਿਆ

ਅੱਡਾ ਸਰਾਂ (ਜਸਵੀਰ ਕਾਜਲ)

ਸਰਬੰਸ ਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਗੁਰਦੁਆਰਾ ਬਾਬਾ ਬਿਸ਼ਨ ਸਿੰਘ ਜੀ ਪ੍ਰਬੰਧਕ ਕਮੇਟੀ , ਸਮੂਹ ਨਗਰ ਨਿਵਾਸੀ ਸਾਧ ਸੰਗਤ, ਪ੍ਰਬੰਧਕ ਕਮੇਟੀ ਗੁਰਦੁਆਰਾ ਸਿੰਘ ਸਭਾ ਦੇ ਸਹਿਯੋਗ ਨਾਲ ਚੇਤਨਾ ਮਾਰਚ ਕੱਢਿਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਵੀ ਕਰਵਾਏ ਗਏ। ਚੇਤਨਾ ਮਾਰਚ ਨਗਰ ਕੰਧਾਲਾ ਜੱਟਾਂ ਦੀ ਪਰਿਕਰਮਾ ਕਰਦਾ ਹੋਇਆ ਗੁਰਦੁਆਰਾ ਸਾਹਿਬ ਪਹੁੰਚ ਕੇ ਸੰਪੂਰਨ ਹੋਇਆ। ਇਸ ਮਾਰਚ ਵਿੱਚ ਖਾਸ ਤੌਰ 'ਤੇ ਬੱਚਿਆਂ ਵੱਲੋਂ ਗੁਰੂ ਸਾਹਿਬ ਜੀ ਦੇ ਪਰਵਾਰ ਅਤੇ ਅਨੇਕਾਂ ਸਿੰਘਾਂ ਸਿੰਘਣੀਆਂ ਦੀ ਸ਼ਹਾਦਤ ਦੇ ਪੋਸਟਰ ਫੜ ਕੇ ਸ਼ਰਧਾਂਜਲੀ ਦਿੰਦਿਆਂ ਯਾਦ ਕੀਤਾ ਗਿਆ।

ਇਸ ਮੌਕੇ ਅੰਮ੍ਰਿਤਪਾਲ ਸਿੰਘ ਪ੍ਰਧਾਨ, ਕੈਪਟਨ ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ ਖਜਾਨਚੀ, ਇੰਦਰਜੀਤ ਸਿੰਘ ਊਪੱਲ ਪ੍ਰਧਾਨ, ਤਜਿੰਦਰ ਸਿੰਘ ਊਪੱਲ ਖਜਾਨਚੀ, ਸੁਰਿੰਦਰ ਸਿੰਘ ਗੁਗਲੀ,ਸੁਖਨਿੰਦਰ ਸਿੰਘ, ਦਰਸ਼ਨ ਸਿੰਘ, ਗੁਰਮੇਲ ਸਿੰਘ, ਇੰਦਰਜੀਤ ਸਿੰਘ, ਅਜੀਤ ਸਿੰਘ, ਗਿਆਨੀ ਰਣਜੀਤ ਸਿੰਘ ਹੈਡ ਗ੍ਰੰਥੀ,ਗਿਆਨੀ ਗੁਰਮੁੱਖ ਸਿੰਘ, ਸਰਬਣ ਸਿੰਘ ਕਨੇਡਾ, ਕੁਲਵੰਤ ਸਿੰਘ, ਗੁਰਮੇਲ ਸਿੰਘ, ਗੁਰਵਿੰਦਰ ਸਿੰਘ ਗਿੱਤਾ ਪ੍ਰਧਾਨ ਗੁਰਦੁਆਰਾ ਚੜ੍ਹਦੀ ਪੱਤੀ, ਕੈਪਟਨ ਹਰੀ ਓਮ ਸਿੰਘ ਪ੍ਰਧਾਨ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ , ਜਸਗੀਰ ਸਿੰਘ ਪ੍ਰਧਾਨ ਗੁਰਦੁਆਰਾ ਸਿੰਘ ਸਭਾ, ਲੰਬਰਦਾਰ ਭੁਪਿੰਦਰ ਸਿੰਘ, ਸਿਮਰਨਜੀਤ ਸਿੰਘ, ਦਲਜੀਤ ਸਿੰਘ, ਗਿਆਨੀ ਦਤਾਰ ਸਿੰਘ, ਸਰਵਣ ਸਿੰਘ ਪੰਚ, ਇੰਦਰਜੀਤ ਸਿੰਘ ਇੰਦਾ, ਜਸਵੀਰ ਸਿੰਘ ਸ਼ੀਰਾ ਅਤੇ ਹੋਰ ਨਗਰ ਦੀਆਂ ਸੰਗਤਾਂ ਹਾਜ਼ਰ ਸਨ।

ਬੱਡੋਂ ਵਿਖੇ ਖ਼ੂਨਦਾਨ ਕੈਂਪ ਭਲਕੇ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਬੱਡੋਂ ਵਿਖੇ ਨਿਰਮਲ ਕੁਟੀਆ ਸੰਤ ਬਾਬਾ ਮਈਆ ਦਾਸ ਦੇ ਅਸਥਾਨ 'ਤੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਸੰਤ ਬਾਬਾ ਪ੍ਰਧਾਨ ਸਿੰਘ ਬੱਡੋ ਦੀ ਯਾਦ ਵਿੱਚ ਸਾਲਾਨਾ ਖ਼ੂਨਦਾਨ ਕੈਂਪ 01 ਜਨਵਰੀ ਨੂੰ 10 ਤੋਂ 03 ਵਜੇ ਲਗਾਇਆ ਜਾ ਰਿਹਾ ਹੈ। ਮੁੱਖ ਸੇਵਾਦਾਰ ਸਰਬਪ੍ਰੀਤ ਸਿੰਘ ਸੋਨੂੰ ਸਾਬਕਾ ਪੰਚ ਨੇ ਦੱਸਿਆ ਕਿ 01 ਜਨਵਰੀ ਨੂੰ ਸਾਲਾਨਾ ਵਿਸ਼ਾਲ ਖ਼ੂਨਦਾਨ ਕੈਂਪ ਦਾ ਸੰਤ ਬਾਬਾ ਗੁਰਬਚਨ ਸਿੰਘ ਬੱਡੋ ਅਰਦਾਸ ਕਰਨ ਉਪਰੰਤ ਗੀਬਨ ਕੱਟ ਕੇ ਉਦਘਾਟਨ ਕਰਨਗੇ।ਕੈਂਪ ਵਿੱਚ ਸਿਵਲ ਹਸਪਤਾਲ ਹੁਸ਼ਿਆਰਪੁਰ ਤੋਂ ਡਾਕਟਰਾਂ ਦੀ ਟੀਮ ਪੁੱਜ ਰਹੀ ਹੈ।

ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਚੱਗਰਾਂ ਵਿਖੇ ਕਿਸਾਨ ਸਾਇੰਸਦਾਨ ਮਿਲਣੀ

ਹੁਸ਼ਿਆਰਪੁਰ, (ਓਮ ਪ੍ਰਕਾਸ਼ ਰਾਣਾ) ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਅਤੇ ਭਾਰਤੀ ਖੇਤੀਬਾੜੀ ਖੋਜ ਪ੍ਰੀਸ਼ਦ-ਅਟਾਰੀ, ਜ਼ੋਨ-1 ਦੇ ਅਧੀਨ ਕਾਰਜਸ਼ੀਲ ਪੀ.ਏ.ਯੂ-ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਵੱਲੋਂ ਬੀਤੇ ਦਿਨੀਂ ਪਿੰਡ ਚੱਗਰਾਂ ਵਿਖੇ ਕਿਸਾਨ ਸਾਇੰਸਦਾਨ ਮਿਲਣੀ ਕਰਵਾਈ ਗਈ। ਮਿਲਣੀ ਦੀ ਸ਼ੁਰੂਆਤ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿ-ਡਾਇਰੈਕਟਰ (ਸਿਖਲਾਈ) ਡਾ: ਮਨਿੰਦਰ ਸਿੰਘ ਬੈਂਸ ਨੇ ਹਾਜਰ ਕਿਸਾਨਾਂ ਦਾ ਸਵਾਗਤ ਕਰਦਿਆਂ ਕੇਂਦਰ ਵਲੋਂ ਕਿਸਾਨ ਭਲਾਈ ਸਬੰਧੀ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਖੇਤੀ ਤੋਂ ਵੱਧ ਮੁਨਾਫੇ ਲਈ ਪਸ਼ੂ ਪਾਲਣ, ਮੁਰਗੀ ਪਾਲਣ, ਬਕਰੀ ਪਾਲਣ, ਮਧੂ ਮੱਖੀ ਪਾਲਣ, ਖੁੰਬ ਉਤਪਾਦਨ ਵਰਗੇ ਸਹਾਇਕ ਖੇਤੀ ਧੰਧੇ ਅਪਨਾਉਣ 'ਤੇ ਵੀ ਜ਼ੋਰ ਦਿੱਤਾ।

ਉਨ੍ਹਾਂ ਨੇ ਕਿਸਾਨਾਂ ਨੂੰ ਇਸ ਬਾਬਤ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਚਲਾਏ ਜਾ ਰਹੇ ਕਿੱਤਾ-ਮੁਖੀ ਸਿਖਲਾਈ ਕੋਰਸਾਂ ਦਾ ਭਰਪੂਰ ਲਾਹਾ ਲੈਣ ਲਈ ਪ੍ਰੇਰਿਆ। ਉਨ੍ਹਾਂ ਨੇ ਦੱਸਿਆ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਸ਼ੋਸ਼ਲ ਮੀਡਿਆ ਪਲੈਟਫਾਰਮ-ਪੀ.ਏ.ਯੂ ਦੀ ਵੈੱਬਸਾਇਟ, ਪੀ.ਏ.ਯੂ ਕਿਸਾਨ ਐਪ, ਟਵਿੱਟਰ, ਫੇਸਬੁੱਕ, ਇੰਸਟਾਗ੍ਰਾਮ. ਯੂਟਿਊਬ, ਖੇਤੀ ਸੰਦੇਸ਼ ਆਦਿ ਦੀ ਵਰਤੋਂ ਰਾਹੀਂ ਖੇਤੀ ਗਿਆਨ ਤੇ ਨਵੀਨਤਮ ਤਕਨੀਕੀ ਜਾਣਕਾਰੀ ਉਪਲਬੱਧ ਕਰਵਾਈ ਜਾ ਰਹੀ ਹੈ।ਇਸ ਮੌਕੇ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਵਿਗਿਆਨੀਆਂ ਸਹਿ-ਪ੍ਰੋਫੈਸਰ (ਫ਼ਸਲ ਵਿਗਿਆਨ) ਗੁਰਪ੍ਰਤਾਪ ਸਿੰਘ ਅਤੇ ਸਹਾਇਕ ਪ੍ਰੋਫੈਸਰ (ਪੌਦ ਸੁਰੱਖਿਆ) ਡਾ.ਪ੍ਰਭਜੋਤ ਕੌਰ ਨੇ ਹਾੜ੍ਹੀ ਦੀਆਂ ਫ਼ਸਲਾਂ ਦੇ ਸਰਵਪੱਖੀ ਖਾਦ, ਨਦੀਨ ਤੇ ਕੀਟ ਪ੍ਰਬੰਧਨ, ਖਾਸਕਰ, ਹਲਕੀਆਂ ਜ਼ਮੀਨਾਂ ਵਿੱਚ ਮੈਂਗਨੀਜ ਤੱਤ ਦੀ ਪੂਰਤੀ, ਗੁੱਲੀ ਡੰਡਾ ਨਦੀਨ ਅਤੇ ਕਣਕ ਦੀ ਪੀਲੀ ਕੁੰਗੀ ਦੀ ਰੋਕਥਾਮ ਬਾਬਤ ਤਕਨੀਕੀ ਜਾਣਕਾਰੀ ਸਾਂਝੀ ਕੀਤੀ। ਮਿਲਣੀ ਵਿੱਚ ਪਿੰਡ ਚੱਗਰਾਂ ਦੇ ਸਾਬਕਾ ਸਰਪੰਚ ਸੁਬਿੰਦਰ ਸਿੰਘ ਅਤੇ ਹੋਰ ਅਗਾਂਹਵਧੂ ਕਿਸਾਨ ਸੁਰਜੀਤ ਸਿੰਘ, ਰਾਜਵਿੰਦਰ ਕੁਮਾਰ, ਦਾਨ ਸਿੰਘ, ਧੰਨਵੀਰ ਸਿੰਘ, ਮਨਮੋਹਨ ਸਿੰਘ, ਸਰਬਨ ਸਿੰਘ ਬਿੱਟੂ, ਤਰਸੇਮ ਸਿੰਘ, ਜਸਵਿੰਦਰ ਸਿੰਘ, ਕੁਲਦੀਪ ਸਿੰਘ ਅਤੇ ਸੰਤੋਖ ਸਿੰਘ ਵੀ ਮੌਜੂਦ ਸਨ ਅਤੇ ਆਪਣੇ ਖਦਸ਼ਿਆਂ ਤੇ ਖੇਤੀ ਸਮੱਸਿਆਂ ਬਾਰੇ ਮਾਹਿਰਾਂ ਨਾਲ ਵਿਚਾਰ ਚਰਚਾ ਕੀਤੀ।

ਬਹਿਰਾਮ ਟੋਲ ਪਲਾਜ਼ਾ 'ਤੇ ਲਗਾਇਆ ਜਾਮ ਤੇ ਜਬਰਦਸਤ ਧਰਨਾ

ਬੰਗਾ (ਅਵਤਾਰ ਕਲੇਰ) ਭਾਰਤੀ ਕਿਸਾਨ ਯੂਨੀਅਨ ਦੋਆਬਾ ਅਤੇ ਕਿਸਾਨ- ਮਜ਼ਦੂਰ ਮੋਰਚਾ ਅਤੇ ਕਿਸਾਨ ਜੱਥੇਬੰਦੀਆਂ ਵੱਲੋਂ ਬਹਿਰਾਮ ਟੋਲ ਪਲਾਜ਼ਾ 'ਤੇ ਜਬਰਦਸਤ ਧਰਨਾ ਲਗਾਇਆ ,ਰੋਡ ਬੰਦ ਕੀਤਾ ਅਤੇ ਕੇਂਦਰ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ। ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਿਸਾਨਾਂ ਦੀਆਂ ਮੰਗਾਂ ਲਈ 324 ਦਿਨਾਂ ਤੋਂ ਸ਼ੰਭੂ ਬਾਰਡਰ 'ਤੇ ਧਰਨਾ ਲਗਾਇਆ ਹੋਇਆ ਹੈ। ਕੇਂਦਰ ਸਰਕਾਰ ਕਿਸਾਨਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਪਿਛਲੇ 35 ਦਿਨਾਂ ਤੋਂ ਮਰਨ ਵਰਤ 'ਤੇ ਬੈਠੇ ਹਨ। ਕੇਂਦਰ ਅਤੇ ਪੰਜਾਬ ਸਰਕਾਰ ਦੇ ਕੰਨਾਂ 'ਤੇ ਜੂੰ ਨਹੀਂ ਸਰਕੀ। ਬੁਲਾਰਿਆਂ ਕਿਹਾ ਕਿ ਮਜ਼ਦੂਰਾਂ ਨੂੰ ਸਾਲ ਵਿੱਚ ਦੋ ਦਿਨ ਕੰਮ ਮਿਲਣਾ ਚਾਹੀਦਾ ਅਤੇ ਦਿਹਾੜੀ 800 ਰੁਪਏ ਮਿਲਣੀ ਚਾਹੀਦੀ ਹੈ। ਪੰਜਾਬ ਸਰਕਾਰ, ਕੇਂਦਰ ਸਰਕਾਰ ਨਾਲ ਰਲ ਕੇ ਸਾਡੇ ਨਾਲ ਧੱਕਾ ਕਰ ਰਹੀ ਹੈ। ਦੇਸ਼ ਦਾ ਕਿਸਾਨ ਖ਼ੁਦਕੁਸ਼ੀਆਂ ਕਰ ਰਿਹਾ ਹੈ। ਪੰਜਾਬ ਦੇ 117 ਵਿਧਾਇਕਾਂ, ਲੋਕ ਸਭਾ ਅਤੇ ਰਾਜ ਸਭਾ ਦੇ ਮੈਂਬਰਾਂ ਨੂੰ ਨਾਲ ਲੈ ਕੇ ਪ੍ਰਧਾਨ ਮੰਤਰੀ ਨਿਵਾਸ ਅੱਗੇ ਧਰਨਾ ਦੇਣਾ ਚਾਹੀਦਾ ਹੈ। ਕਿਸਾਨਾਂ ਦੀਆਂ ਮੰਨੀਆਂ ਹੋਈ

31-DEC-PAGE-10.qxd 12/30/2024 10:26 PM Page 1

ਕਿਸਾਨਾਂ ਦਾ ਪੰਜਾਬ ਬੰਦ ਸਫਲ : ਬਰਾਤ ਚੜ੍ਹਨ ਤੋਂ ਪਹਿਲਾਂ ਲਾੜਾ ਕਿਸਾਨਾਂ ਦੇ ਬੰਦ ਦਾ ਸਮੱਰਥਨ ਕਰਦਾ ਹੋਇਆ। (ਫੋਟੋ ਤੇ ਵੇਰਵਾ : ਰਾਜਿੰਦਰ ਬਿੰਦ, ਪਟਿਆਲਾ)

ਡੱਲੇਵਾਲ ਦੇ ਮਾਮਲੇ 'ਚ ਜੇਕਰ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਕੇਂਦਰ ਸਰਕਾਰ ਹੋਵੇਗੀ ਜ਼ਿੰਮੇਵਾਰ : ਸੰਜੀਤ ਗਿੱਲ

ਮੋਗਾ (ਇਕਬਾਲ ਸਿੰਘ ਖਹਿਰਾ)-ਕਿਸਾਨਾਂ ਦੇ ਹਰਮਨ ਪਿਆਰੇ ਨੇਤਾ ਜਗਜੀਤ ਸਿੰਘ ਡੱਲੇਵਾਲ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਪਿਛਲੇ ਇਕ ਮਹੀਨੇ ਤੋਂ ਮਰਨ ਵਰਤ 'ਤੇ ਬੈਠੇ ਹਨ, ਪਰ ਅਜੇ ਤੱਕ ਕੇਂਦਰ ਸਰਕਾਰ ਦੇ ਕੰਮ 'ਤੇ ਜੂੰ ਨਹੀਂ ਸਰਕੀ ਤੇ ਜਗਜੀਤ ਸਿੰਘ ਡੱਲੇਵਾਲ ਦੀ ਹਾਲਤ ਦਿਨੋਂ-ਦਿਨ ਵਿਗੜਦੀ ਜਾ ਰਹੀ ਹੈ। ਜੇਕਰ ਇਸ ਮਾਮਲੇ ਨੂੰ ਲੈ ਕੇ ਕੋਈ ਅਣਸੁਖਾਵੀਂ ਘਟਨਾ ਵਾਪਰਦੀ ਹੈ ਤਾਂ ਇਸ ਲਈ ਕੇਂਦਰ ਤੇ ਪੰਜਾਬ ਸਰਕਾਰ ਜ਼ਿੰਮੇਵਾਰ ਹੋਵੇਗੀ। ਇਸ ਲਈ ਬਿਨਾਂ ਸ਼ਰਤ ਕੇਂਦਰ ਸਰਕਾਰ ਨੂੰ ਕਿਸਾਨ ਆਗੂਆਂ ਨਾਲ ਗੱਲਬਾਤ ਕਰ ਕੇ ਜਗਜੀਤ ਸਿੰਘ ਡੱਲੇਵਾਲ ਨੂੰ ਮਰਨ ਵਰਤ ਤੋਂ ਉਠਾਉਣਾ ਚਾਹੀਦਾ ਹੈ। ਇਹ ਪਗਟਾਵਾ ਸ਼ੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ ਨੇ ਅਜੀਤ ਨਾਲ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਸੂਬੇ ਦੇ ਕਿਸਾਨ ਆਪਣਾ ਬਣਦਾ ਹੱਕ ਕੇਂਦਰ ਸਰਕਾਰ ਤੋਂ ਮੰਗ ਰਹੇ ਹਨ ਤੇ ਕੇਂਦਰ ਸਰਕਾਰ ਨੂੰ ਬਿਨਾਂ ਸ਼ਰਤ ਡਾ. ਸਵਾਮੀਨਾਥਨ ਦੀ ਰਿਪੋਰਟ ਲਾਗੂ ਕਰ ਕੇ ਕਿਸਾਨਾਂ ਦਾ ਹੱਕ ਦੇਣਾ ਚਾਹੀਦਾ ਹੈ। ਸਨੀ ਗਿੱਲ ਨੇ ਕਿਹਾ ਕਿ ਪੰਜਾਬ ਸੂਬਾ ਇਕ ਅਜਿਹਾ ਸੂਬਾ ਹੈ, ਜਿਸ ਨੇ ਦੇਸ਼ ਦੇ ਅੰਨ ਭੰਡਾਰ ਵਿੱਚ ਕਦੇ ਕਮੀ ਨਹੀਂ ਆਉਣ ਦਿੱਤੀ। ਇਸ ਲਈ ਇਸ ਖੇਤੀ ਪ੍ਰਧਾਨ ਸੂਬੇ ਨੂੰ ਵੱਧ ਤੋਂ ਵੱਧ ਰਿਆਇਤਾਂ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ ਤਾਂ ਕਿ ਸੂਬੇ ਦਾ ਕਿਸਾਨ ਖ਼ੁਸ਼ਹਾਲੀ ਵੱਲ ਕਦਮ ਪੁੱਟ ਸਕੇ, ਜਦ ਕਿ ਤਰਾਸ਼ਦੀ ਇਹ ਹੈ ਕਿ ਅੱਜ ਸੂਬੇ ਦਾ ਕਿਸਾਨ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਜਗ੍ਹਾ ਜਗ੍ਹਾ 'ਤੇ ਧਰਨੇ ਲਗਾਉਣ ਲਈ ਮਜਬੂਰ ਹੈ ਤੇ ਸੂਬੇ ਦਾ ਕਿਸਾਨ ਆਰਥਿਕ ਪੱਖੋਂ ਪੂਰੀ ਤਰ੍ਹਾਂ ਟੁੱਟ ਚੁੱਕਾ ਹੈ। ਇਸ ਲਈ ਸੂਬੇ ਨੂੰ ਵੱਧ ਅਧਿਕਾਰ ਦੇਣ ਦੀ ਕੇਂਦਰ ਵਲੋਂ ਪਹਿਲਕਦਮੀ ਕਰਨੀ ਚਾਹੀਦੀ ਹੈ।

ਯੁਵਕ ਸੇਵਾਵਾਂ ਵਿਭਾਗ ਵੱਲੋਂ ਨਸ਼ਿਆਂ ਵਿਰੁੱਧ ਫੇਮੀਵਾਲਾ 'ਚ ਸੈਮੀਨਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਦਵਿੰਦਰ ਸਿੰਘ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ ਵਿਭਾਗ ਫਿਰੋਜ਼ਪੁਰ ਦੀ ਅਗਵਾਈ ਵਿੱਚ ਵਿਭਾਗ ਨਾਲ ਐਫੀਲੀਏਟਡ ਯੂਥ ਕਲੱਬਾਂ ਰਾਹੀਂ ਕਰਵਾਏ ਜਾ ਰਹੇ ਨਸ਼ਿਆਂ ਵਿਰੁੱਧ ਜਾਗਰੂਕਤਾ ਅਭਿਆਨ ਤਹਿਤ ਪਿੰਡ ਫੇਮੀਵਾਲਾ ਵਿੱਚ ਸੈਮੀਨਾਰ ਤੇ ਨੁੱਕੜ ਨਾਟਕ ਰਾਹੀਂ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ।ਇਸ ਸਮੇਂ ਦਵਿੰਦਰ ਸਿੰਘ ਸਹਾਇਕ ਡਾਇਰੈਕਟਰ ਯੁਵਕ ਸੇਵਾਵਾਂ ਫ਼ਿਰੋਜ਼ਪੁਰ ਵੱਲੋਂ ਨਸ਼ਿਆਂ ਰਾਹੀਂ ਵੱਧ ਰਹੇ ਜੁਰਮਾਂ ਨੂੰ ਰੋਕਣ ਬਾਰੇ ਵਿਚਾਰ ਸਾਂਝੇ ਕੀਤੇ ਗਏ ਤੇ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਕਲੱਬ ਪ੍ਰਧਾਨ ਵੱਲੋਂ ਆਏ ਹੋਏ ਯੁਵਕ ਸੇਵਾਵਾਂ ਵਿਭਾਗ ਦੀ ਸਾਰੀ ਟੀਮ, ਨੁੱਕੜ ਨਾਟਕ ਦੀ ਟੀਮ ਤੇ ਪਿੰਡ ਦੇ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਵਿਸ਼ਾਲ ਸਿੰਘ ਪ੍ਰੋਗਰਾਮ ਅਫ਼ਸਰ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਸਰਕਾਰ ਵੱਲੋਂ ਪੰਜਾਬ ਦੀ ਨੌਜਵਾਨੀ ਨੂੰ ਬਚਾਉਣ ਲਈ ਯੁਵਕ ਸੇਵਾਵਾਂ ਵਿਭਾਗ, ਪੰਜਾਬ ਰਾਹੀਂ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਨਸ਼ਿਆਂ ਵਿਰੁੱਧ ਚਲਾਏ ਜਾ ਰਹੇ ਜਾਗਰੂਕਤਾ ਅਭਿਆਨ ਸਬੰਧੀ ਜਾਣਕਾਰੀ ਦਿੱਤੀ।ਇਸ ਉਪਰੰਤ ਨੁੱਕੜ ਨਾਟਕ ਦੀ ਟੀਮ ਨੂੰ ਸਰਟੀਫਿਕੇਟ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਦੇ ਨਾਲ ਹੀ ਕਲੱਬ ਪ੍ਰਧਾਨ ਗੁਰਜੀਤ ਸਿੰਘ ਤੋਂ ਇਲਾਵਾ ਬਲਾਕ ਪ੍ਰਧਾਨ ਹਰਦਵਿੰਦਰ ਸਿੰਘ ਫੇਮੀ ਵਾਲਾ, ਕਲੱਬ ਮੈਂਬਰ ਪਿੰਡ ਦੇ ਲੋਕ ਤੇ ਪ੍ਰਭਜੀਤ ਸਿੰਘ ਸਰਪੰਚ ਬਸਤੀ ਉਜਾਗਰ ਸਿੰਘ ਕਾਰਜ ਸਿੰਘ ਸਰਪੰਚ ਰਸੂਲਪੁਰ, ਤਰਨਜੀਤ ਕੌਰ ਤੇ ਬਲਕਾਰ ਸਿੰਘ ਹਾਜ਼ਰ ਸਨ।

ਹਰਿਆਣਾ ਐੱਸ ਜੀ ਪੀ ਸੀ ਚੋਣਾਂ 'ਚ ਬੀਬੀਆਂ ਦੀ ਦਿਲਚਸਪੀ ਵਧੀ

ਸਿਰਸਾ (ਸੁਰਿੰਦਰ ਪਾਲ ਸਿੰਘ)-ਹਰਿਆਣਾ ਵਿਚ 19 ਜਨਵਰੀ ਨੂੰ ਹੋਣ ਜਾ ਰਹੀਆਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਚੋਣ ਮੈਦਾਨ ਪੂਰੀ ਤਰਾਂ ਭੱਖ ਚੁਕਿਆ ਹੈ। ਨਾਮਜ਼ਦਗੀਆਂ ਦੇ ਆਖਰੀ ਦਿਨ ਸਿਰਸਾ ਦੇ ਵਾਰਡ ਨੰਬਰ 33 ਤੋਂ ਐਡਵੋਕੇਟ ਅਮਨਦੀਪ ਕੌਰ ਖਾਲਸਾ ਨੇ ਨਾਮਜ਼ਦਗੀ ਕਾਗਜ਼ ਐਸਡੀਐਮ ਸਿਰਸਾ ਦੇ ਦਫਤਰ ਵਿਖੇ ਜਮਾਂ ਕਰਵਾਏ।ਆਪਣੀ ਨਾਮਜ਼ਦਗੀ ਉਪਰੰਤ ਬੀਬਾ ਅਮਨਦੀਪ ਕੌਰ ਖਾਲਸਾ ਨੇ ਕਿਹਾ ਕਿ ਸਿੱਖ ਪੰਥ ਵਿਚ ਬੀਬੀਆਂ ਨੂੰ ਵੀ ਬਰਾਬਰ ਦੇ ਅਧਿਕਾਰ ਪ੍ਰਾਪਤ ਹਨ। ਉਨ੍ਹਾਂ ਕਿਹਾ ਕਿ ਇਹ ਚੋਣਾਂ ਸਿੱਖ ਪੰਥ ਦੀ ਚੜ੍ਹਦੀ ਕਲਾ ਲਈ ਇਤਿਹਾਸਕ ਫੈਸਲੇ ਕਰਨਗੀਆਂ। ਇਸ ਸਮੇਂ ਉਨ੍ਹਾ ਦੇ ਨਾਲ ਸੀਨੀਅਰ ਐਡਵੋਕੇਟ ਅਰਵਿੰਦਰ ਸਿੰਘ ਵਧਵਾ, ਸਿੱਖ ਸਮਾਜ ਦੇ ਜਿਲ੍ਹਾ ਪ੍ਰਧਾਨ ਕਿਰਪਾਲ ਸਿੰਘ ਖਾਲਸਾ,ਜਿਲ੍ਹਾ ਮੀਤ ਪ੍ਰਧਾਨ ਐਡਵੋਕੇਟ ਦਿਆਲ ਸਿੰਘ ਧੰਜੂ,ਦੀਦਾਰ ਸਿੰਘ,ਭਾਈ ਅਮਨਦੀਪ ਸਿੰਘ ਖਾਲਸਾ, ਕਿਰਪਾਲ ਸਿੰਘ, ਅਵਤਾਰ ਸਿੰਘ, ਸੁਰੇਨ ਸਿੰਘ, ਜਸਵੰਤ ਸਿੰਘ, ਬਲਬੀਰ ਸਿੰਘ, ਐਡਵੋਕੇਟ ਸਤਿੰਦਰ ਸਿੰਘ,ਐਡਵੋਕੇਟ ਬਲਬੀਰ ਕੌਰ ਅਤੇ ਦਰਸ਼ਨ ਕੌਰ ਕਾਲਾਂਵਾਲੀ ਵੀ ਸ਼ਾਮਲ ਸਨ।

ਵਿਦਿਆਰਥੀਆਂ ਨਾਲ ਸਾਂਝੇ ਕੀਤੇ ਬਿਊਟੀ ਸਬੰਧੀ ਨੁਕਤੇ

ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੋਡੇ ਜ਼ਿਲ੍ਹਾ ਮੋਗਾ ਦੀ ਅਧਿਆਪਕਾ ਨੀਤੂ ਰਾਣੀ ਦੀ ਅਗਵਾਈ ਹੇਠ ਵਿਦਿਆਰਥੀਆਂ ਨੇ ਜ਼ੂਗ ਇੰਟਰਨੈਸ਼ਨਲ ਬਿਊਟੀ ਐਂਡ ਵੈਲਨੈੱਸ ਸਕੂਲ ਦਾ ਦੌਰਾ ਕਰਵਾਈਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਆਪਣੀ ਸੁੰਦਰਤਾ ਅਤੇ ਸਾਫ਼-ਸਫ਼ਾਈ ਬਰਕਰਾਰ ਰੱਖਣ ਦੇ ਟਿਪਸ ਦਿੱਤੇ ਗਏ।ਇਸ ਮੌਕੇ ਸੈਂਟਰ ਹੈੱਡ ਮੈਨੇਜਰ ਨਵਦੀਪ ਕੌਰ ਮਾਹਲਾ ਨੇ ਦੱਸਿਆ ਕਿ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰੋਡੇ ਜ਼ਿਲ੍ਹਾ ਮੋਗਾ ਦੇ ਵਿਦਿਆਰਥੀਆਂ ਨੇ ਜ਼ੂਗ ਇੰਟਰਨੈਸ਼ਨਲ ਬਿਊਟੀ ਸਟੂਡੀਓ ਵਿੱਚ ਭਾਗ ਲਿਆ, ਜਿਸ ਵਿੱਚ ਵਿਦਿਆਰਥੀਆਂ ਨੂੰ ਸਾਡੇ ਮਾਹਿਰ ਨਿਤਾਸ਼ਾ-ਨੇਲ ਐਕਸਟੈਂਸ਼ਨ ਡੈਮੋਨਸਟ੍ਰੇਟਰ ਵੱਲੋਂ ਹੈੱਡ-ਆਨ ਅਨੁਭਵ ਦਿੱਤਾ ਗਿਆ। ਲਖਵਿੰਦਰ ਸਿੰਘ-ਹੇਅਰ ਕੈਮੀਕਲ ਡੈਮੋ (ਹੇਅਰ ਐਕਸਪਰਟ) ਅਮਨ ਮੈਮ-ਮੇਕਅੱਪ ਪ੍ਰਦਰਸ਼ਨੀ ਨੇ ਬੱਚਿਆਂ ਨੂੰ ਆਪਣੇ ਹੁਨਰ ਨਾਲ ਜਾਣੂ ਕਰਵਾਇਆ।ਇਸ ਤੋਂ ਇਲਾਵਾ ਟੈਟੂ ਪ੍ਰਦਰਸ਼ਕ ਰਾਹੁਲ, ਜਸ, ਅਜੈ, ਮੇਕਅੱਪ ਡੈਮੋਨਸਟ੍ਰੇਟਰ ਅਤੇ ਬਿਊਟੀ ਥੈਰੇਪਿਸਟ ਨੇ ਵੀ ਆਪਣੇ ਤਜ਼ਰਬੇ ਸਾਂਝੇ ਕਰਦਿਆਂ ਬਿਊਟੀ ਸਕੂਲ ਨੂੰ ਆਪਣੇ ਦਿਨ ਨੂੰ ਖੁਸ਼ੀ ਵਜੋਂ ਵਿਦਾਇਗੀ ਦਿੱਤੀ ਗਈ।

ਰਾਜਘਾਟ ਕੰਪਲੈਕਸ ਵਿਖੇ ਹੀ ਡਾ. ਮਨਮੋਹਨ ਸਿੰਘ ਦੀ ਯਾਦਗਾਰ ਬਣਾਈ ਜਾਵੇ : ਹਰਦੀਪ ਦੌਲਤਪੁਰ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਪੰਜਾਬ ਕਾਂਗਰਸ ਦੇ ਮੈਂਬਰ ਤੇ ਹਲਕੇ ਤੋਂ ਸੀਨੀਅਰ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਰਾਸ਼ਟਰਪਤੀ ਦਰੋਪਦੀ ਮੁਰਮੂ ਤੋਂ ਕੇਂਦਰ ਨੂੰ ਰਾਜ ਘਾਟ ਕੰਪਲੈਕਸ ਵਿਖੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੀ ਯਾਦਗਾਰ ਬਣਾਉਣ ਲਈ ਨਿਰਦੇਸ਼ ਦੇਣ ਦੀ ਅਪੀਲ ਕੀਤੀ।ਉਨ੍ਹਾਂ ਕੇਂਦਰ 'ਤੇ ਦੇਸ਼ ਦੇ ਪਹਿਲੇ ਸਿੱਖ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦਾ ਅੰਤਮ ਸੰਸਕਾਰ ਨਿਗਮਬੋਧ ਘਾਟ 'ਤੇ ਕਰਕੇ ਅਪਮਾਨ ਕਰਨ ਦੇ ਦੋਸ਼ ਲਾਉਂਦਿਆਂ ਕਿਹਾ ਕਿ ਇਹ ਸਿਰਫ ਇੱਕ ਯਾਦਗਾਰ ਬਾਰੇ ਨਹੀਂ, ਸਗੋਂ ਇਹ ਇਤਿਹਾਸਕ ਨਿਯਮਾਂ ਤੇ ਸਾਡੇ ਲੋਕਤੰਤਰ ਦੀ ਸ਼ਾਨ ਨੂੰ ਬਰਕਰਾਰ ਰੱਖਣ ਬਾਰੇ ਹੈ।ਭਾਰਤ ਨੂੰ ਘਟੀਆ ਤੇ ਹੋਛੀ ਸਿਆਸਤ ਤੋਂ ਉੱਪਰ ਉੱਠਣਾ ਚਾਹੀਦਾ ਹੈ।ਉਨ੍ਹਾਂ ਮਾਣਯੋਗ ਰਾਸ਼ਟਰਪਤੀ ਨੂੰ ਇਹ ਯਕੀਨੀ ਬਣਾਉਣ ਲਈ ਦਖ਼ਲ ਦੇਣ ਅਤੇ ਸਰਕਾਰ ਨੂੰ ਨਿਰਦੇਸ਼ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਰਾਜਘਾਟ ਕੰਪਲੈਕਸ 'ਤੇ ਡਾ. ਮਨਮੋਹਨ ਸਿੰਘ ਦੀ ਯਾਦਗਾਰ ਸਥਾਪਤ ਕੀਤੀ ਜਾਵੇ ਤਾਂ ਜੁ ਇਸ ਪ੍ਰੰਪਰਾ ਦੇ ਮਾਣ ਨੂੰ ਕਾਇਮ ਰੱਖਿਆ ਜਾਵੇ'। ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚ ਪੰਡਿਤ ਜਵਾਹਰ ਲਾਲ ਨਹਿਰੂ ਲਈ ਸ਼ਾਂਤੀ ਵੈਨ, ਸ੍ਰੀ ਲਾਲ ਬਹਾਦਰ ਸ਼ਾਸਤਰੀ ਲਈ ਵਿਜੇ ਘਾਟ, ਸ੍ਰੀਮਤੀ ਇੰਦਰਾ ਗਾਂਧੀ ਲਈ ਸ਼ਕਤੀ ਸਥਲ, ਰਾਜੀਵ ਗਾਂਧੀ ਲਈ ਵੀਰ ਭੂਮੀ ਤੇ ਸ੍ਰੀ ਅਟਲ ਬਿਹਾਰੀ ਵਾਜਪਾਈ ਲਈ ਸਦੈਵ ਅਟਲ ਸ਼ਾਮਲ ਹਨ।'

ਡਾ. ਮਨਮੋਹਨ ਸਿੰਘ ਨੇ ਪੂਰੀ ਦੁਨੀਆ 'ਚ ਭਾਰਤ ਦਾ ਨਾਂਅ ਰੋਸ਼ਨ ਕੀਤਾ : ਖੰਗੂੜਾ

ਨਾਭਾ (ਵਰਿੰਦਰ ਵਰਮਾ)-ਭਾਰਤ ਦੇ ਉੱਘੇ ਅਰਥ ਸ਼ਾਸਤਰੀ ਡਾ. ਮਨਮੋਹਨ ਸਿੰਘ ਦੇਸ਼ ਦੇ ਦੋ ਵਾਰ 2004 ਤੋਂ 2014 ਤੱਕ ਪ੍ਰਧਾਨ ਮੰਤਰੀ ਰਹੇ। ਉਨ੍ਹਾ ਦੇ ਦੁਨੀਆ ਤੋਂ ਚਲੇ ਜਾਣ ਨਾਲ ਦੇਸ਼ ਨੂੰ ਨਾ-ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਹ ਵਿਚਾਰ ਸਮਾਜ ਕਲਿਆਣ ਜਾਗ੍ਰਿਤੀ ਮੰਚ ਪੰਜਾਬ ਦੇ ਪ੍ਰਧਾਨ ਰਣਧੀਰ ਸਿੰਘ ਖੰਗੂੜਾ ਨੇ ਪੱਤਰਕਾਰਾਂ ਨਾਲ ਵਿਚਾਰ ਸਾਂਝੇ ਕੀਤੇ।ਖੰਗੂੜਾ ਨੇ ਦੱਸਿਆ ਕਿ ਡਾ. ਮਨਮੋਹਨ ਸਿੰਘ ਸਾਡੇ ਦੇਸ਼ ਦੇ ਰਿਜ਼ਰਵ ਬੈਂਕ ਆਫ ਇੰਡੀਆ ਦੇ ਗਵਰਨਰ ਰਹੇ ਤੇ ਸਾਬਕਾ ਪ੍ਰਧਾਨ ਮੰਤਰੀ ਨਰਸਿੰਮਾ ਰਾਓ ਦੀ ਕੈਬਨਿਟ ਦੇ ਵਿੱਚ ਵਿੱਤ ਮੰਤਰੀ ਰਹੇ।ਉਸ ਸਮੇਂ ਭਾਰਤ ਦੇਸ਼ ਬਹੁਤ ਵੱਡੇ ਆਰਥਿਕ ਸੰਕਟ ਵਿੱਚੋਂ ਲੰਘ ਰਿਹਾ ਸੀ।ਡਾ. ਮਨਮੋਹਨ ਸਿੰਘ ਨੇ ਆਪਣੀ ਸੂਝ-ਬੂਝ ਨਾਲ ਦੇਸ਼ ਦੀ ਆਰਥਿਕਤਾ ਨੂੰ ਮੁੜ ਲੀਹ 'ਤੇ ਲਿਆਂਦਾ, ਜਦੋਂ ਉਹ 2004 ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਬਣੇ ਉਦੋਂ ਉਨ੍ਹਾਂ ਨੇ ਕਾਂਗਰਸ ਦੀ ਅਗਵਾਈ ਵਾਲੀ ਸਾਂਝੀ ਸਰਕਾਰ ਦੀ ਅਗਵਾਈ ਕੀਤੀ।ਡਾ. ਮਨਮੋਹਨ ਸਿੰਘ ਨੇ ਦੇਸ਼ ਦੇ ਲੋਕਾਂ ਦੀ ਸਹੂਲਤ ਲਈ ਸੂਚਨਾ ਅਧਿਕਾਰ ਕਾਨੂੰਨ ਲਿਆਂਦਾ, ਆਧਾਰ ਕਾਰਡ, ਮਜ਼ਦੂਰਾਂ ਲਈ ਮਨਰੇਗਾ ਤੇ ਹੋਰ ਅਜਿਹੀਆਂ ਅਣਗਿਣਤ ਸਹੂਲਤਾਂ ਦੇਸ਼ ਦੇ ਲੋਕਾਂ ਨੂੰ ਦਿੱਤੀਆਂ, ਜਿਨ੍ਹਾਂ ਨੂੰ ਲੋਕ ਹਮੇਸ਼ਾ ਯਾਦ ਰੱਖਣਗੇ।

ਖੰਗੂੜਾ ਨੇ ਕਿਹਾ ਕਿ ਮਨਮੋਹਨ ਸਿੰਘ ਨੇ ਅਰਥ ਸ਼ਾਸਤਰ ਵਿੱਚ ਭਾਰਤ ਦਾ ਨਾਂ ਪੂਰੀ ਦੁਨੀਆ ਵਿੱਚ ਰੋਸ਼ਨ ਕੀਤਾ।ਅਮਰੀਕਾ ਵਰਗੇ ਦੇਸ਼ ਵੀ ਡਾ. ਮਨਮੋਹਨ ਸਿੰਘ ਦੀ ਸੂਝ-ਬੂਝ ਦਾ ਲੋਹਾ ਮੰਨਦੇ ਸਨ।ਅੱਜ ਲੋੜ ਹੈ ਦੇਸ਼ ਦੇ ਲੀਡਰਾਂ ਨੂੰ ਉਨ੍ਹਾਂ ਦੇ ਨਕਸ਼ੇ ਕਦਮਾਂ 'ਤੇ ਚੱਲਣ ਦੀ ਤਾਂ ਜੋ ਭਾਰਤ ਦੇਸ਼ ਹੋਰ ਮਜ਼ਬੂਤ ਹੋ ਸਕੇ।

ਮੂਲ ਨਿਵਾਸੀ ਬਹੁਜਨ ਸਮਾਜ ਵੱਲੋਂ ਸ਼ਾਹ ਤੇ ਭਾਜਪਾ ਖਿਲਾਫ ਰੋਸ ਮਾਰਚ

ਅਮਿਤ ਸ਼ਾਹ ਦੇ ਅਸਤੀਫੇ ਤੱਕ ਮੂਲ ਨਿਵਾਸੀ ਬਹੁਜਨ ਸਮਾਜ ਸੰਘਰਸ਼ ਕਰਦਾ ਰਹੇਗਾ : ਬੰਸੀ ਲਾਲ

ਦੋਰਾਹਾ (ਹਰਮਿੰਦਰ ਸੇਠ)

ਬਹੁਜਨ ਸਮਾਜ ਤੇ ਅੱਤਿਆਚਾਰ ਅਤੇ ਉਹਨਾਂ ਦੇ ਮਹਾਂਪੁਰਸ਼ਾਂ ਨੂੰ ਜਲੀਲ ਕਰਨ ਦੀ ਇਹ ਲੰਬੀ ਪ੍ਰਕਿਰਿਆ ਲੰਬੇ ਸਮੇਂ ਤੋਂ ਚੱਲ ਰਹੀ ਹੈ। ਇਸ ਦਾ ਵੱਡਾ ਕਾਰਨ ਮੂਲ ਨਿਵਾਸੀ ਬਹੁਜਨ ਸਮਾਜ ਰਾਜਨੀਤਿਕ ਪਾਰਟੀਆਂ ਦੀ ਮਜਬੂਤੀ ਦੀ ਲੜਾਈ ਤਾਂ ਲੜਦਾ ਹੈ ਪਰੰਤੂ ਮੂਲ ਨਿਵਾਸੀ ਬਹੁਜਨ ਸਮਾਜ ਨੂੰ ਇਕੱਠਾ ਹੋ ਕੇ ਰਾਜਭਾਗ ਦੀ ਲੜਾਈ ਨਹੀਂ ਲੜਦਾ। ਇਸੇ ਕਾਰਨ ਹੀ ਅੱਜ ਜਿਹੜੀਆਂ ਰਾਜਨੀਤਿਕ ਪਾਰਟੀਆਂ ਨੂੰ 70 ਸਾਲ ਤੋਂ ਮੂਲ ਨਿਵਾਸੀ ਬਹੁਜਨ ਸਮਾਜ ਸੱਤਾ 'ਤੇ ਬਿਠਾਉਂਦੇ ਆ ਰਿਹਾ ਹੈ, ਉਹੀ ਰਾਜਨੀਤਿਕ ਪਾਰਟੀਆਂ ਮੂਲ ਨਿਵਾਸੀ ਬਹੁਜਨ ਸਮਾਜ ਨੂੰ ਗੁਲਾਮ ਬਣਾਉਣ ਅਤੇ ਉਹਨਾਂ ਦੇ ਹੱਕਾਂ ਤੇ ਸੰਵਿਧਾਨਿਕ ਹੱਕਾਂ 'ਤੇ ਡਾਕੇ ਮਾਰਨ ਤੋਂ ਇਲਾਵਾ ਕੁਝ ਨਹੀਂ ਕਰਦੀਆਂ। ਅਗਰ ਬਹੁਜਨ ਸਮਾਜ ਨੇ ਆਪਣੇ 'ਤੇ ਹੋਰ ਅੱਤਿਆਚਾਰ ਦਾ ਅੰਤ ਕਰਨਾ ਹੈ ਅਤੇ ਮਹਾਂਪੁਰਸ਼ਾਂ ਦਾ ਮਾਣ ਸਨਮਾਨ ਬਹਾਲ ਰੱਖਣਾ ਹੈ ਤਾਂ ਸਾਨੂੰ ਰਾਜਨੀਤਿਕ ਪਾਰਟੀਆਂ ਦਾ ਖਹਿੜਾ ਛੱਡ ਕੇ ਮੂਲ ਨਿਵਾਸੀ ਬਹੁਜਨ ਸਮਾਜ ਦੀਆਂ ਸਰਕਾਰਾਂ ਬਣਾਉਣੀਆਂ ਪੈਣਗੀਆਂ। ਇਹ ਸ਼ਬਦ ਅੱਜ ਵਿਧਾਨ ਸਭਾ ਖੰਨਾ ਵਿੱਚ ਅਮਿਤ ਸ਼ਾਹ ਵੱਲੋਂ ਬਾਬਾ ਸਾਹਿਬ ਦੇ ਸਨਮਾਨ ਨੂੰ ਠੇਸ ਪਹੁੰਚਾਉਣ ਦੇ ਵਿਰੋਧ ਵਿੱਚ ਇੱਕ ਰੋਸ ਮਾਰਚ ਨਗਰ ਕੌਂਸਲ ਖੰਨਾ ਤੋਂ ਲੈ ਕੇ ਲੇਹੜੀ ਚੌਕ ਤਕ ਕੀਤਾ ਗਿਆ ਅਤੇ ਅਮਿਤ ਸ਼ਾਹ ਮੁਰਦਾਬਾਦ ਬੀਜੇਪੀ ਮੁਰਦਾਬਾਦ ਦੇ ਨਾਅਰੇ ਲਗਾਉਂਦੇ ਹੋਏ ਅਮਿਤ ਸ਼ਾਹ ਦਾ ਪੁਤਲਾ ਫੂਕਣ ਤੋਂ ਬਾਅਦ ਉੱਘੇ ਅੰਬੇਡਕਰਬਾਦੀ ਅਤੇ ਸਮਾਜ ਸ

31-Jan-page-11-Majha-24.qxd 12/30/2024 10:36 PM Page 1

ਬੀ ਕੇ ਯੂ ਉਗਰਾਹਾਂ ਤੇ ਸੰਯੁਕਤ ਕਿਸਾਨ ਤਾਲਮੇਲ ਕਮੇਟੀ ਵੱਲੋਂ ਅਰਥੀ ਫੂਕ ਪ੍ਰਦਰਸ਼ਨ

ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਸੰਯੁਕਤ ਕਿਸਾਨ ਮੋਰਚਾ ਭਾਰਤ ਦੇ ਸੱਦੇ 'ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਤਰਨਤਾਰਨ ਵੱਲੋਂ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਦੇ ਨਿਰਦੇਸ਼ ਅਨੁਸਾਰ ਜ਼ਿਲ੍ਹਾ ਤਰਨਤਾਰਨ ਵਿਖੇ ਬਲਾਕ ਪੱਧਰੀ ਅਰਥੀ ਫੂਕ ਪ੍ਰਦਰਸ਼ਨ ਜ਼ਿਲ੍ਹਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ, ਭੁਪਿੰਦਰ ਸਿੰਘ ਠੱਠੀਆਂ ਅਤੇ ਹਰਦੀਪ ਸਿੰਘ ਜੰਡੋਰ, ਦਲੇਰ ਸਿੰਘ ਰਾਜੋਕੇ, ਸੁਖਵੰਤ ਸਿੰਘ ਵਲਟੋਹਾ ਦੀ ਅਗਵਾਈ ਹੇਠ ਬਲਾਕ ਨੌਸ਼ਹਿਰਾ ਪਨੂੰਆਂ ਵਿਚ ਕੀਤਾ ਗਿਆ। ਪ੍ਰੈੱਸ ਨੋਟ ਜਾਰੀ ਕਰਦਿਆਂ ਬਲਾਕ ਪ੍ਰਧਾਨ ਜਥੇਦਾਰ ਸੰਤੋਖ ਸਿੰਘ ਪੱਟੀ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਜਾਰੀ ਕੀਤਾ ਗਿਆ ਕਿਸਾਨਾਂ ਖੇਤ/ਪੇਂਡੂ ਮਜ਼ਦੂਰਾਂ ਅਤੇ ਦੇਸ਼ ਵਿਰੋਧੀ ਖੇਤੀ ਮੰਡੀਕਰਨ ਨੀਤੀ ਖਰੜਾ ਰੱਦ ਕਰਵਾਉਣ ਲਈ ਤੇ ਸਾਰੀਆਂ ਫਸਲਾਂ ਉਪਰ ਸਵਾਮੀਨਾਥਨ ਕਮਿਸ਼ਨ ਦੀਆਂ ਸਿਫਾਰਸ਼ਾਂ ਅਨੁਸਾਰ ਸੀ2+50% ਫਾਰਮੂਲੇ ਨਾਲ ਲਾਭਕਾਰੀ ਐੱਮਐੱਸਪੀ ਦੀ ਗਰੰਟੀ ਦਾ ਕਾਨੂੰਨ ਬਣਾਉਣ ਲਈ ਤੇ ਲਗਾਤਾਰ ਵਧ ਰਹੇ ਖੇਤੀ ਲਾਗਤ ਖਰਚਿਆਂ ਕਾਰਨ ਅਤੇ ਫ਼ਸਲਾਂ ਦੇ ਲਾਭਕਾਰੀ ਮੁੱਲ ਨਾ ਮਿਲਣ ਕਾਰਨ 80% ਤੋਂ ਵੱਧ ਕਿਸਾਨ ਤੇ ਖੇਤ ਮਜ਼ਦੂਰ ਭਾਰੀ ਕਰਜ਼ਾ-ਜਾਲ਼ ਵਿੱਚ ਫਸ ਚੁੱਕੇ ਹਨ ਅਤੇ ਖੁਦਕੁਸ਼ੀਆਂ ਕਰਨ ਲਈ ਤੇ ਇਸ ਕਰਜ਼ਾ ਜਾਲ਼ ਵਿੱਚੋਂ ਕੱਢਣ ਲਈ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਹਰ ਕਿਸਮ ਦਾ ਕਰਜ਼ਾ ਖਤਮ ਕਰਵਾਉਣ ਲਈ ਗਰੰਟੀ ਕਾਨੂੰਨ ਬਣਾਉਣ ਲਈ।ਕਿਸਾਨ ਅੰਦੋਲਨ ਦੌਰਾਨ ਕਈ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚ ਜਿਹੜੇ ਪੁਲਸ ਵੱਲੋਂ ਕਿਸਾਨਾਂ ਤੇ ਖੇਤ ਮਜ਼ਦੂਰਾਂ ਸਿਰ ਪਰਾਲੀ ਸਾੜਨ ਦੇ ਮੜ੍ਹੇ ਕੇਸ ਰੱਦ ਕਰਵਾਉਣ ਲਈ।ਲੋਕ ਵਿਰੋਧੀ ਬਿਜਲੀ ਬਿੱਲ 2022 ਵਾਪਸ ਲਿਆ ਕਰਵਾਉਣ ਲਈ।ਫ਼ਸਲੀ ਰੋਗਾਂ, ਸੋਕਾ, ਹੜ੍ਹ, ਨਕਲੀ ਕੀਟਨਾਸ਼ਕਾਂ ਨਦੀਨਨਾਸ਼ਕਾਂ ਆਦਿ ਕਾਰਨ ਹੋਣ ਵਾਲੇ ਫ਼ਸਲੀ ਨੁਕਸਾਨ ਦੀ ਭਰਪਾਈ ਲਈ ਲਾਜ਼ਮੀ ਫ਼ਸਲ ਬੀਮਾ ਸੁਨਿਸ਼ਚਿਤ ਕਰਵਾਉਣ ਲਈ ਤੇ ਸ਼ੰਭੂ ਤੇ ਖਨੌਰੀ ਬਾਰਡਰਾਂ 'ਤੇ ਲਗਾਤਾਰ ਸੰਘਰਸ਼ਸ਼ੀਲ ਕਿਸਾਨ ਜਥੇਬੰਦੀਆਂ ਨਾਲ਼ ਫੌਰੀ ਗੱਲਬਾਤ ਰਾਹੀਂ ਮਸਲੇ ਹੱਲ ਕਰਕੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਬਚਾਈ ਜਾਵੇ ਉਪਰੋਕਤ ਮੰਗਾਂ ਸਬੰਧੀ 30 ਦਸੰਬਰ ਨੂੰ ਖਨੌਰੀ ਤੇ ਸ਼ੰਭੂ ਬਾਰਡਰਾਂ ਤੇ ਲੜ ਰਹੇ ਫੋਰਮਾ ਪੰਜਾਬ ਬੰਦ ਦੇ ਸੱਦੇ ਨਾਲ ਤਾਲਮੇਲ ਕਰਦਿਆਂ ਬੀਕੇਯੂ ਏਕਤਾ ਉਗਰਾਹਾਂ ਵੱਲੋਂ ਸਾਰੇ ਪੰਜਾਬ ਅੰਦਰ ਬਲਾਕ ਪੱਧਰੇ ਇਕੱਠ ਕਰਕੇ ਅਰਥੀਆਂ ਸਾੜੀਆਂ ਗਈਆਂ, 4 ਜਨਵਰੀ ਨੂੰ ਪੰਜਾਬ ਦੀਆਂ ਅਤੇ ਹਰਿਆਣਾ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਟੋਹਾਣੇ ਹਰਿਆਣਾ ਵਿਖੇ ਵੱਡਾ ਇਕੱਠ ਕੀਤਾ ਜਾਵੇਗਾ।

9 ਜਨਵਰੀ ਨੂੰ ਸੰਯੁਕਤ ਕਿਸਾਨ ਮੋਰਚੇ ਵੱਲੋਂ ਮੋਗਾ ਵਿਖੇ ਭਾਰੀ ਇਕੱਠ ਕਰਕੇ ਖੇਤੀ ਮੰਡੀਕਰਨ ਨੀਤੀ ਖਰੜੇ ਤੇ ਹੋਰ ਕਿਸਾਨੀ ਭਖਦੀਆਂ ਮੰਗਾਂ ਸਬੰਧੀ ਜਾਗ੍ਰਿ ਕੀਤਾ ਜਾਵੇਗਾ।ਇਸ ਮੌਕੇ ਤਰਸੇਮ ਸਿੰਘ ਕੁਹਾੜਕਾ, ਸਰਬਜੀਤ ਸਿੰਘ ਨੱਥੂਚੱਕ, ਮੁਖਤਿਆਰ ਸਿੰਘ ਨੱਥੂਚੱਕ, ਹਰਜਿੰਦਰ ਸਿੰਘ ਜੰਡੋਰ, ਨਿਸ਼ਾਨ ਸਿੰਘ ਮੁਗ਼ਲਚੱਕ, ਹਰਵਿੰਦਰ ਸਿੰਘ ਨੱਥੂਚੱਕ, ਸੁਖਚੈਨ ਸਿੰਘ, ਸਾਹਿਬ ਸਿੰਘ, ਅਮਰੀਕ ਸਿੰਘ ਜੰਡੋਰ, ਹਰਜਿੰਦਰ ਸਿੰਘ ਜੰਡੋਰ, ਕੁਲਵੰਤ ਸਿੰਘ ਲੋਹਕਾ, ਚਾਨਣ ਸਿੰਘ ਲੋਹਕਾ, ਹਰਦੀਪ ਸਿੰਘ ਕੁਹਾੜਕਾ ਅਤੇ ਨੌਸ਼ਹਿਰਾ ਪਨੂੰਆਂ ਬਲਾਕ ਦੇ 9 ਪਿੰਡਾਂ ਦੇ ਪ੍ਰਧਾਨ ਤੇ ਸਕੱਤਰ ਸ਼ਾਮਲ ਸਨ।

ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਪੰਜਾਬ ਬੰਦ ਨੂੰ ਮਿਲਿਆ ਪੂਰਨ ਸਮਰਥਨ

ਵਲਟੋਹਾ (ਰਣਜੀਤ ਸਿੰਘ ਵਲਟੋਹਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਅਤੇ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਡੱਲੇਵਾਲ ਵੱਲੋਂ ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਅੱਜ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਸੀ। ਪੰਜਾਬ ਬੰਦ ਦੇ ਸੱਦੇ ਨੂੰ ਲੋਕਾਂ ਨੇ ਪੂਰਨ ਸਮਰਥਨ ਦਿੱਤਾ। ਅਲਗੋਂ ਕੋਠੀ, ਭਿੱਖੀਵਿੰਡ, ਅਮਰਕੋਟ, ਰਾਜੋ ਕੇ, ਲਾਖਨਾ, ਮਹਿਮੂਦਪੁਰ, ਵਲਟੋਹਾ, ਬਹਾਦਰ ਨਗਰ, ਜੋਧ ਸਿੰਘ ਵਾਲਾ ਆਦਿ 'ਚ ਸਭ ਦੁਕਾਨਾਂ ਬੰਦ ਰਹੀਆਂ।ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਬੜ੍ਹਾਵਾ ਦੇ ਰਹੀ ਹੈ।ਕਿਸਾਨਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀ।ਕਿਸਾਨਾਂ ਦੀਆਂ ਮੁੱਖ ਮੰਗਾਂ ਐੱਮਐੱਸਪੀ ਗਰੰਟੀ ਕਾਨੂੰਨ, ਕਿਸਾਨਾਂ ਦਾ ਕਰਜ਼ਾ ਮੁਆਫ ਕਰਨਾ, ਨੂੰ ਮੰਨਵਾਉਣ ਅਤੇ ਤਿੰਨ ਕਾਲੇ ਖੇਤੀ ਕਾਨੂੰਨ ਜਿਹੜੇ ਮੋਦੀ ਸਰਕਾਰ ਨੇ ਵਾਪਸ ਲਏ ਸਨ, ਨੂੰ ਮੁੜ ਲਾਗੂ ਕਰਵਾਉਣ ਲਈ ਜਿਹੜਾ ਮੋਦੀ ਸਰਕਾਰ ਨੇ ਪੰਜਾਬ ਸਰਕਾਰ ਨੂੰ ਖਰੜਾ ਤਿਆਰ ਕਰਕੇ ਭੇਜਿਆ, ਉਸ ਨੂੰ ਵਾਪਸ ਕਰਵਾਉਣ ਲਈ ਪੰਜਾਬ ਬੰਦ ਦਾ ਸਦਾ ਦਿੱਤਾ ਗਿਆ ਸੀ।ਪੰਜਾਬ ਸਰਕਾਰ ਵੀ ਭਾਜਪਾ ਨਾਲ ਰਲ ਕੇ ਕਿਸਾਨਾਂ ਖਿਲਾਫ ਧੱਕਾ ਕਰ ਰਹੀ ਹੈ।

ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਨੇ ਰੇਲ ਤੇ ਰੋਡ ਆਵਾਜਾਈ ਕੀਤੀ ਬੰਦ: ਕਿਸਾਨ ਆਗੂ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਅਤੇ ਦੂਸਰੇ ਫੋਰਮ ਦੇ ਸੱਦੇ ਤੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਵੱਲੋਂ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਵੱਖ-ਵੱਖ ਥਾਵਾਂ 'ਤੇ ਟਰੈਕਟਰ ਮਾਰਚ ਕਰਕੇ ਰੇਲ ਪਟੜੀਆਂ ਅਤੇ ਸੜਕੀ ਆਵਾਜਾਈ ਬੰਦ ਕੀਤੀ।

ਇਸ ਮੌਕੇ ਜਥੇਬੰਦੀ ਸੂਬਾ ਆਗੂ ਦਵਿੰਦਰ ਸਿੰਘ ਚਾਟੀਵਿੰਡ, ਕਾਰਜ ਸਿੰਘ ਰਾਮਪੁਰਾ, ਰੁਪਿੰਦਰਜੀਤ ਸਿੰਘ ਸੁਲਤਾਨਵਿੰਡ ਨੇ ਕਿਹਾ ਕਿ ਕਿਸਾਨਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਅੱਜ ਜਗਜੀਤ ਸਿੰਘ ਡੱਲੇਵਾਲ ਦਾ ਮਰਨ ਵਰਤ 34ਵੇਂ ਦਿਨ ਵਿੱਚ ਪਹੁੰਚ ਚੁੱਕਾ ਹੈ ਜਿਸ ਨੂੰ ਲੈ ਕੇ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਸੀ ਜਿਸ ਨੂੰ ਲੈ ਕੇ ਹਰੇਕ ਵਰਗ ਨੇ ਸਾਥ ਦੇ ਕੇ ਅੱਜ ਪੰਜਾਬ ਬੰਦ ਵਿੱਚ ਆਪਣਾ ਬਣਦਾ ਯੋਗਦਾਨ ਪਾਇਆ। ਕਿਸਾਨਾਂ ਬੋਲਦਿਆਂ ਕਿਹਾ ਕੀ ਭਾਰਤ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਦਾ ਹੱਥ ਠੋਕਾ ਬਣ ਕੇ ਰਹਿ ਗਈ। ਕਿਸਾਨਾਂ ਬੋਲਦਿਆਂ ਕਿਹਾ ਕਿ ਦੇਸ਼ ਨੂੰ ਆਜ਼ਾਦ ਕਰਾਉਣ ਸਮੇਂ ਵੱਡੀਆਂ ਕੁਰਬਾਨੀਆਂ ਦੇਣ, ਦੇਸ਼ ਨੂੰ ਭੁੱਖ ਮਰੀ ਵਿੱਚੋਂ ਕੱਢਣ ਦੇਸ਼ ਨੂੰ ਆਤਮ ਨਿਰਭਰ ਬਣਾਉਣ ਵਾਲਾ ਕਿਸਾਨ ਆਪ ਭੁੱਖਾ ਰਹਿ ਕੇ ਦੇਸ਼ ਦੇ ਕਿਸਾਨਾਂ ਦੀ ਲੜਾਈ ਬਾਰਡਰਾਂ ਤੇ ਬਹਿ ਕੇ ਸਰਕਾਰ ਦਾ ਤਸ਼ੱਦਦ ਸਹਿ ਕੇ ਲੜ ਰਿਹਾ। ਇਸ ਮੌਕੇ ਜਥੇਬੰਦੀ ਦੇ ਸੂਬਾ ਕਮੇਟੀ ਮੈਂਬਰ ਗੁਰਭੇਜ ਸਿੰਘ ਸੋਨੂ ਮਾਹਲ ਸੁਲਤਾਨਵਿੰਡ, ਸੰਤੋਖ ਸਿੰਘ ਚਾਟੀਵਿੰਡ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਸਮੇਂ ਬਣੇ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਹੋ ਜਾਂਦੀ ਤਾਂ ਅੱਜ ਕਿਸਾਨਾਂ ਨੇ ਸੜਕਾਂ ਤੇ ਨਹੀਂ ਸੀ ਆਉਣਾ। ਹੁਣ 4 ਜਨਵਰੀ ਨੂੰ ਖਨੌਰੀ ਵਿਖੇ ਵੱਡੇ ਇਕੱਠ ਕੀਤੇ ਜਾਣਗੇ ਜਿਸ ਵਿੱਚ ਲੱਖਾਂ ਕਿਸਾਨ ਮਜ਼ਦੂਰ ਪਹੁੰਚਣਗੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਸੰਦੀਪ ਸਿੰਘ ਮਿੱਠਾ, ਸਰਬਜੀਤ ਸਿੰਘ ਰਾਮਪੁਰਾ, ਸੁਖਦੇਵ ਸਿੰਘ ਬੁਤ, ਹਰਪਾਲ ਸਿੰਘ ਝੀਤੇ, ਸੰਤੋਖ ਸਿੰਘ, ਅੰਗਰੇਜ਼ ਸਿੰਘ ਚਾਟੀਵਿੰਡ, ਮਿਲਖਾ ਸਿੰਘ, ਰੁਪਿੰਦਰਜੀਤ ਸਿੰਘ ਸੁਲਤਾਨਵਿੰਡ, ਡਾਕਟਰ ਸੁਖਮੀਤ ਸਿੰਘ ਭਿੰਡਰ, ਰਾਜਪਾਲ ਸਿੰਘ ਸੁਲਤਾਨਵਿੰਡ, ਮੇਜਰ ਸਿੰਘ ਰਾਮਪੁਰਾ, ਗੁਰਜੰਟ ਸਿੰਘ ਪੰਡੋਰੀ, ਬਖਸ਼ੀਸ਼ ਸਿੰਘ, ਗੁਰਜੰਟ ਸਿੰਘ ਚੱਬਾ, ਗੁਰਪ੍ਰੀਤ ਸਿੰਘ ਪੰਡੋਰੀ, ਸਤਨਾਮ ਸਿੰਘ ਜੰਡਿਆਲਾ, ਚਮਕੌਰ ਸਿੰਘ ਚੱਬਾ, ਪ੍ਰਗਟ ਸਿੰਘ, ਹਰਕਵਲ ਸਿੰਘ ਫੌਜੀ, ਮਨਜੀਤ ਕੌਰ ਰਾਮਪੁਰਾ, ਗੁਰਮੀਤ ਕੌਰ, ਹਰਜਿੰਦਰ ਕੌਰ ਹਾਜ਼ਰ ਸਨ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜਨਮ ਦਿਹਾੜੇ ਸੰਬੰਧੀ ਨਗਰ ਕੀਰਤਨ 4 ਨੂੰ ਸਜਾਇਆ ਜਾਵੇਗਾ: ਗੋਸਲ਼

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਕਸਬਾ ਡੇਰਾ ਬਾਬਾ ਨਾਨਕ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਮੌਕੇ ਨਗਰ ਕੀਰਤਨ 4 ਜਨਵਰੀ ਅਤੇ ਬਾਬਾ ਬੰਦਾ ਸਿੰਘ ਬਹਾਦਰ ਕਲਾਨੌਰ ਵਿਖੇ 5 ਜਨਵਰੀ ਨੂੰ ਸਜਾਇਆਂ ਜਾਵੇਗਾ ।ਇਸ ਸੰਬੰਧੀ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਮੈਨੇਜਰ ਭਾਈ ਸਤਨਾਮ ਸਿੰਘ ਗੋਸਲ਼ ਨੇ ਦੱਸਿਆ ਕਿ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਦੇ ਪ੍ਰਕਾਸ਼ ਪੁਰਬ ਸੰਬੰਧੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵੱਲੋਂ ਨਗਰ ਕੀਰਤਨ 4 ਜਨਵਰੀ ਅਤੇ ਗੁਰਦੁਆਰਾ ਬਾਬਾ ਬੰਦਾ ਸਿੰਘ ਜੀ ਬਹਾਦਰ ਕਲਾਨੌਰ ਵਿਖੇ ਨਗਰ ਕੀਰਤਨ 5 ਜਨਵਰੀ ਨੂੰ ਸਜਾਇਆ ਜਾਵੇਗਾ ।ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਡੇਰਾ ਬਾਬਾ ਨਾਨਕ ਵੱਲੋਂ ਸੰਗਤਾਂ ਦੀ ਆਮਦ ਨੂੰ ਦੇਖਦਿਆਂ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਸੰਗਤ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅਲੱਗ ਅਲੱਗ ਸੇਵਾਦਾਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ।ਉਨ੍ਹਾਂ ਦੱਸਿਆਂ ਕਿ ਇਹ ਨਗਰ ਕੀਰਤਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤੋ ਚੱਲ ਕੇ ਕਸਬੇ ਦੀ ਪਰਿਕਰਮਾ ਕਰਦਾ ਹੋਇਆਂ ਵਾਪਸ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਵਿਖੇ ਸੰਪੰਨ ਹੋਵੇਗਾ ਜਿਸ ਦੌਰਾਨ ਰਾਗੀ ਢਾਡੀ ਜਥੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ।ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਨਗਰ ਕੀਰਤਨ ਵਿੱਚ ਹੁੰਮ-ਹੁੰਮਾ ਕੇ ਪਹੁੰਚਣ ਤੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ।ਇਸ ਮੌਕੇ ਮੀਤ ਮੈਨੇਜਰ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਰਮਦਾਸ ਅਮਨਦੀਪ ਸਿੰਘ, ਸਿਟੀ ਪ੍ਰਧਾਨ ਧਰਮਪਾਲ ਸਿੰਘ, ਮਨਜੀਤ ਸਿੰਘ ਅਕਾਊਂਟੈਂਟ, ਸੁਖਵਿੰਦਰ ਸਿੰਘ ਕਲਾਨੌਰ, ਜਗਦੀਪ ਸਿੰਘ ਸ਼ਿਕਾਰ ਮਾਛੀਆਂ, ਹਰਜਿੰਦਰ ਸਿੰਘ ਲਾਲੇ ਨੰਗਲ, ਹਰਵੰਤ ਸਿੰਘ, ਮਲਕੀਤ ਸਿੰਘ ਮਹਿਮੇ ਚੱਕ, ਜਗਦੀਪ ਸਿੰਘ, ਹਰਜੀਤ ਸਿੰਘ ਧਾਰੋਵਾਲੀ, ਕੁਲਵੰਤ ਸਿੰਘ ਸ਼ਿਕਾਰ, ਪਲਵਿੰਦਰ ਸਿੰਘ ਮਸ਼ਰਾਲਾ, ਭੁਪਿੰਦਰ ਸਿੰਘ ਸ਼ਾਹਪੁਰ, ਸੁਖਰਾਜ ਸਿੰਘ ਤਲਵੰਡੀ ਰਾਮਾ, ਰਾਗੀ ਭਾਈ ਮਨਜਿੰਦਰ ਸਿੰਘ, ਰਾਗੀ ਭਾਈ ਜਸਵਿੰਦਰ ਸਿੰਘ, ਗੁਰਮੀਤ ਸਿੰਘ, ਸੁਖਦੀਪ ਸਿੰਘ, ਪਰਮਜੀਤ ਸਿੰਘ, ਸੁਖਵਿੰਦਰ ਸਿੰਘ ਦਾਦੂਯੋਧ, ਸੁਖਦੇਵ ਸਿੰਘ ਅਗਵਾਨ, ਸਤਨਾਮ ਸਿੰਘ, ਆਸ਼ਿਸ਼ ਸਿੰਘ ਮਾਲੀ, ਬਲਵੰਤ ਸਿੰਘ ਕਥਾਵਾਚਕ, ਹੈੱਡ ਗ੍ਰੰਥੀ ਨਛੱਤਰ ਸਿੰਘ, ਨਿਰਮਲ ਸਿੰਘ ਭੰਗਵਾਂ, ਗੁਰਬਾਜ ਸਿੰਘ, ਬੀਬੀ ਸਤਿੰਦਰ ਕੌਰ, ਕਵਲਜੀਤ ਕੌਰ, ਸਰਬਜੀਤ ਕੌਰ, ਨਿਰਮਲਜੀਤ ਕੌਰ ਅਤੇ ਸਿਮਰਨਜੀਤ ਕੌਰ ਆਦਿ ਸੰਗਤਾਂ ਹਾਜ਼ਰ ਸਨ ।

ਬੰਦ ਨੂੰ ਲੋਕਾਂ ਦਾ ਮਿਲਿਆ ਭਰਪੂਰ ਹੁੰਗਾਰਾ ; ਚੀਮਾ

ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)- ਸੰਯੁਕਤ ਕਿਸਾਨ ਮੋਰਚਾ ਤੇ ਕਿਸਾਨ ਗੈਰ-ਰਾਜਨੀਤਕ ਮੋਰਚੇ ਦੇ ਸਾਂਝੇ ਫੋਰਮਾਂ ਵੱਲੋਂ ਪੰਜਾਬ ਬੰਦ ਦਾ ਸੱਦਾ ਦਿੱਤਾ ਗਿਆ ਜਿਸ ਵਿਚ ਕਿਸਾਨ ਜਥੇਬੰਦੀਆ ਪਟਵਾਰ ਯੂਨੀਅਨ, ਰੋਡਵੇਜ਼ ਯੂਨੀਅਨ, ਵੇਰਕਾ ਯੂਨੀਅਨ, ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਨੇ ਭਰਵਾਂ ਸਹਿਯੋਗ ਦਿੱਤਾ ਜਿਸ ਵਿਚ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਵੱਲੋਂ ਭੁੱਖ-ਹੜਤਾਲ 35ਵੇਂ ਦਿਨ ਵਿੱਚ ਚਲ ਰਹੀ ਹੈ। ਉਸਦਾ ਅਸਰ ਕੇਂਦਰ ਸਰਕਾਰ ਤੱਕ ਪਹੁੰਚਾਉਣ ਲਈ ਸਾਰੇ ਪੰਜਾਬ ਨੂੰ ਬੰਦ ਕੀਤਾ ਗਿਆ।

ਜ਼ਿਲ੍ਹਾ ਤਰਨ ਤਾਰਨ ਦੀ ਕਿਸਾਨ ਸੰਘਰਸ਼ ਕਮੇਟੀ ਵੱਲੋਂ ਬਠਿੰਡਾ ਹਰੀਕੇ ਨੈਸ਼ਨਲ ਹਾਈਵੇ 54 ਨੰਬਰ ਨੂੰ ਬੰਦ ਕੀਤਾ ਗਿਆ ਜਿਸ ਵਿਚ ਜ਼ਿਲ੍ਹਾ ਤਰਨ ਤਾਰਨ ਦੀ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਨੇ ਵਧ-ਚੜ੍ਹ ਕੇ ਸਹਿਯੋਗ ਕੀਤਾ। ਇਸ ਸਮੇਂ ਸਟੇਜ ਤੋਂ ਬੋਲਦੇ ਹੋਏ ਡਾ. ਨਛੱਤਰ ਸਿੰਘ ਚੀਮਾ ਅਤੇ ਡਾਕਟਰ ਸੁਖਚੈਨ ਸਿੰਘ ਬੋਪਾਰਾਏ ਨੇ ਕਿਹਾ ਕਿ ਇਹ ਤਾਨਾਸ਼ਾਹ ਕੇਂਦਰ ਸਰਕਾਰ ਵੱਲੋਂ ਕੀਤੇ ਹੋਏ ਵਾਅਦੇ ਤੋਂ ਮੁੱਕਰ ਕੇ ਕਿਸਾਨਾਂ ਨੂੰ ਫਿਰ ਤੋਂ ਧਰਨੇ ਮੁਜ਼ਾਹਰਿਆਂ ਲਈ ਮਜਬੂਰ ਕੀਤਾ ਗਿਆ ਜਿਸ ਕਰਕੇ ਆਪਣੀਆਂ ਜਾਇਜ਼ ਮੰਗਾਂ ਮਨਵਾਉਣ ਲਈ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਭੁੱਖ ਹੜਤਾਲ ਕਰ ਰਹੇ ਹਨ। ਇਹ ਭੁੱਖ ਹੜਤਾਲ ਹਰੇਕ ਵਰਗ ਦੇ ਹਿੱਤਾਂ ਲਈ ਹੈ ਕਿਉਂਕਿ ਕੇਂਦਰ ਸਰਕਾਰ ਆਮ ਲੋਕਾਂ ਨੂੰ ਵੱਡੇ ਘਰਾਣਿਆਂ ਦੇ ਗੁਲਾਮ ਬਣਾਉਣ ਲਈ ਹਰ ਦਿਨ ਕਾਨੂੰਨ ਪਾਸ ਕਰ ਰਹੀ ਹੈ। ਇਸ ਸਮੇਂ ਬ

31-Dec-PAG-12.qxd 12/30/2024 10:37 PM Page 1

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਪੰਜਾਬ ਬੰਦ ਨੂੰ ਮਿਲਿਆ ਭਰਵਾਂ ਹੁੰਗਾਰਾ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)—ਕੇਂਦਰ ਦੀ ਭਾਜਪਾ ਅਤੇ ਸੂਬਾਈ ਸਰਕਾਰਾਂ ਵੱਲੋਂ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਮੰਨਣ ਵਿੱਚ ਲੰਮਾ ਸਮਾਂ ਲਟਕਾਈ ਰੱਖਣ ਦੇ ਵਿਰੋਧ ਵਿੱਚ ਅਤੇ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਸਮਰਥਨ ਵਿੱਚ ਸੰਯੁਕਤ ਕਿਸਾਨ ਮੋਰਚਾ ਵੱਲੋਂ ਦਿੱਤੇ ਗਏ ਪੰਜਾਬ ਬੰਦ ਦੇ ਸੱਦੇ ਨੂੰ ਸੋਮਵਾਰ ਨੂੰ ਹੁਸ਼ਿਆਰਪੁਰ ਸ਼ਹਿਰ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਭਰਵਾਂ ਹੁੰਗਾਰਾ ਮਿਲਿਆ। ਜਿਸ ਦੌਰਾਨ ਸਾਰੇ ਕਾਰੋਬਾਰੀ ਅਦਾਰੇ, ਦੁਕਾਨਾਂ, ਪੈਟਰੋਲ ਪੰਪ, ਵਪਾਰਕ ਅਤੇ ਵਿਦਿਅਕ ਸੰਸਥਾਨ ਬੰਦ ਰਹੇ। ਇਸ ਦੇ ਨਾਲ ਹੀ ਸਰਕਾਰੀ ਅਤੇ ਨਿਜੀ ਟਰਾਂਸਪੋਰਟ ਸੇਵਾਵਾਂ ਵੀ ਬੰਦ ਰਹੀਆਂ। ਪੰਜਾਬ ਬੰਦ ਦੌਰਾਨ ਆਮ ਲੋਕਾਂ ਨੇ ਸਵੈਇਛਾ ਦੇ ਨਾਲ ਦੁਕਾਨਾਂ ਬੰਦ ਰੱਖੀਆਂ ਪ੍ਰੰਤੂ ਕਾਰਪੋਰੇਟ ਅਦਾਰੇ, ਇੰਸੂਰੈਂਸ ਕੰਪਨੀਆਂ, ਬੈਂਕਾਂ ਨੇ ਆਪਣੇ ਦਫਤਰ ਖੁੱਲੇ ਰੱਖੇ ਜਿੰਨ੍ਹਾਂ ਨੂੰ ਹੜਤਾਲੀ ਨੌਜਵਾਨਾਂ ਨੇ ਸ਼ਾਂਤਮਈ ਢੰਗ ਨਾਲ ਬੰਦ ਕਰਵਾ ਦਿੱਤਾ। ਬੰਦ ਦੌਰਾਨ ਜਨਨੈਲੀ ਅਤੇ ਲਿੰਕ ਸੜਕਾਂ ਤੇ ਵੀ ਟਾਵਾਂ ਟਾਵਾਂ ਵਾਹਨਾਂ ਦੀ ਆਵਾਜਾਈ ਦੇਖੀ ਗਈ। ਹੁਸ਼ਿਆਰਪੁਰ ਸ਼ਹਿਰ ਦੇ ਫਗਵਾੜਾ ਰੋਡ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਚੌਂਕ, ਪੁਰਹੀਰਾਂ ਬਾਈਪਾਸ ਤੇ ਕਿਰਤੀ ਕਿਸਾਨ ਯੂਨੀਅਨ ਅਤੇ ਆਜ਼ਾਦ ਕਿਸਾਨ ਕਮੇਟੀ ਦੁਆਬਾ ਦੇ ਆਗੂਆਂ ਨੇ ਟੈਂਟ ਲਗਾ ਕੇ ਸਵੇਰ ਤੋਂ ਹੀ ਧਰਨਾ ਸ਼ੁਰੂ ਕਰ ਦਿੱਤਾ ਤੇ ਆਵਾਜਾਈ ਬੰਦ ਕਰ ਦਿੱਤੀ। ਇਸ ਤੋਂ ਇਲਾਵਾ ਸਿੰਗੜੀਵਾਲਾ ਬਾਈਪਾਸ ਜਲੰਧਰ ਰੋਡ ਅਤੇ ਹੁਸ਼ਿਆਰਪੁਰ ਧਰਮਸ਼ਾਲਾ ਮਾਰਗ 'ਤੇ ਸ਼ਹੀਦ ਬਾਬਾ ਦੀਪ ਸਿੰਘ ਜੀ ਚੌਂਕ ਨਲੋਈਆਂ ਅਤੇ ਮੁਲਾਜ਼ਮ, ਮਜ਼ਦੂਰ ਤੇ ਕਿਰਤੀ ਕਿਸਾਨ ਜਥੇਬੰਦੀਆਂ ਨੇ ਆਵਾਜਾਈ ਜਾਮ ਕਰਦਿਆਂ ਧਰਨਾ ਲਾਇਆ। ਇਹਨਾਂ ਧਰਨਿਆਂ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕੇਂਦਰੀ ਹੁਕਮਰਾਨ ਮੋਦੀ ਸਰਕਾਰ ਤੇ ਦੋਸ਼ ਲਾਇਆ ਕਿ ਇਸ ਸਰਕਾਰ ਦੇ ਲਗਭਗ 10 ਸਾਲ ਦੇ ਰਾਜ ਭਾਗ ਦੌਰਾਨ ਆਮ ਲੋਕਾਂ, ਮੁਲਾਜ਼ਮਾਂ, ਮਜ਼ਦੂਰਾਂ, ਕਿਰਤੀ ਲੋਕਾਂ ਦੀ ਲੁੱਟ ਕਰਨ ਵਾਲੀਆਂ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ, ਕਾਰਪੋਰੇਟ ਘਰਾਣਿਆਂ ਨੂੰ ਖੁਸ਼ ਕਰਨ ਲਈ ਹਜ਼ਾਰਾਂ ਕਰੋੜ ਦੇ ਕਰਜ਼ੇ ਮਾਫ ਕੀਤੇ ਗਏ ਹਨ ਤੇ ਪਬਲਿਕ ਸੈਕਟਰ ਨੂੰ ਤਬਾਹ ਕਰਨ ਤੇ ਸਰਕਾਰੀ ਸੰਪਤੀਆਂ ਵੇਚ ਕੇ ਨਿੱਜੀਕਰਨ ਦੀਆਂ ਨੀਤੀਆਂ ਨੂੰ ਉਤਸਾਹਿਤ ਕਰਨ ਲਈ ਬਹੁਤ ਤੇਜ਼ੀ ਨਾਲ ਕਦਮ ਪੁੱਟੇ ਗਏ ਹਨ, ਕਾਰਪੋਰੇਟ ਘਰਾਣਿਆਂ ਦੇ ਦਬਾਅ ਹੇਠ ਸਾਰੀਆਂ ਫਸਲਾਂ 'ਤੇ ਐਮ ਐਸ ਪੀ ਦੇਣ ਅਤੇ ਸਵਾਮੀ ਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਨ ਤੋਂ ਮੋਦੀ ਸਰਕਾਰ ਪੂਰੀ ਤਰਾਂ ਇਨਕਾਰੀ ਹੋਈ ਬੈਠੀ ਹੈ ਤੇ ਮੋਦੀ ਸਰਕਾਰ ਗੱਲੀ ਬਾਤੀ ਮਸਲੇ ਨੂੰ ਹੋਰ ਲਮਕਾ ਰਹੀ ਹੈ, ਕਿਸਾਨੀ ਅੰਦੋਲਨ ਨੂੰ ਦਬਾਉਣ ਲਈ ਗੈਰ ਲੋਕਤੰਤਰੀ ਢੰਗ ਤਰੀਕੇ ਵਰਤੇ ਜਾ ਰਹੇ ਹਨ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਤੋਂ ਪੂਰੀ ਤਰ੍ਹਾਂ ਟਾਲਾ ਵੱਟਮ ਕੇ ਰੱਖਿਆ ਹੋਇਆ ਹੈ, ਆਸ਼ਾ ਵਰਕਰਾਂ, ਮਿਡ ਡੇਅ ਮੀਲ ਵਰਕਰਾਂ, ਆਂਗਨਵਾੜੀ ਵਰਕਰਾਂ, ਠੇਕੇਦਾਰੀ ਪ੍ਰਣਾਲੀ ਅਤੇ ਆਊਟ ਸੋਰਸ ਅਧੀਨ ਮੁਲਾਜ਼ਮਾਂ ਦੀ ਭਰਤੀ ਕਰਕੇ ਵੱਡੇ ਪੱਧਰ ਤੇ ਆਰਥਿਕ ਸ਼ੋਸ਼ਣ ਕੀਤਾ ਗਿਆ ਹੈ, ਅੱਠਵੇਂ ਵੇਤਨ ਅਯੋਗ ਦੀ ਸਥਾਪਨਾ ਨਹੀਂ ਕੀਤੀ ਜਾ ਰਹੀ, ਇਸ ਤੋਂ ਇਲਾਵਾ ਇਹ ਹੜਤਾਲ ਰੈਗੂਲਰ ਨਿਯੁਕਤੀਆਂ ਪੂਰੇ ਗਰੇਡਾਂ ਵਿੱਚ ਚਾਲੂ ਕਰਵਾਉ, ਹਿੱਟ ਐਂਡ ਰਨ-ਕਾਲਾ ਕਾਨੂੰਨ ਰੱਦ ਕਰਵਾਉਣ, ਕਿਰਤ ਕਾਨੂੰਨਾਂ ਵਿੱਚ ਕੀਤੀਆਂ ਲੋਕ ਵਿਰੋਧੀ ਸੋਧਾਂ ਤੁਰੰਤ ਰੱਦ ਕਰਵਾਉਣ ਅਤੇ ਟਰੇਡ ਯੂਨੀਅਨ ਅਧਿਕਾਰਾਂ ਨੂੰ ਬਹਾਲ ਕਰਵਾਉਣ ਆਦਿ ਮੁੱਦਿਆਂ ਨੂੰ ਲੈ ਕੇ ਇਹ ਪੰਜਾਬ ਬੰਦ ਦੀ ਕਾਲ ਦਿੱਤੀ ਗਈ ਹੈ। ਵੱਖ ਵੱਖ ਬੁਲਾਰਿਆਂ ਨੇ ਇਸ ਭਾਰਤ ਬੰਦ ਨੂੰ ਸਫਲ ਬਣਾਉਣ ਲਈ ਸਮੂਹ ਲੋਕਾਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਹ ਭਾਰਤ ਬੰਦ ਕਾਰਪਰੇਟ ਘਰਾਣਿਆਂ ਦੀ ਕਠਪੁਤਲੀ ਬਣੀ ਮੋਦੀ ਸਰਕਾਰ ਦੇ ਕਫ਼ਨ ਵਿੱਚ ਆਖਰੀ ਕਿੱਲ ਸਾਬਿਤ ਹੋਵੇਗਾ। ਇਹਨਾਂ ਵੱਖ-ਵੱਖ ਧਰਨਿਆਂ ਵਿੱਚ ਹਰਬੰਸ ਸਿੰਘ ਸੰਘਾ, ਗੁਰਨਾਮ ਸਿੰਘ ਸਿੰਗੜੀਵਾਲਾ, ਮਨਜੀਤ ਸਿੰਘ ਰਾਏ, ਸਰਪੰਚ ਚਰਨ ਵਰਿੰਦਰ ਸਿੰਘ ਸਿੰਗੜੀਵਾਲਾ, ਜਗਤਾਰ ਸਿੰਘ ਭਿੰਡਰ, ਸੁਖਪਾਲ ਸਿੰਘ ਕਾਹਰੀ, ਮੰਗਲ ਸਿੰਘ ਹੁਸ਼ਿਆਰਪੁਰ, ਸਤਨਾਮ ਸਿੰਘ ਗਿੱਲ, ਸੁਖਦੇਵ ਸਿੰਘ ਕਾਹਰੀ, ਬਲਜੀਤ ਸਿੰਘ ਬੱਡੋ, ਰਾਜੂ ਭਾਮ ਸਮੇਤ ਵੱਖ-ਵੱਖ ਕਿਸਾਨ, ਮੁਲਾਜ਼ਮ, ਕਿਰਤੀ ਅਤੇ ਮਜ਼ਦੂਰ ਯੂਨੀਅਨ ਦੇ ਨੁਮਾਇੰਦੇ ਸ਼ਾਮਿਲ ਹੋਏ।

ਸੀ ਪੀ ਆਈ (ਐੱਮ) ਤੇ ਸੀ ਪੀ ਆਈ ਨੇ ਅਮਿਤ ਸ਼ਾਹ ਦਾ ਪੁਤਲਾ ਫੂਕਿਆ

ਫਿਲੌਰ (ਹਰਜਿੰਦਰ ਕੌਰ ਚਾਹਲ)—ਪੰਜ ਖੱਬੇ ਪੱਖੀ ਪਾਰਟੀਆਂ ਸੀਪੀਆਈ (ਐਮ),ਸੀਪੀਆਈ, ਸੀਪੀਆਈ (ਐਮ ਐਲ) ਲਿਬਰੇਸ਼ਨ ,ਆਰ ਐਸ ਪੀ ਅਤੇ ਫਾਰਵਰਡ ਬਲਾਕ ਦੇ ਸੱਦੇ ਉੱਤੇ ਫਿਲੌਰ ਸ਼ਹਿਰ ਵਿਖੇ,ਸੰਸਦ ਦੇ ਸੈਸ਼ਨ ਦੌਰਾਨ ਕੇਂਦਰ ਸਰਕਾਰ ਦੇ ਮੰਤਰੀ ਅਮਿਤ ਸ਼ਾਹ ਵੱਲੋਂ ਡਾਕਟਰ ਬੀ ਆਰ ਅੰਬੇਦਕਰ ਵਿਰੁੱਧ ਬੋਲੇ ਅਪਮਾਨਜਨਕ ਸ਼ਬਦਾਂ ਵਿਰੁੱਧ ਰੋਸ ਧਰਨਾ, ਮੁਜਾਹਰਾ ਕਰਕੇ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਪੁਤਲਾ ਫੂਕਿਆ ਗਿਆ। ਸ਼ਹਿਰ ਅੰਦਰ ਧਰਨੇ ਤੇ ਮੁਜਾਹਰੇ ਦੀ ਅਗਵਾਈ ਸੀਪੀਆਈ (ਐਮ) ਅਤੇ ਸੀਪੀ ਆਈ ਦੇ ਆਗੂ ਕਰ ਰਹੇ ਸਨ।ਇਸ ਮੌਕੇ ਕਾਮਰੇਡ ਪੁਰਸ਼ੋਤਮ ਬਿਲਗਾ, ਕਾਮਰੇਡ ਕਮਲਜੀਤ ਫਿਲੌਰ, ਕਾਮਰੇਡ ਸੋਢੀ ਲਾਲ ਉੱਪਲ, ਕਾਮਰੇਡ ਗੁਰਮੇਲ ਗੇਲਾ, ਕਾਮਰੇਡ ਨਿਰਪਾਲ ਉਪਲ, ਕਾਮਰੇਡ ਪਰਮਿੰਦਰ ਫਲਪੋਤਾ, ਕਾਮਰੇਡ ਪਰਵਿੰਦਰ ਕੁਮਾਰ, ਕਾਮਰੇਡ ਤਰਸੇਮ ਨਾਥ ,ਕਾਮਰੇਡ ਰਾਮਪਾਲ ਰਾਮਾ ਫਿਲੌਰ, ਕਾਮਰੇਡ ਸੁਖਬੀਰ ਸਿੰਘ ਢੰਡਾ, ਕਾਮਰੇਡ ਮੇਜਰ ਸਿੰਘ ਸੰਗੋਵਾਲ,ਕਾ ਇੰਦਰਜੀਤ ਜੰਗੀ, ਕਾ ਜਸਵਿੰਦਰ ਸਿੰਘ ਰੰਧਾਵਾ, ਕਾ. ਸਰਬਜੀਤ ਕੌਰ ਜੌਹਲ, ਕਾ. ਨਰੰਜਣ ਕੌਰ, ਕਾ. ਕਾਮਰੇਡ ਇੰਦਰਜੀਤ ਜੰਗੀ,ਕਾਮਰੇਡ ਜਸਵਿੰਦਰ ਰੰਧਾਵਾ,ਕਾਮਰੇਡ ਸਰਬਜੀਤ ਕੌਰ ਜੌਹਲ,ਕਾਮਰੇਡ ਜੋਤੀ ਤਹਿੰਗ,ਕਾਮਰੇਡ ਨਰੰਜਣ ਕੌਰ,ਕਾਮਰੇਡ ਅਮਨਦੀਪ ਆਦਿ ਹਾਜਰ ਸਨ।

ਕਿਰਤੀਆਂ ਦੀ ਭਲਾਈ ਲਈ ਕਈ ਲੋਕ ਪੱਖੀ ਨੀਤੀਆਂ ਲਾਗੂ ਕੀਤੀਆਂ : ਸੌਂਦ

ਚੰਡੀਗੜ੍ਹ, (ਗੁਰਜੀਤ ਬਿੱਲਾ)— ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਕਿਰਤ ਵਿਭਾਗ ਨੇ ਸਾਲ 2024 ਦੌਰਾਨ ਬਹੁਤ ਸਾਰੇ ਲੋਕ ਪੱਖੀ ਕਾਰਜ ਅਮਲ ਵਿੱਚ ਲਿਆਂਦੇ ਹਨ। ਜਿੱਥੇ ਕਿਰਤੀਆਂ ਨੂੰ ਸਰਕਾਰੀ ਸਕੀਮਾਂ ਅਤੇ ਹੋਰ ਨੀਤੀਆਂ ਤੋਂ ਜਾਣੂੰ ਕਰਵਾਉਣ ਲਈ ਪੂਰੇ ਪੰਜਾਬ ਵਿੱਚ ਵਿਸ਼ੇਸ਼ ਕੈਂਪ ਲਗਾਏ ਗਏ, ਉੱਥੇ ਹੀ ਬਹੁਤ ਸਾਰੀਆਂ ਭਲਾਈ ਸਕੀਮਾਂ ਤਹਿਤ ਕਿਰਤੀਆਂ ਨੂੰ ਕਰੋੜਾਂ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ।ਵਧੇਰੇ ਜਾਣਕਾਰੀ ਦਿੰਦਿਆਂ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਦੱਸਿਆ ਕਿ ਕਿਰਤ ਵਿਭਾਗ ਵੱਲੋਂ ਵੱਖ-ਵੱਖ ਐਕਟਾਂ ਅਧੀਨ ਪ੍ਰਦਾਨ ਕੀਤੀਆਂ ਜਾਣ ਵਾਲੀਆਂ ਸਾਰੀਆਂ ਸੇਵਾਵਾਂ/ਉਦਯੋਗਿਕ ਸਕੀਮਾਂ ਨੂੰ ਡਿਜ਼ੀਟਾਈਜ਼ ਕੀਤਾ ਗਿਆ ਹੈ, ਜਿਸ ਵਿੱਚ ਬਿਲਡਿੰਗ ਪਲਾਨ ਨੂੰ ਪ੍ਰਵਾਨਗੀ ਦੇਣਾ, ਫੈਕਟਰੀਆਂ ਦੀ ਰਜਿਸਟ੍ਰੇਸ਼ਨ, ਲਾਇਸੈਂਸ ਲਈ ਮਨਜ਼ੂਰੀ, ਲਾਇਸੈਂਸ ਦਾ ਨਵੀਨੀਕਰਨ, ਲਾਇਸੈਂਸ ਵਿੱਚ ਸੋਧ, ਰਾਤ ਦੀ ਸ਼ਿਫਟ ਵਿੱਚ ਮਹਿਲਾਵਾਂ ਨੂੰ ਰੋਜ਼ਗਾਰ ਦੇਣ ਦੀ ਇਜਾਜ਼ਤ, ਪ੍ਰਿੰਸੀਪਲ ਇੰਪਲਾਇਅਰ ਦੀ ਰਜਿਸਟ੍ਰੇਸ਼ਨ, ਠੇਕੇਦਾਰ ਨੂੰ ਲਾਇਸੈਂਸ ਦੀ ਮਨਜ਼ੂਰੀ, ਵੈਲਫੇਅਰ ਫੰਡ ਦਾ ਭੁਗਤਾਨ, ਪੰਜਾਬ ਲੇਬਰ ਵੈਲਫੇਅਰ ਬੋਰਡ ਦੇ ਲਾਭਾਂ ਸਬੰਧੀ ਦਾਅਵਾ, ਉਸਾਰੀ ਵਾਲੀ ਥਾਂ ਦੀ ਰਜਿਸਟ੍ਰੇਸ਼ਨ, ਟਰੇਡ ਯੂਨੀਅਨਾਂ ਦੀ ਰਜਿਸਟ੍ਰੇਸ਼ਨ, ਕਿਰਤ ਕਾਨੂੰਨਾਂ ਅਧੀਨ ਸਾਲਾਨਾ ਰਿਟਰਨ ਜਮ੍ਹਾਂ ਕਰਵਾਉਣਾ, ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਦੇ ਲਾਭਾਂ ਸਬੰਧੀ ਦਾਅਵਾ, ਦੁਕਾਨ ਅਤੇ ਵਪਾਰਕ ਅਦਾਰੇ ਦੀ ਰਜਿਸਟ੍ਰੇਸ਼ਨ ਆਦਿ ਸ਼ਾਮਲ ਹੈ।ਉਨ੍ਹਾਂ ਕਿਹਾ ਕਿ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਨੇ ਉਸਾਰੀ ਕਿਰਤੀਆਂ ਦੀ ਸਹੂਲਤ ਲਈ ਰਜਿਸਟ੍ਰੇਸ਼ਨ ਫਾਰਮ ਸੁਖਾਲਾ ਕਰਨ ਤੇ ਫਾਰਮ ਨੰਬਰ 27 ਦਾ ਪੰਜਾਬੀ ਅਨੁਵਾਦ ਕਰਨ ਵਰਗੇ ਕਈ ਸੁਧਾਰ ਕੀਤੇ ਹਨ। ਜੇਕਰ ਕਿਸੇ ਮਜ਼ਦੂਰ ਦੀ ਅਰਜ਼ੀ 'ਤੇ ਕੋਈ ਇਤਰਾਜ਼ ਹੁੰਦਾ ਹੈ ਤਾਂ ਇਸ ਦੀ ਜਾਣਕਾਰੀ ਉਸਨੂੰ ਇਕ ਐਸ.ਐਮ.ਐਸ. ਰਾਹੀਂ ਭੇਜੀ ਜਾਂਦੀ ਹੈ ਅਤੇ ਹੁਣ ਲੇਬਰ ਇੰਸਪੈਕਟਰਾਂ ਨੂੰ 14 ਦਿਨਾਂ ਦੇ ਅੰਦਰ ਰਜਿਸਟਰੇਸ਼ਨ/ਨਵੀਨੀਕਰਨ ਸਬੰਧੀ ਅਰਜ਼ੀ 'ਤੇ ਕਾਰਵਾਈ ਕਰਨੀ ਪਵੇਗੀ।ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰਜ਼ ਵੈਲਫੇਅਰ ਬੋਰਡ ਵੱਲੋਂ ਵਜੀਫ਼ਾ ਸਕੀਮ, ਐਲ.ਟੀ.ਸੀ. ਸਕੀਮ ਅਤੇ ਸ਼ਗਨ ਸਕੀਮ ਸਮੇਤ ਵੱਖ-ਵੱਖ ਭਲਾਈ ਸਕੀਮਾਂ ਸਬੰਧੀ ਨਿਯਮਾਂ ਅਤੇ ਸ਼ਰਤਾਂ ਵਿੱਚ ਢਿੱਲ ਦਿੱਤੀ ਗਈ ਹੈ। ਸੌਂਦ ਨੇ ਦੱਸਿਆ ਕਿ ਬੋਰਡ ਨੇ ਨੀਤੀ ਘੜਨ ਅਤੇ ਲਾਗੂਕਰਨ ਲਈ ਸਰੋਚ ਅਵਾਰਡ 2024 ਵੀ ਹਾਸਲ ਕੀਤਾ ਹੈ। ਵਿਭਾਗ ਵੱਲੋਂ ਵਿੱਤੀ ਸਾਲ 2022-2023 ਦੌਰਾਨ 67,549 ਕਾਮਿਆਂ ਨੂੰ ਕੁੱਲ 102.23 ਕਰੋੜ ਰੁਪਏ ਅਤੇ ਵਿੱਤੀ ਸਾਲ 2023-2024 ਦੌਰਾਨ 41,155 ਕਾਮਿਆਂ ਨੂੰ 97.29 ਕਰੋੜ ਰੁਪਏ ਦੀ ਰਾਸ਼ੀ ਵੰਡੀ ਗਈ ਹੈ। ਚਾਲੂ ਵਿੱਤੀ ਸਾਲ ਦੌਰਾਨ ਉਸਾਰੀ ਕਿਰਤੀਆਂ ਨੂੰ ਕੁੱਲ 19.53 ਕਰੋੜ ਰੁਪਏ ਵੰਡੇ ਗਏ ਹਨ।ਕਿਰਤ ਮੰਤਰੀ ਨੇ ਦੱਸਿਆ ਕਿ ਇਸ ਸਾਲ ਦੌਰਾਨ ਪੰਜਾਬ ਲੇਬਰ ਵੈਲਫੇਅਰ ਬੋਰਡ ਨੇ ਵੀ 5145 ਲਾਭਪਾਤਰੀਆਂ ਨੂੰ ਕੁੱਲ 15.36 ਕਰੋੜ ਰੁਪਏ ਦੀ ਰਾਸ਼ੀ ਵੰਡੀ ਹੈ। ਇਸ ਤੋਂ ਇਲਾਵਾ ਕਿਰਤ ਵਿਭਾਗ ਨੇ ਭਾਰਤ ਸਰਕਾਰ ਵੱਲੋਂ ਸ਼ੁਰੂ ਕੀਤੇ ਈ-ਸ਼੍ਰਮ ਪੋਰਟਲ ਤੇ 57,75,402 ਅਸੰਗਠਿਤ ਕਾਮੇ ਰਜਿਸਟਰ ਕੀਤੇ ਹਨ।ਕਿਰਤ ਮੰਤਰੀ ਨੇ ਦੱਸਿਆ ਕਿ ਇਸ ਸਾਲ ਸੂਬੇ ਭਰ ਦੇ ਸਾਰੇ ਜ਼ਿਲ੍ਹਿਆਂ ਵਿੱਚ ਲੇਬਰ ਚੌਂਕਾਂ ਵਿਖੇ ਕਿਰਤੀਆਂ ਦੀ ਰਜਿਸਟ੍ਰੇਸ਼ਨ ਲਈ ਕੈਂਪ ਵੀ ਲਗਾਏ ਗਏ ਹਨ। ਉਨ੍ਹਾਂ ਦੱਸਿਆ ਕਿ ਲਾਭਪਾਤਰੀ ਕਾਰਡਾਂ ਦੀ ਰਜਿਸਟ੍ਰੇਸ਼ਨ/ਨਵੀਨੀਕਰਨ ਅਤੇ ਭਲਾਈ ਸਕੀਮਾਂ ਸਬੰਧੀ ਕਾਮਿਆਂ ਦੇ ਦਿਤਰਾਜ਼ਾਂ ਦਾ ਨਿਪਟਾਰਾ ਕਰਨ ਵਾਸਤੇ ਸਹਾਇਕ ਕਿਰਤ ਕਮਿਸ਼ਨਰ/ਲੇਬਰ ਆਫ਼ਿਸਰਜ਼ ਦੇ ਦਫ਼ਤਰਾਂ ਵਿਖੇ ਹੈਲਪ ਡੈਸਕ ਸਥਾਪਿਤ ਕੀਤੇ ਗਏ ਹਨ।

ਕਿਰਤ ਮੰਤਰੀ ਨੇ ਅੱਗੇ ਦੱਸਿਆ ਕਿ ਵਿਭਾਗ ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਨੂੰ ਸਾਂਝਾ ਕਰਨ ਲਈ ਸਾਲ 2024 ਦੌਰਾਨ ਕਿਰਤ ਵਿਭਾਗ ਦੇ ਵਟਸਐਪ, ਇੰਸਟਾਗ੍ਰਾਮ ਅਤੇ ਫੇਸਬੁੱਕ ਅਕਾਊਂਟ ਵੀ ਬਣਾਏ ਗਏ ਹਨ।

ਪ੍ਰਸ਼ਾਸਕੀ ਕੰਪਲੈਕਸ ਕੰਟੀਨ ਦੇ ਠੇਕੇ ਦੀ ਨਿਲਾਮੀ 2 ਨੂੰ

ਜਲੰਧਰ -(ਇਕਬਾਲ ਸਿੰਘ ਉੱਭੀ)- ਸਥਾਨਕ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਟਾਈਪ 1 ਸੇਵਾ ਕੇਂਦਰ ਵਿਚ ਬਣੀ ਕੰਟੀਨ ਦੇ ਠੇਕੇ ਦੀ ਨਿਲਾਮੀ ਖੁੱਲ੍ਹੀ ਬੋਲੀ ਅਧੀਨ 2 ਜਨਵਰੀ 2025 ਨੂੰ ਕੀਤੀ ਜਾ ਰਹੀ ਹੈ।ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਪਹਿਲਾਂ ਇਹ ਬੋਲੀ 30 ਦਸੰਬਰ 2024 ਨੂੰ ਰੱਖੀ ਗਈ ਸੀ, ਜੋ ਕਿ ਉਕਤ ਮਿਤੀ ਨੂੰ ਪੰਜਾਬ ਬੰਦ ਹੋਣ ਕਰਕੇ ਹੁਣ 2 ਜਨਵਰੀ 2025 ਨੂੰ ਸਵੇਰੇ 11 ਵਜੇ ਵਧੀਕ ਡਿਪਟੀ ਕਮਿਸ਼ਨਰ (ਜ) ਦੀ ਪ੍ਰਧਾਨਗੀ ਹੇਠ ਉਨ੍ਹਾਂ ਦੀ ਅਦਾਲਤ ਕਮਰਾ ਨੰ. 18, ਜ਼ਮੀਨੀ ਮੰਜ਼ਿਲ, ਦਫਤਰ ਡਿਪਟੀ ਕਮਿਸ਼ਨਰ, ਜਲੰਧਰ ਵਿਖੇ ਹੋਵੇਗੀ। ਬੁਲਾਰੇ ਨੇ ਅੱਗੇ ਦੱਸਿਆ ਕਿ ਕੰਟੀਨ (ਟਾਈਪ 1 ਸੇਵਾ ਕੇਂਦਰ ਡੀ.ਏ.ਸੀ.) ਦੇ ਠੇਕੇ ਦੀ ਰਾਖਵੀਂ ਬੋਲੀ (ਮਿਤੀ 03-01-2025 ਤੋਂ 31-03-2026 ਤੱਕ ਲਈ) 1,80,000 ਰੁਪਏ ਰੱਖੀ ਗਈ ਹੈ ਅਤੇ 50,000 ਰੁਪਏ ਸਕਿਓਰਟੀ ਦੀ ਰਕਮ ਹੋਵੇਗੀ।ਹਰ ਬੋਲੀਕਾਰ ਨੂੰ ਬੋਲੀ ਵਿਚ ਸ਼ਾਮਿਲ ਹੋਣ ਲਈ ਆਪਣੀ ਦਰਖਾਸਤ ਅਤੇ ਸਕਿਓਰਿਟੀ ਰਕਮ ਦਾ ਬੈਂਕ ਡ੍ਰਾਫ਼ਟ, ਜੋ ਡੀ.ਸੀ.-ਕਮ-ਚੇਅਰਮੇਨ ਓ ਐਂਡ ਐਮ ਸੁਸਾਇਟੀ, ਜਲੰਧਰ ਦੇ ਪੱਖ ਵਿਚ ਹੋਵੇ, ਦਫ਼ਤਰ ਡਿਪਟੀ ਕਮਿਸ਼ਨਰ, ਜਲੰਧਰ, (ਨਜ਼ਾਰਤ ਸ਼ਾਖਾ) ਕਮਰਾ ਨੰ. 123 ਪਹਿਲੀ ਮੰਜ਼ਿਲ, ਡੀ.ਏ.ਸੀ., ਜਲੰਧਰ ਵਿਚ ਬੋਲੀ ਦੀ ਮਿਤੀ ਤੋਂ ਇੱਕ ਦਿਨ ਪਹਿਲਾਂ ਜਮ੍ਹਾ ਕਰਾਉਣਾ ਹੋਵੇਗਾ।ਇਸ ਬੋਲੀ ਦੀਆਂ ਸ਼ਰਤਾਂ ਦਫ਼ਤਰ, ਡਿਪਟੀ ਕਮਿਸ਼ਨਰ (ਨਜ਼ਾਰਤ ਸ਼ਾਖਾ) ਕਮਰਾ ਨੰ. 123,ਪਹਿਲੀ ਮੰਜ਼ਿਲ, ਡੀ.ਏ.ਸੀ. ਜਲੰਧਰ ਵਿਖੇ ਕੰਮ ਵਾਲੇ ਦਿਨ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਦੇਖੀਆਂ ਜਾ ਸਕਦੀਆਂ ਹਨ। ਇਸ ਨਿਲਾਮੀ ਨੋਟਿਸ ਨਾਲ ਸਬੰਧਤ ਜੇਕਰ ਕੋਈ ਕੋਰੀਜੰਡਮ/ਸੋਧ ਹੋਈ ਤਾਂ ਜਲੰਧਰ ਦੀ ਵੈਬਸਾਈਟ (www.jalandhar.nic.in) 'ਤੇ ਹੀ ਅਪਲੋਡ ਕੀਤੀ ਜਾਵੇਗੀ ਤੇ ਇਸ ਸਬੰਧੀ ਵੱਖਰੇ ਤੌਰ 'ਤੇ ਕੋਈ ਇਸ਼ਤਿਹਾਰ ਜ